ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 24 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੧੦ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਲੁਧਿਆਣਾ ਤੋਂ ਸੰਜੀਵ ਅਰੋੜਾ ਦੀ ਹੋਈ ਸ਼ਾਨਦਾਰ ਜਿੱਤ

# ਆਸ਼ੂ ਨੂੰ 10637 ਵੋਟਾਂ ਨਾਲ ਹਰਾਇਆ

**ਲੁਧਿਆਣਾ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ (ਆਪ) ਨੇ ਲੁਧਿਆਣਾ ਪੱਛਮੀ ਵਿਧਾਨ ਸਭਾ ਸੀਟ 'ਤੇ ਹੋਈ ਉਪ ਚੋਣ ਜਿੱਤ ਲਈ ਹੈ। 'ਆਪ' ਉਮੀਦਵਾਰ ਸੰਜੀਵ ਅਰੋੜਾ ਨੇ ਕਾਂਗਰਸ ਦੇ ਭਾਰਤ ਭੂਸ਼ਣ ਆਸ਼ੂ ਨੂੰ 10637 ਵੋਟਾਂ ਨਾਲ ਹਰਾਇਆ। ਹਾਲਾਂਕਿ, ਰਸਮੀ ਐਲਾਨ ਅਜੇ ਹੋਣਾ ਬਾਕੀ ਹੈ। ਵਰਕਰ ਜਸ਼ਨ ਮਨਾ ਰਹੇ ਹਨ। ਹੁਣ ਰੋਡ ਸ਼ੋਅ ਦੀਆਂ ਤਿਆਰੀਆਂ ਜਾਰੀ ਹਨ। ਇਸ ਦੇ ਨਾਲ ਹੀ ਭਾਜਪਾ ਦੇ ਜੀਵਨ ਗੁਪਤਾ ਤੀਜੇ ਸਥਾਨ 'ਤੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪਰਉਪਕਾਰ ਸਿੰਘ ਘੁੰਮਣ ਚੌਥੇ ਸਥਾਨ 'ਤੇ ਰਹੇ। ਇਹ ਗਿਣਤੀ ਖਾਲਸਾ ਕਾਲਜ ਫਾਰ ਵੂਮੈਨ ਦੇ ਆਡੀਟੋਰੀਅਮ ਵਿੱਚ ਹੋਈ।



ਪਹਿਲਾਂ ਪੋਸਟਲ ਬੈਲਟ ਦੀ ਗਿਣਤੀ ਕੀਤੀ ਗਈ। ਇਸ ਤੋਂ ਬਾਅਦ, ਈਵੀਐਮ ਤੋਂ ਵੋਟਾਂ ਦੀ ਗਿਣਤੀ ਕੀਤੀ ਗਈ। 'ਆਪ' ਦੀ ਲੀਡ 3 ਦੌਰਾਂ ਤੱਕ ਲਗਾਤਾਰ ਵਧਦੀ ਰਹੀ, ਪਰ ਚੌਥੇ, ਪੰਜਵੇਂ ਅਤੇ ਛੇਵੇਂ ਦੌਰ ਵਿੱਚ ਘੱਟਦੀ ਗਈ। ਤਿੰਨਾਂ ਹੀ ਦੌਰਾਂ ਵਿੱਚ, ਕਾਂਗਰਸ ਦੇ ਉਮੀਦਵਾਰ ਨੂੰ ਸਭ ਤੋਂ ਵੱਧ ਵੋਟਾਂ ਮਿਲੀਆਂ। 3 ਦੌਰਾਂ ਵਿੱਚ 'ਆਪ' ਦੀ ਲੀਡ ਘਟਣ ਤੋਂ ਬਾਅਦ ਇਹ 7ਵੇਂ ਤੋਂ ਫਿਰ ਵਧਣੀ ਸ਼ੁਰੂ ਹੋ ਗਈ। ਦੱਸ ਦਈਏ ਕਿ ਇਸ ਸੀਟ 'ਤੇ ਉਪ ਚੋਣ ਲਈ ਵੋਟਿੰਗ 19 ਜੂਨ ਨੂੰ ਹੋਈ ਸੀ, ਜਿਸ ਵਿੱਚ 51.33% ਵੋਟਰਾਂ ਨੇ ਵੋਟ ਪਾਈ। 'ਆਪ' ਉਮੀਦਵਾਰ ਗੁਰਪ੍ਰੀਤ ਗੋਗੀ ਨੇ 2022 ਵਿੱਚ ਇਹ ਸੀਟ ਜਿੱਤੀ ਸੀ। ਹਾਲਾਂਕਿ, ਕੁਝ ਮਹੀਨੇ ਪਹਿਲਾਂ ਗੋਲੀ ਲੱਗਣ ਨਾਲ ਉਨ੍ਹਾਂ ਦੀ ਮੌਤ ਹੋ ਗਈ ਸੀ। ਇਸ ਤੋਂ ਬਾਅਦ ਇੱਥੇ ਉਪ ਚੋਣ ਹੋਈ ਸੀ। ਸੰਜੀਵ ਅਰੋੜਾ ਰਾਜ ਸਭਾ ਮੈਂਬਰ ਹਨ। ਹੁਣ ਵਿਧਾਇਕ ਬਣਨ ਤੋਂ ਬਾਅਦ ਉਨ੍ਹਾਂ ਨੂੰ ਰਾਜ ਸਭਾ ਸੀਟ ਛੱਡਣੀ ਪਵੇਗੀ। ਅਜਿਹੀ ਸਥਿਤੀ ਵਿੱਚ, ਚਰਚਾ ਹੈ ਕਿ 'ਆਪ' ਸੁਪਰੀਮੋ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਉਨ੍ਹਾਂ ਦੀ ਜਗ੍ਹਾ ਰਾਜ ਸਭਾ ਜਾ ਸਕਦੇ ਹਨ। ਗੁਜਰਾਤ ਦੀ ਵਿਸਾਵਦਰ ਉਪ ਚੋਣਾਂ ਲਈ ਵੋਟਾਂ ਦੀ ਗਿਣਤੀ ਸੋਮਵਾਰ ਨੂੰ ਹੋਈ। ਇਸ ਉਪ ਚੋਣ ਵਿੱਚ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਗੋਪਾਲ ਇਟਾਲੀਆ ਨੇ ਵਿਸਾਵਦਰ ਸੀਟ ਜਿੱਤੀ ਹੈ। ਚੋਣ ਕਮਿਸ਼ਨ ਦੁਆਰਾ ਸਾਂਝੇ ਕੀਤੇ ਗਏ ਅੰਕੜਿਆਂ ਅਨੁਸਾਰ, ਗਿਣਤੀ ਦੇ ਦੋ ਪੜਾਵਾਂ ਵਿੱਚ ਇਟਾਲੀਆ ਨੂੰ 75906 ਵੋਟਾਂ ਮਿਲੀਆਂ, ਜਦੋਂ ਕਿ ਉਨ੍ਹਾਂ ਦੇ ਨਜ਼ਦੀਕੀ ਵਿਰੋਧੀ ਤੇ ਭਾਜਪਾ ਉਮੀਦਵਾਰ ਕਿਰੀਟ ਪਟੇਲ ਨੂੰ 58325 ਵੋਟਾਂ ਮਿਲੀਆਂ।




## 'ਲੁਧਿਆਣਾ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਦੀ ਸ਼ਰਮਨਾਕ ਹਾਰ, ਲੋਕ ਫ਼ਤਵੇ ਨੂੰ ਕਬੂਲਦੇ ਹੋਏ ਹੁਣ ਪਾਰਟੀ ਕਰ ਦੇਣੀ ਚਾਹੀਦੀ 'ਪੰਥ' ਹਵਾਲੇ'

**ਲੁਧਿਆਣਾ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪਰਉਪਕਾਰ ਸਿੰਘ ਘੁੰਮਣ ਦੀ ਹੋਈ ਸ਼ਰਮਨਾਕ ਹਾਰ ਤੇ ਸ਼੍ਰੋਮਣੀ ਅਕਾਲੀ ਦਲ ਦੇ ਹਿਤੈਸ਼ੀ ਆਗੂਆਂ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਤੇ ਪਰਮਿੰਦਰ ਸਿੰਘ ਢੀਂਡਸਾ ਨੇ ਡੂੰਘੀ ਚਿੰਤਾ ਜਾਹਿਰ ਕੀਤੀ ਹੈ। ਮੀਡੀਆ ਨੂੰ ਜਾਰੀ ਆਪਣੇ ਬਿਆਨ ਵਿੱਚ ਦੋਹਾਂ ਆਗੂਆਂ ਨੇ ਕਿਹਾ ਕਿ ਹਲਕੇ ਵਿੱਚ ਚੋਖੀ ਸਿੱਖ ਵੋਟਰ ਦੀ ਗਿਣਤੀ ਦੇ ਬਾਵਜੂਦ ਪੰਥ ਦੀ ਨੁਮਾਇਦਾ ਜਮਾਤ, 'ਜੋ ਹੁਣ ਧੜੇ ਦੇ ਰੂਪ ਵਿੱਚ ਹੈ' ਦੇ ਉਮਦੀਵਾਰ ਦੀ ਸ਼ਰਮਨਾਕ ਹਾਰ ਅਤੇ ਜਮਾਨਤ ਤੱਕ ਜ਼ਬਤ ਹੋਣਾ ਸਾਫ ਕਰਦਾ ਹੈ ਕਿ ਸਿੱਖ ਵੋਟਰ ਬਹੁਤ ਜ਼ਿਆਦਾ ਨਰਾਜ਼ ਹੈ। ਜੋ ਵੋਟ ਪਈ ਉਸ ਵੋਟ ਵਿੱਚ ਵੀ ਉਮੀਦਵਾਰ ਦੇ ਕਿਰਦਾਰ ਤੇ ਕੰਮਾਂ ਦੀ ਵੀ ਵੱਡੇ ਹਿੱਸੇ ਦੀ ਵੋਟ ਸ਼ਾਮਲ ਹੈ ਕਿਉਂਕਿ ਜਿੱਥੇ ਉਹ ਬਾਰ ਦੇ ਪੰਜ ਵਾਰ ਪ੍ਰਧਾਨ ਰਹੇ ਉੱਥੇ ਓਹਨਾ ਕਈ ਵੱਡੇ ਕੇਸਾਂ ਵਿੱਚ ਵੀ ਮੁਫਤ ਕੇਸ ਲੜਕੇ ਇਨਸਾਫ਼ ਦੁਆਇਆ ਸੀ। ਸ਼੍ਰੋਮਣੀ ਅਕਾਲ਼ੀ ਦਲ ਦਾ ਕੋਈ ਵੀ ਨੁਮਾਇਦਾ ਸ੍ਰੀ ਅਕਾਲ ਤਖ਼ਤ ਸਾਹਿਬ ਤੋ ਭਗੌੜੇ ਹੋਵੇ, ਇਹ ਸਿੱਖ ਸੰਗਤ ਤੇ ਪੰਜਾਬੀਆਂ ਨੂੰ ਕਦੇ ਵੀ ਬਰਦਾਸ਼ਤ ਨਹੀ ਹੈ ਇਸ ਲਈ ਬਿਨਾ ਦੇਰ ਕੀਤੇ ਤੁਰੰਤ ਪੰਥ ਦੀ ਨੁਮਾਇੰਦਾ ਜਮਾਤ (ਸ਼੍ਰੋਮਣੀ ਅਕਾਲੀ ਦਲ) ਪੰਥ ਹਵਾਲੇ ਕਰਨੀ ਚਾਹੀਦੀ ਹੈ। ਰੱਖੜਾ ਨੇ ਕਿਹਾ ਕਿ ਸੁਖਬੀਰ ਬਾਦਲ ਨੂੰ ਜਨਤਾ ਦੇ ਫਤਵੇ ਦਾ ਸਤਿਕਾਰ ਕਰਨਾ ਚਾਹੀਦਾ ਹੈ। ਜ਼ਿਦ, ਹੱਠ ਨਾਲ ਕਦੇ ਕੋਈ ਆਦਮੀ ਕਾਮਯਾਬ ਨਹੀਂ ਹੋ ਸਕਦਾ।

## ਲੁਧਿਆਣਾ ਜ਼ਿਮਨੀ ਚੋਣ ਹਾਰ ਦੀ ਰਾਜਾ ਵੜਿੰਗ ਲਈ ਜ਼ਿੰਮੇਵਾਰੀ

**ਲੁਧਿਆਣਾ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਪੱਛਮੀ ਵਿਧਾਨ ਸਭਾ ਸੀਟ 'ਤੇ ਹੋਈ ਜ਼ਿਮਨੀ ਚੋਣ ਦੇ ਨਤੀਜਿਆਂ ਵਿਚ ਆਮ ਆਦਮੀ ਪਾਰਟੀ ਦੀ ਵੱਡੀ ਜਿੱਤ ਹੋਈ ਹੈ। 'ਆਪ' ਉਮੀਦਵਾਰ ਸੰਜੀਵ ਅਰੋੜਾ ਨੇ ਕਾਂਗਰਸ ਦੇ ਭਾਰਤ ਭੂਸ਼ਣ ਆਸ਼ੂ ਨੂੰ 10637 ਵੋਟਾਂ ਨਾਲ ਹਰਾਇਆ ਹੈ। ਇਸ ਦੇ ਨਾਲ ਹੀ ਭਾਜਪਾ ਦੇ ਜੀਵਨ ਗੁਪਤਾ ਤੀਜੇ ਸਥਾਨ 'ਤੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪਰਉਪਕਾਰ ਸਿੰਘ ਘੁੰਮਣ ਚੌਥੇ ਸਥਾਨ 'ਤੇ ਰਹੇ ਹਨ। ਚੋਣ ਨਤੀਜੇ ਵਿਚ ਮਿਲੀ ਹਾਰ ਮਗਰੋਂ ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਹਾਰ ਨੂੰ ਸਵੀਕਾਰ ਕਰਦੇ ਹੋਏ ਰਾਜਾ ਵੜਿੰਗ ਨੇ ਕਿਹਾ ਕਿ ਅਸੀਂ ਬਹੁਤ ਵਧੀਆ ਕਰ ਸਕਦੇ ਸੀ। ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਕਿ ਮੈਂ ਲੁਧਿਆਣਾ ਪੱਛਮੀ ਵਿੱਚ ਕਾਂਗਰਸੀ ਵਰਕਰਾਂ ਦੀ ਸ਼ਲਾਘਾ ਕਰਦਾ ਹਾਂ, ਜਿਨ੍ਹਾਂ ਨੇ ਸਾਰੀਆਂ ਮੁਸ਼ਕਿਲਾਂ ਦੇ ਵਿਰੁੱਧ ਸਭ ਤੋਂ ਵਧੀਆ ਲੜਾਈ ਲੜੀ ਜਦਕਿ ਇਹ ਪੂਰੀ ਸਰਕਾਰੀ ਮਸ਼ੀਨਰੀ ਦੇ ਵਿਰੁੱਧ ਸੀ। ਹਾਰ ਨੂੰ ਸਵੀਕਾਰ ਕਰਦੇ ਹੋਏ ਰਾਜਾ ਵੜਿੰਗ ਨੇ ਕਿਹਾ ਕਿ ਲੁਧਿਆਣਾ ਚੋਣ ਹਾਰਨ ਦਾ ਸਾਨੂੰ ਬੇਹੱਦ ਅਫ਼ਸੋਸ ਹੈ। ਸਾਨੂੰ ਆਪਣੇ ਆਪ ਵਿਚ ਪੜਚੋਲ ਕਰਨ ਦੀ ਲੋੜ ਹੈ ਅਤੇ ਆਉਣ ਵਾਲੇ ਦਿਨਾਂ ਵਿਚ ਹਾਰ 'ਤੇ ਮੰਥਨ ਕੀਤਾ ਜਾਵੇਗਾ। ਮੈਨੂੰ ਜਿੱਥੇ ਬੁਲਾਇਆ ਗਿਆ ਮੈਂ ਪ੍ਰਚਾਰ ਲਈ ਗਿਆ ਸੀ। ਜੇਕਰ 1-1 ਇਕੱਠੇ ਹੁੰਦੇ ਹਨ ਤਾਂ 11 ਹੋ ਜਾਂਦੇ ਹਨ। ਆਖਰਕਾਰ ਇਹ ਸਿਰਫ਼ ਇਕ ਉਪ-ਚੋਣ ਸੀ। ਸਾਡੀ ਲੜਾਈ ਜਾਰੀ ਰਹੇਗੀ ਅਤੇ ਅਸੀਂ ਇਸ ਨੂੰ 2027 ਵਿੱਚ ਤਰਕਪੂਰਨ ਸਿੱਟੇ 'ਤੇ ਲੈ ਜਾਵਾਂਗੇ। ਅਸੀਂ ਇਕ ਗੰਭੀਰ ਅੰਦਰੂਨੀ ਆਤਮ-ਨਿਰੀਖਣ ਵੀ ਕਰਾਂਗੇ ਕਿਉਂਕਿ ਸਾਡਾ ਮੰਨਣਾ ਹੈ ਕਿ ਅਸੀਂ ਬਹੁਤ ਵਧੀਆ ਕਰ ਸਕਦੇ ਸੀ।



## ਪਾਕਿਸਤਾਨੀ ਫੌਜ ਮੁਖੀ ਆਸਿਮ ਮੁਨੀਰ ਨੇ ਈਰਾਨ ਦੇ ਕਮਾਂਡਰ ਦੀ ਲੋਕੇਸ਼ਨ ਕੀਤੀ ਲੀਕ ਫਿਰ ਕੀਤਾ ਇਜ਼ਰਾਈਲ ਨੇ ਹਮਲਾ, ਰਿਪੋਰਟਾਂ 'ਚ ਵੱਡਾ ਖੁਲਾਸਾ

**ਇਸਲਾਮਾਬਾਦ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਇਜ਼ਰਾਈਲ ਅਤੇ ਈਰਾਨ ਵਿਚਕਾਰ ਜੰਗ ਵਿੱਚ ਪਾਕਿਸਤਾਨ ਵਾਰ-ਵਾਰ ਇਜ਼ਰਾਈਲ ਵਿਰੁੱਧ ਬਿਆਨ ਦੇ ਕੇ ਈਰਾਨ ਨੂੰ ਸਮਰਥਨ ਦਿਖਾਉਣ ਦੀ ਕੋਸ਼ਿਸ਼ ਕਰ ਰਿਹਾ ਹੈ, ਪਰ ਈਰਾਨੀ ਸੂਤਰਾਂ ਅਨੁਸਾਰ, ਪਾਕਿਸਤਾਨ ਨੇ ਈਰਾਨ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਪਾਕਿਸਤਾਨੀ ਫੌਜ ਮੁਖੀ ਅਤੇ ਫੀਲਡ ਮਾਰਸ਼ਲ ਅਸੀਮ ਮੁਨੀਰ ਦਾ ਨਾਮ ਈਰਾਨ ਦੇ ਚੋਟੀ ਦੇ ਕਮਾਂਡਰ ਮੁਹੰਮਦ ਹੁਸੈਨ ਦੇ ਕਤਲ ਵਿੱਚ ਆਇਆ ਹੈ, ਜੋ 13 ਜੂਨ ਨੂੰ ਮਾਰਿਆ ਗਿਆ ਸੀ। ਉਸ 'ਤੇ ਅਮਰੀਕਾ ਅਤੇ ਇਜ਼ਰਾਈਲ ਨਾਲ ਕਮਾਂਡਰ ਦੀ ਸਥਿਤੀ ਸਾਂਝੀ ਕਰਨ ਦਾ ਦੋਸ਼ ਹੈ। ਈਰਾਨੀ ਸੂਤਰਾਂ ਦਾ ਦਾਅਵਾ ਹੈ ਕਿ ਪਾਕਿਸਤਾਨ ਈਰਾਨ ਤੇ ਇਜ਼ਰਾਈਲ ਵਿਚਕਾਰ ਜੰਗ ਵਿੱਚ ਦੋਹਰੀ ਖੇਡ ਖੇਡ ਰਿਹਾ ਹੈ, ਉਹ ਈਰਾਨ ਅਤੇ ਪੱਛਮ ਦੋਵਾਂ ਨਾਲ ਸਬੰਧ ਬਣਾਈ ਰੱਖਣਾ ਚਾਹੁੰਦਾ ਹੈ। ਸੂਤਰਾਂ ਦਾ ਦਾਅਵਾ ਹੈ ਕਿ ਮੁਹੰਮਦ ਹੁਸੈਨ ਦੇ ਕਤਲ ਤੋਂ ਪਹਿਲਾਂ, ਅਸੀਮ ਮੁਨੀਰ ਮਈ ਦੇ ਅੰਤ ਵਿੱਚ ਉਸਨੂੰ ਮਿਲਿਆ ਸੀ ਅਤੇ ਉਸਨੂੰ ਇੱਕ ਸਮਾਰਟਵਾਚ ਵੀ ਤੋਹਫ਼ੇ ਵਿੱਚ ਦਿੱਤੀ ਸੀ। ਈਰਾਨੀ ਮੀਡੀਆ ਦਾ ਕਹਿਣਾ ਹੈ ਕਿ ਇਸ ਸਮਾਰਟਵਾਚ ਵਿੱਚ ਇੱਕ GPS ਟਰੈਕਰ ਸੀ, ਜਿਸ ਕਾਰਨ ਇਜ਼ਰਾਈਲੀ ਫੌਜ ਨੂੰ ਮੁਹੰਮਦ ਹੁਸੈਨ ਦੀ ਲੋਕੇਸ਼ਨ ਮਿਲ ਗਈ, ਜਿਸ ਕਾਰਨ ਉਹ ਉਸ 'ਤੇ ਸਹੀ ਢੰਗ ਨਾਲ ਹਮਲਾ ਕਰਨ ਦੇ ਯੋਗ ਸੀ। 13 ਜੂਨ ਨੂੰ ਹੋਏ ਹਮਲੇ ਵਿੱਚ ਮੁਹੰਮਦ ਹੁਸੈਨ ਦੇ ਦੋ ਡਿਪਟੀ ਵੀ ਮਾਰੇ ਗਏ ਸਨ। ਸੂਤਰਾਂ ਦਾ ਇਹ ਵੀ ਕਹਿਣਾ ਹੈ ਕਿ ਮੁਹੰਮਦ ਹੁਸੈਨ ਨੂੰ ਮਿਲਣ ਤੋਂ ਬਾਅਦ, ਅਸੀਮ ਮੁਨੀਰ ਨੇ ਗੁਪਤ ਰੂਪ ਵਿੱਚ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਵੀ ਮੁਲਾਕਾਤ ਕੀਤੀ। ਈਰਾਨ ਅਤੇ ਇਜ਼ਰਾਈਲ ਵਿਚਕਾਰ ਟਕਰਾਅ ਲਗਭਗ 10 ਦਿਨਾਂ ਤੋਂ ਚੱਲ ਰਿਹਾ ਹੈ। ਈਰਾਨੀ ਸਿਹਤ ਮੰਤਰਾਲੇ ਦੇ ਅਨੁਸਾਰ, ਇਜ਼ਰਾਈਲੀ ਹਮਲਿਆਂ ਵਿੱਚ ਹੁਣ ਤੱਕ 400 ਤੋਂ ਵੱਧ ਈਰਾਨੀ ਨਾਗਰਿਕਾਂ ਦੀ ਜਾਨ ਜਾ ਚੁੱਕੀ ਹੈ, ਜਦੋਂ ਕਿ 3,500 ਲੋਕ ਜ਼ਖਮੀ ਹੋਏ ਹਨ। ਮ੍ਰਿਤਕਾਂ ਵਿੱਚ ਈਰਾਨੀ ਫੌਜ ਦੇ ਚੋਟੀ ਦੇ ਕਮਾਂਡਰ ਅਤੇ ਪ੍ਰਮਾਣੂ ਵਿਗਿਆਨੀ ਵੀ ਸ਼ਾਮਲ ਹਨ। ਇਜ਼ਰਾਈਲੀ ਫੌਜ ਨੇ 13 ਜੂਨ ਨੂੰ ਈਰਾਨ 'ਤੇ ਹਮਲਾ ਕੀਤਾ ਸੀ। ਇਸ ਵਿੱਚ ਕਿਹਾ ਗਿਆ ਹੈ ਕਿ ਇਹ ਕਦਮ ਈਰਾਨ ਨੂੰ ਪ੍ਰਮਾਣੂ ਹਥਿਆਰ ਬਣਾਉਣ ਤੋਂ ਰੋਕਣ ਲਈ ਚੁੱਕਿਆ ਗਿਆ ਸੀ। ਹਮਲੇ ਤੋਂ ਬਾਅਦ, ਇਜ਼ਰਾਈਲੀ ਰਾਸ਼ਟਰਪਤੀ ਬੈਂਜਾਮਿਨ ਨੇਤਨਯਾਹੂ ਨੇ ਕਿਹਾ ਕਿ ਈਰਾਨ ਤੇਜ਼ੀ ਨਾਲ ਪ੍ਰਮਾਣੂ ਪ੍ਰੋਗਰਾਮ 'ਤੇ ਕੰਮ ਕਰ ਰਿਹਾ ਹੈ ਤੇ ਤਿੰਨ ਸਾਲਾਂ ਵਿੱਚ 10,000 ਬੈਲਿਸਟਿਕ ਮਿਜ਼ਾਈਲਾਂ ਬਣਾਏਗਾ। ਚਿੰਤਾ ਪ੍ਰਗਟ ਕਰਦੇ ਹੋਏ, ਉਨ੍ਹਾਂ ਕਿਹਾ ਕਿ ਜੇਕਰ ਈਰਾਨ ਨੇ ਇਹ ਮਿਜ਼ਾਈਲਾਂ ਛੋਟੇ ਇਜ਼ਰਾਈਲ 'ਤੇ ਦਾਗੀਆਂ ਤਾਂ ਕੀ ਹੋਵੇਗਾ।



## ਭਾਰੀ ਬੈਗ, ਝੁਕੇ ਹੋਏ ਮੋਢੇ... !ਮੈਟਰੋ ਤੋਂ ਉਤਰੇ ਸਾਬਕਾ ਪ੍ਰਧਾਨ ਮੰਤਰੀ ਨੇ ਹੈਰਾਨ ਕਰ'ਤੇ ਸਾਰੇ

**ਲੰਡਨ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਅਕਸਰ ਦੇਖਿਆ ਜਾਂਦਾ ਹੈ ਕਿ ਜਦੋਂ ਕੋਈ ਵਿਅਕਤੀ ਕਿਸੇ ਉੱਚ ਅਹੁਦੇ 'ਤੇ ਪਹੁੰਚਦਾ ਹੈ ਤਾਂ ਉਸਦੀ ਜੀਵਨ ਸ਼ੈਲੀ ਵੀ ਬਦਲ ਜਾਂਦੀ ਹੈ। ਦੂਜੇ ਪਾਸੇ, ਜੇ ਉਹ ਇੱਕ ਨੇਤਾ ਹੈ ਤਾਂ ਕੀ ਕਹਿਣੇ, ਵਾਹਨਾਂ ਦਾ ਕਾਫਲਾ, ਬਾਡੀਗਾਰਡ ਅਤੇ ਠਾਠ-ਬਾਠ ਅਤੇ ਦਿਖਾਵਾ ਸਭ ਆਮ ਹਨ। ਪਰ ਇਸ ਵਾਰ ਇੱਕ ਵੀਡੀਓ ਸਾਹਮਣੇ ਆਇਆ ਹੈ ਜਿਸ ਨੇ ਲੋਕਾਂ ਦਾ ਧਿਆਨ ਆਪਣੇ ਵੱਲ ਖਿੱਚਿਆ ਹੈ।



ਇਹ ਵੀਡੀਓ ਸਾਬਕਾ ਬ੍ਰਿਟਿਸ਼ ਪ੍ਰਧਾਨ ਮੰਤਰੀ ਬੋਰਿਸ ਜੌਨਸਨ ਦਾ ਹੈ। ਉਹ ਲੰਡਨ ਦੀ ਮੈਟਰੋ ਵਿੱਚ ਯਾਤਰਾ ਕਰਦੇ ਦਿਖਾਈ ਦਿੱਤੇ। ਖਾਸ ਗੱਲ ਇਹ ਸੀ ਕਿ ਉਨ੍ਹਾਂ ਨਾਲ ਨਾ ਤਾਂ ਕੋਈ ਸੁਰੱਖਿਆ ਦਿਖਾਈ ਦਿੱਤੀ ਅਤੇ ਨਾ ਹੀ ਕੋਈ ਸਰਕਾਰੀ ਅਧਿਕਾਰੀ। ਮੈਟਰੋ ਤੋਂ ਉਤਰਦੇ ਸਮੇਂ, ਉਨ੍ਹਾਂ ਨੇ ਖੁਦ ਆਪਣਾ ਬੈਗ ਚੁੱਕਿਆ ਅਤੇ ਇੱਕ ਆਮ ਆਦਮੀ ਵਾਂਗ ਤੁਰਦੇ ਦਿਖਾਈ ਦਿੱਤੇ।

ਇਹ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ। ਕਈ ਉਪਭੋਗਤਾਵਾਂ ਨੇ ਇਸਨੂੰ ਸਾਦਗੀ ਦੀ ਉਦਾਹਰਣ ਕਿਹਾ ਹੈ। ਕੁਝ ਲੋਕਾਂ ਨੇ ਇਸ ਵੀਡੀਓ ਦੀ ਤੁਲਨਾ ਭਾਰਤ ਦੇ ਨੇਤਾਵਾਂ ਨਾਲ ਕੀਤੀ ਅਤੇ ਕਿਹਾ ਕਿ 'ਇਹ ਸਾਬਕਾ ਬ੍ਰਿਟਿਸ਼ ਪ੍ਰਧਾਨ ਮੰਤਰੀ ਬੋਰਿਸ ਜੌਨਸਨ ਹੈ, ਜੋ ਬੈਗ ਲੈ ਕੇ ਟ੍ਰੇਨ ਤੋਂ ਉਤਰ ਰਿਹਾ ਹੈ।' ਇੱਥੇ ਭਾਰਤ ਵਿੱਚ, ਜੇਕਰ ਕੋਈ ਵਿਅਕਤੀ ਪੰਚਾਇਤ ਮੈਂਬਰ ਬਣ ਜਾਂਦਾ ਹੈ, ਤਾਂ ਉਹ ਅਤੇ ਉਸਦੀ ਅਗਲੀ ਪੀੜ੍ਹੀ ਸਕਾਰਪੀਓ ਕਾਰ ਵਿੱਚ ਘੁੰਮ ਰਹੀ ਹੋਵੇਗੀ।'

ਇੱਕ ਯੂਜ਼ਰ ਨੇ ਲਿਖਿਆ, 'ਭਾਰਤ ਵਿੱਚ, ਜੇਕਰ ਕਿਸੇ ਵਿਅਕਤੀ ਨੂੰ ਇੱਕ ਛੋਟਾ ਜਿਹਾ ਅਹੁਦਾ ਵੀ ਮਿਲਦਾ ਹੈ, ਤਾਂ ਉਹ ਵੀਆਈਪੀ ਬਣ ਜਾਂਦਾ ਹੈ, ਪਰ ਇਹ ਦੇਸ਼ ਦਾ ਸਾਬਕਾ ਪ੍ਰਧਾਨ ਮੰਤਰੀ ਹੈ ਅਤੇ ਉਹ ਆਪਣਾ ਬੈਗ ਚੁੱਕ ਰਿਹਾ ਹੈ!'

**ਕੌਣ ਹਨ ਬੋਰਿਸ ਜੌਨਸਨ**

ਬੋਰਿਸ ਜੌਨਸਨ ਬ੍ਰਿਟੇਨ ਦੀ ਕੰਜ਼ਰਵੇਟਿਵ ਪਾਰਟੀ ਦੇ ਨੇਤਾ ਅਤੇ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਹਨ। ਉਹ ਜੁਲਾਈ 2019 ਵਿੱਚ ਪਹਿਲੀ ਵਾਰ ਪ੍ਰਧਾਨ ਮੰਤਰੀ ਬਣੇ ਅਤੇ ਫਿਰ ਦਸੰਬਰ 2019 ਵਿੱਚ ਦੁਬਾਰਾ ਚੁਣੇ ਗਏ। ਪਰ ਉਨ੍ਹਾਂ ਦਾ ਕਾਰਜਕਾਲ ਜ਼ਿਆਦਾ ਦੇਰ ਨਹੀਂ ਚੱਲ ਸਕਿਆ। ਉਨ੍ਹਾਂ ਦੇ ਆਪਣੇ ਹੀ ਮੰਤਰੀ ਮੰਡਲ ਵਿੱਚ ਉਨ੍ਹਾਂ ਵਿਰੁੱਧ ਬਗਾਵਤ ਹੋਈ ਅਤੇ ਦੋ ਦਿਨਾਂ ਵਿੱਚ ਲਗਭਗ 40 ਮੰਤਰੀਆਂ ਨੇ ਅਸਤੀਫਾ ਦੇ ਦਿੱਤਾ। ਇਸ ਕਾਰਨ ਉਨ੍ਹਾਂ ਨੂੰ ਕੁਰਸੀ ਵੀ ਛੱਡਣੀ ਪਈ।

## ਸ਼੍ਰੋਮਣੀ ਅਕਾਲੀ ਦਲ ਵੱਲੋਂ DSGMC 'ਚ ਸਰਕਾਰੀ ਦਖਲ-ਅੰਦਾਜ਼ੀ ਦਾ ਤਿੱਖਾ ਵਿਰੋਧ, ਦੋ ਮੈਂਬਰਾਂ ਨੇ ਦਿੱਲੀ ਕਮੇਟੀ ਦੀ ਮੈਂਬਰਸ਼ਿਪ ਤੋਂ ਦਿੱਤਾ ਅਸਤੀਫਾ



**ਨਵੀਂ ਦਿੱਲੀ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਦਿੱਲੀ ਇਕਾਈ) ਦੇ ਸੀਨੀਅਰ ਆਗੂਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇੱਕ ਪੱਤਰ ਲਿਖ ਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (DSGMC) ਤੋਂ ਆਪਣੇ ਸਮੂਹਿਕ ਅਸਤੀਫ਼ੇ ਦਾ ਐਲਾਨ ਕੀਤਾ ਹੈ। ਉਨ੍ਹਾਂ ਨੇ ਇਹ ਕਦਮ ਦਿੱਲੀ ਸਰਕਾਰ ਵੱਲੋਂ ਸਿੱਖ ਧਾਰਮਿਕ ਮਾਮਲਿਆਂ ਵਿੱਚ ਕਥਿਤ ਦਖਲਅੰਦਾਜ਼ੀ ਦੇ ਵਿਰੋਧ ਵਿੱਚ ਚੁੱਕਿਆ ਹੈ। ਜਾਣਕਾਰੀ ਅਨੁਸਾਰ ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਸੀਨੀਅਰ ਆਗੂ ਪਰਮਜੀਤ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀਕੇ ਨੇ ਅਸਤੀਫੇ ਪ੍ਰਧਾਨ ਮੰਤਰੀ ਦਫਤਰ 'ਚ ਜਾ ਕੇ ਸੌਂਪੇ ਗਏ ਹਨ। ਦੋਹਾਂ ਆਗੂਆਂ ਵੱਲੋਂ ਪੱਤਰ ਵਿੱਚ ਕਿਹਾ ਗਿਆ ਹੈ ਕਿ ਦਿੱਲੀ ਸਰਕਾਰ, ਖਾਸ ਕਰਕੇ ਮੰਤਰੀ ਰੇਖਾ ਗੁਪਤਾ ਅਤੇ ਹੋਰ ਭਾਜਪਾ ਆਗੂਆਂ ਵੱਲੋਂ DSGMC ਵਿੱਚ ਰਾਜਨੀਤਿਕ ਦਖਲਅੰਦਾਜ਼ੀ ਕੀਤੀ ਜਾ ਰਹੀ ਹੈ। ਪੱਤਰ ਵਿੱਚ ਇਲਜ਼ਾਮ ਲਗਾਏ ਗਏ ਹਨ ਕਿ ਚੁਣੇ ਹੋਏ ਮੈਂਬਰਾਂ ਨੂੰ ਬਿਨਾਂ ਕਿਸੇ ਕਾਨੂੰਨੀ ਪ੍ਰਕਿਰਿਆ ਦੇ ਹਟਾ ਦਿੱਤਾ ਗਿਆ ਸੀ ਅਤੇ ਉਨ੍ਹਾਂ ਦੀ ਜਗ੍ਹਾ ਰਾਜਨੀਤਿਕ ਵਫ਼ਾਦਾਰਾਂ ਨੂੰ ਨਿਯੁਕਤ ਕੀਤਾ ਗਿਆ ਸੀ।

**ਪੱਤਰ ਵਿੱਚ ਚੁੱਕੇ ਗਏ ਮੁੱਦੇ** - DSGMC ਚੋਣਾਂ ਜਾਣਬੁੱਝ ਕੇ 18 ਮਹੀਨਿਆਂ ਲਈ ਮੁਲਤਵੀ ਕੀਤੀਆਂ ਗਈਆਂ ਸਨ। ਚੋਣ ਨਿਯਮਾਂ ਦੀ ਦੋ ਵਾਰ ਉਲੰਘਣਾ ਕੀਤੀ ਗਈ ਸੀ। ਮੌਜੂਦਾ ਲੀਡਰਸ਼ਿਪ 'ਤੇ 400 ਕਰੋੜ ਰੁਪਏ ਦੀਆਂ ਵਿੱਤੀ ਬੇਨਿਯਮੀਆਂ ਦਾ ਦੋਸ਼ ਲਗਾਇਆ ਗਿਆ ਹੈ। ਸਿੱਖ ਧਾਰਮਿਕ ਜਾਇਦਾਦਾਂ ਨੂੰ ਸਰਕਾਰੀ ਕੰਟਰੋਲ ਹੇਠ ਲੈਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਦਿੱਲੀ ਹਾਈ ਕੋਰਟ ਦੇ ਹੁਕਮਾਂ ਦੀ ਅਣਦੇਖੀ ਕੀਤੀ ਗਈ। ਆਗੂਆਂ ਨੇ ਇਸਨੂੰ ਸਿੱਖ ਧਰਮ ਦੀ ਖੁਦਮੁਖਤਿਆਰੀ 'ਤੇ ਸਿੱਧਾ ਹਮਲਾ ਕਿਹਾ ਅਤੇ ਕਿਹਾ ਕਿ ਉਹ ਇਸ 'ਰਾਜਨੀਤਿਕ ਕਬਜ਼ੇ' ਦਾ ਹਿੱਸਾ ਨਹੀਂ ਹੋ ਸਕਦੇ। ਉਨ੍ਹਾਂ ਇਸ ਮਾਮਲੇ ਵਿੱਚ ਪ੍ਰਧਾਨ ਮੰਤਰੀ ਤੋਂ ਤੁਰੰਤ ਦਖਲ ਦੀ ਮੰਗ ਕੀਤੀ ਹੈ। ਇਸ ਪੱਤਰ 'ਤੇ ਸ਼੍ਰੋਮਣੀ ਅਕਾਲੀ ਦਲ (ਦਿੱਲੀ ਇਕਾਈ) ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਹੋਰ ਆਗੂਆਂ ਦੇ ਦਸਤਖਤ ਹਨ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net





ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ
## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


AMRIT
SANCHAARS
JUNE/JULY 2025
ਆਵਾਜ਼ਿ ਕੌਮ
AWAZE QAUM
International Newspaper & WEB TV
SMETHWICK
SATURDAY 28TH JUNE | 11AM
GNG SMETHWICK, 130 HIGH ST, SMETHWICK, B66 3AP
EAST LONDON
SATURDAY 5TH JULY | 1PM
SRI GURU SINGH SABHA, 2-8 PARK AVE, SOUTHALL, UB1 3AG
SOUTHALL
SUNDAY 20TH JULY | 1PM
SRI GURU SINGH SABHA, 2-8 PARK AVE, SOUTHALL, UB1 3AG
CONTACT 07940 270 120 FOR MORE DETAILS
DAMDAMI TAKSAL JATHA UK & EUROPE


DAMDAMI TAKSAL
ਅੰਮ੍ਰਿਤ ਸੰਚਾਰ
AMRIT SANCHAR
SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
SUNDAY 20TH JULY | 1PM
SRI GURU SINGH SABHA SOUTHALL
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS


DAMDAMI TAKSAL
ਅੰਮ੍ਰਿਤ ਸੰਚਾਰ
AMRIT SANCHAR
WEST MIDLANDS
ਆਵਾਜ਼ਿ ਕੌਮ
AWAZE QAUM
International Newspaper & WEB TV
SATURDAY 28TH JUNE | 11AM
GURU NANAK GURDWARA SMETHWICK
130 HIGH ST | SMETHWICK | B66 3AP
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS


DAMDAMI TAKSAL
ਅੰਮ੍ਰਿਤ ਸੰਚਾਰ
AMRIT SANCHAR
EAST LONDON
ਆਵਾਜ਼ਿ ਕੌਮ AWAZE QAUM
International Newspaper & WEB TV
SATURDAY 5TH JULY | 1PM
ATAM ACADEMY
LITTLE HEATH | BARLEY LN | ROMFORD | RM6 4XX
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS




**ਹਲਕਾ ਸੁਨਾਮ ਵਿੱਚ ਵਿਕਾਸ ਕਾਰਜਾਂ ਸਬੰਧੀ ਨਹੀਂ ਰਹਿਣ ਦਿੱਤੀ ਜਾ ਰਹੀ ਕੋਈ ਕਮੀ: ਅਮਨ ਅਰੋੜਾ**

# ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ; ਮੌਕੇ 'ਤੇ ਕੀਤੀਆਂ ਹੱਲ

**ਸੰਗਰੂਰ/ ਸੁਨਾਮ ( ਰਣਜੀਤ ਸਿੰਘ ਪੇਧਨੀ )**-ਸ਼ਹੀਦ ਊਧਮ ਸਿੰਘ ਦੀ ਧਰਤੀ ਵਿਧਾਨ ਸਭਾ ਹਲਕਾ ਸੁਨਾਮ ਵਿੱਚ ਵਿਕਾਸ ਕਾਰਜਾਂ ਸਬੰਧੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾ ਰਹੀ ਤੇ ਵਿਕਾਸ ਕਾਰਜਾਂ ਲਈ ਫੰਡ ਬੇਰੋਕ ਦਿੱਤੇ ਜਾ ਰਹੇ ਹਨ ਤਾਂ ਜੋ ਇਹ ਹਲਕਾ ਇੱਕ ਮਿਸਾਲੀ ਹਲਕੇ ਵਜੋਂ ਉਭਰ ਕੇ ਸਾਹਮਣੇ ਆਵੇ।

ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਪ੍ਰਧਾਨ ਸ਼੍ਰੀ ਅਮਨ ਅਰੋੜਾ

**ਕੈਬਨਿਟ ਮੰਤਰੀ ਨੇ ਹਲਕਾ ਸੁਨਾਮ ਦੇ ਵੱਖੋ-ਵੱਖ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ ਕਰੀਬ 01 ਕਰੋੜ 09 ਲੱਖ ਰੁਪਏ ਦੇ ਚੈੱਕ ਵੰਡੇ**

ਨੇ ਹਲਕਾ ਸੁਨਾਮ ਦੇ ਪਿੰਡ ਉਪਲੀ, ਬਡਰੁੱਖਾਂ ਅਤੇ ਕੁਲਾਰ ਖੁਰਦ ਵਿਖੇ ਵਿਕਾਸ ਕਾਰਜਾਂ ਦੇ ਚੈੱਕ ਵੰਡਣ ਲਈ ਰੱਖੇ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮਾਂ ਵਿੱਚ ਸ਼ਿਰਕਤ ਕਰਦਿਆਂ ਕੀਤਾ। ਪਿੰਡ ਬਡਰੁੱਖਾਂ ਵਿਖੇ ਉਹਨਾਂ ਨੇ ਪੰਚਾਇਤ ਦੇ ਆਮ ਇਜਲਾਸ ਵਿੱਚ ਵੀ ਸ਼ਿਰਕਤ ਕੀਤੀ।



ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿੰਡ ਉਪਲੀ ਵਿਖੇ ਕਰੀਬ 14 ਲੱਖ 60 ਹਜ਼ਾਰ ਰੁਪਏ ਦਾ ਚੈੱਕ ਗੰਦੇ ਪਾਣੀ ਦੀ ਨਿਕਾਸੀ ਲਈ ਦਿੱਤਾ ਗਿਆ, ਜਿਸ ਤਹਿਤ 01 ਕਿਲੋਮੀਟਰ ਲੰਬੀ ਪਾਈਪ ਲਾਈਨ ਵੀ ਪਾਈ ਜਾਣੀ ਹੈ। ਇਸੇ ਤਰ੍ਹਾਂ ਪਿੰਡ ਬਡਰੁੱਖਾਂ ਵਿਖੇ ਗਲੀਆਂ ਸਮੇਤ ਵੱਖ-ਵੱਖ ਵਿਕਾਸ ਕਾਰਜਾਂ ਲਈ ਕਰੀਬ 47 ਲੱਖ ਰੁਪਏ ਅਤੇ ਪਿੰਡ ਕੁਲਾਰ ਖੁਰਦ ਵਿਖੇ 47 ਲੱਖ ਰੁਪਏ ਗੰਦੇ ਪਾਣੀ ਦੀ ਨਿਕਾਸੀ ਦੇ ਪ੍ਰੋਜੈਕਟ ਲਈ ਦਿੱਤੇ ਗਏ ਹਨ।

ਸ਼੍ਰੀ ਅਰੋੜਾ ਨੇ ਦੱਸਿਆ ਕਿ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ, ਓਦੋਂ ਤੋਂ ਲੈ ਕੇ ਹੁਣ ਤਕ ਪਿੰਡ ਉਪਲੀ ਨੂੰ ਕਰੀਬ 02 ਕਰੋੜ 90 ਲੱਖ ਰੁਪਏ ਅਤੇ ਪਿੰਡ ਬਡਰੁੱਖਾਂ ਨੂੰ ਕਰੀਬ 08 ਕਰੋੜ ਰੁਪਏ ਵਿਕਾਸ ਕਾਰਜਾਂ ਲਈ ਦਿੱਤੇ ਜਾ ਚੁੱਕੇ ਹਨ, ਜਿਨ੍ਹਾਂ ਵਿਚੋਂ ਕਈ ਪ੍ਰੋਜੈਕਟ ਪੂਰੇ ਹੋ ਚੁੱਕੇ ਹਨ ਤੇ ਬਾਕੀਆਂ ਸਬੰਧੀ ਕੰਮ ਜੰਗੀ ਪੱਧਰ ਉੱਤੇ ਜਾਰੀ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਉਹਨਾਂ ਦੀ ਸਦਾ ਇਹ ਕੋਸ਼ਿਸ਼ ਹੁੰਦੀ ਹੈ ਕਿ ਹਰ ਕੰਮ ਸਿਰੇ ਚੜ੍ਹਦਾ ਕੀਤਾ ਜਾਵੇ। ਲੋਕਾਂ ਦੀ ਮੰਗ ਤੋਂ ਲੈ ਕੇ ਪ੍ਰੋਜੈਕਟ ਪਾਸ ਕਰਵਾਉਣ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕੀਤਾ ਜਾਂਦਾ ਹੈ, ਉਸ ਉਪਰੰਤ ਫੰਡ ਜਾਰੀ ਹੁੰਦੇ ਹਨ। ਉਹਨਾਂ ਨੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਕਿਹਾ ਕਿ ਇਹ ਲੋਕਾਂ ਦਾ ਪੈਸਾ ਹੈ ਤੇ ਪੂਰਨ ਇਮਾਨਦਾਰੀ ਨਾਲ ਲੋਕਾਂ ਦੇ ਕਾਰਜਾਂ 'ਤੇ ਹੀ ਲੱਗਣਾ ਚਾਹੀਦਾ ਹੈ।

ਇਸ ਮੌਕੇ ਉਹਨਾਂ ਨੇ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਤੇ ਬਹੁਤੀਆਂ ਮੁਸ਼ਕਲਾਂ ਮੌਕੇ ਉੱਤੇ ਹੀ ਅਧਿਕਾਰੀਆਂ ਨੂੰ ਹਦਾਇਤ ਕਰ ਕੇ ਹੱਲ ਕਰਵਾਈਆਂ ਗਈਆਂ ਤੇ ਬਾਕੀਆਂ ਦੇ ਹੱਲ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ।

ਇਸ ਮੌਕੇ ਬੀ.ਡੀ.ਪੀ.ਓ. ਗੁਰਦਰਸ਼ਨ ਸਿੰਘ, ਜੰਗੀਰ ਸਿੰਘ ਸਰਪੰਚ ਉਪਲੀ, ਅਵਤਾਰ ਸਿੰਘ ਤਾਰੀ ਉਪਲੀ, ਕੁਲਦੀਪ ਸਿੰਘ, ਰਣਦੀਪ ਸਿੰਘ ਮਿੰਟੂ ਸਰਪੰਚ ਬਡਰੁੱਖਾਂ, ਸਤਨਾਮ ਸਿੰਘ ਕਾਲਾ, ਜਸਵੀਰ ਸਿੰਘ ਜੱਸੀ, ਬਲਦੇਵ ਸਿੰਘ ਬਡਰੁੱਖਾਂ, ਹਰਿੰਦਰ ਸਿੰਘ ਸਰਪੰਚ ਕੁਲਾਰ ਖੁਰਦ, ਸ਼ਿਪੂ ਕੁਲਾਰ ਖੁਰਦ, ਕਾਲਾ ਸਿੰਘ, ਅਮਰੀਕ ਧਾਲੀਵਾਲ, ਮਨਿੰਦਰ ਸਿੰਘ ਸਰਪੰਚ ਲਖਮੀਰਵਾਲਾ ਹਾਜ਼ਰ ਸਨ।

# ਗੋਬਿੰਦਗੜ ਵਿਖੇ 26 ਜੂਨ ਨੂੰ ਹੋਣ ਵਾਲੇ ਨਕਲੀ ਨਿਰੰਕਾਰੀ ਸਮਾਗਮ ਨੂੰ ਰੱਦ ਕਰਨ ਲਈ ਜ਼ਿਲਾ ਫਤਹਿਗੜ ਸਾਹਿਬ ਦੇ ਪ੍ਰਸ਼ਾਸਨ ਦਾ ਧੰਨਵਾਦ — ਕਰਨੈਲ ਸਿੰਘ ਪੰਜੋਲੀ

**ਨਵੀਂ ਦਿੱਲੀ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਸਾਹਿਬ ਅਤੇ ਪੰਥਕ ਜਥੇਬੰਦੀਆਂ ਦੇ ਰੋਹ ਕਾਰਨ ਜ਼ਿਲਾ ਫਤਹਿਗੜ ਸਾਹਿਬ ਦੇ ਪ੍ਰਸ਼ਾਸਨ ਵੱਲੋਂ 26 ਜੂਨ ਨੂੰ ਨਕਲੀ ਨਿਰੰਕਾਰੀਆਂ ਦੇ ਗੋਬਿੰਦਗੜ ਵਿੱਖੇ ਗੁਰੂ ਹਰਿਗੋਬਿੰਦ ਸਾਹਿਬ ਖ਼ਾਲਸਾ ਸਕੂਲ ਵਿੱਚ ਰੱਖਿਆ ਗਿਆ ਸੰਮੇਲਨ ਬੰਦ ਕਰਵਾ ਦਿੱਤਾ ਹੈ ।ਯਾਦ ਰਹੇ ਇਹ ਸੰਮੇਲਨ ਖ਼ਾਲਸਾ ਸਕੂਲ ਵਿੱਚ ਰੱਖਿਆ ਸੀ ਅਤੇ ਇਸ ਦੀ ਮਨਜ਼ੂਰੀ ਐ ਡੀ ਐਮ ਅਮਲੋਹ ਨੇ ਦਿੱਤੀ ਸੀ।



ਸਕੂਲ ਮਨੇਜਮੈਂਟ ਕਮੇਟੀ ਨੇ ਸੰਮੇਲਨ ਕਰਨ ਦੀ ਆਗਿਆ ਦੇ ਦਿੱਤੀ ਸੀ ।ਜਦੋਂ ਇਹ ਮਸਲਾ ਮੇਰੇ ਧਿਆਨ ਵਿੱਚ ਆਇਆ ਮੈਂ ਤੁਰੰਤ ਐਸ ਡੀ ਐਮ ਅਮਲੋਹ ਨੂੰ ਫੋਨ ਕਰਕੇ ਕਿਹਾ ਕਿ ਇਹ ਸੰਮੇਲਨ ਰੱਦ ਕੀਤਾ ਜਾਵੇ । ਮੈਂ ਇਸ ਸਬੰਧੀ ਫੇਸਬੁੱਕ ਰਾਹੀਂ ਅਤੇ ਪ੍ਰੈੱਸ ਰਾਹੀਂ ਇਸ ਸੰਮੇਲਨ ਦਾ ਜ਼ੋਰਦਾਰ ਵਿਰੋਧ ਕੀਤਾ ਸੀ । ਮੈਂ ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ ਦੇ ਮਾਨਯੋਗ ਪ੍ਰਧਾਨ ਸਰਦਾਰ ਹਰਜਿੰਦਰ ਸਿੰਘ ਧਾਮੀ ਨੂੰ ਇਸ ਗੰਭੀਰ ਮਸਲੇ ਵਿੱਚ ਦਾਖਲ ਦੇਣ ਲਈ ਕਿਹਾ । ਪ੍ਰਧਾਨ ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ ਨੇ ਅੱਜ ਸ਼੍ਰੋਮਣੀ ਗੁਰਦੂਆਰਾ ਪਰਬੰਧਕ ਕਮੇਟੀ ਦੇ ਸਕੱਤਰ ਅਤੇ ਮਨੇਜਰ ਸਰਦਾਰ ਰਣਜੀਤ ਸਿੰਘ ਗੁਰਦੂਆਰਾ ਸ੍ਰੀ ਫਤਹਿਗੜ ਸਾਹਿਬ ਨੂੰ ਡੀ ਸੀ ਫਤਹਿਗੜ ਸਾਹਿਬ ਨੂੰ ਮਿਲਣ ਲਈ ਭੇਜਿਆ । ਸਿੱਖ ਸੰਗਤ ਦੇ ਰੋਹ ਕਾਰਨ ਅੱਜ ਜ਼ਿਲਾ ਪ੍ਰਸ਼ਾਸਨ ਨੇ ਨਿਰੰਕਾਰੀਆਂ ਨੂੰ ਕਿਹਾ ਕਿ ਜ਼ਿਲਾ ਫਤਹਿਗੜ ਵਿੱਚ ਇਹ ਸਮਾਗਮ ਨਹੀਂ ਹੋ ਸਕਦਾ ।ਨਕਲੀ ਨਿਰੰਕਾਰੀਆਂ ਨੇ ਵੀ ਅਪਣੀ ਪੱਤ ਬਚਾਉਣ ਲਈ ਇਹ ਸੰਮੇਲਨ ਮੁਲਤਵੀ ਕਰਕੇ ਅਪਣੇ ਚੇਲਿਆਂ ਨੂੰ ਪੱਤਰ ਲਿੱਖ ਦਿੱਤਾ ।ਮੈਂ ਸਰਕਾਰ ਨੂੰ ਅਪੀਲ ਕਰਦਾ ਹਾਂ ਕਿ ਨਕਲੀ ਨਿਰੰਕਾਰੀ ਨਾ ਕੋਈ ਧਰਮ ਹੈ ਨਾ ਕੋਈ ਕੌਮ ਹੈ ਨਾ ਹੀ ਕੋਈ ਫਿਰਕਾ ਬਲਕਿ ਇਹ ਸਮਾਜ ਵਿੱਚ ਨਫ਼ਰਤ ਫਲਾਕੇ ਅਮਨ ਸ਼ਾਂਤੀ ਭੰਗ ਕਰਨ ਵਾਲਾ ਇੱਕ ਗਰੋਹ ਹੈ । ਇਸ ਲਈ ਇਸ ਦੇ ਸੰਮੇਲਨਾਂ ਊੱਤੇ ਪਬੰਧੀ ਲਾਈ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਤਣਾਅ ਦਾ ਬੋਝ



ਮੌਜੂਦਾ ਦੌਰ ਵਿੱਚ ਪਦਾਰਥਵਾਦ ਅਤੇ ਭੌਤਿਕਤਾ ਦਾ ਬੋਲਬਾਲਾ ਹੈ ਜਿਸ ਦੇ ਫਲਸਰੂਪ ਤਣਾਅ ਇੱਕ ਆਮ ਅਤੇ ਵਿਸ਼ਵਵਿਆਪੀ ਰੋਗ ਬਣ ਗਿਆ ਹੈ ਜੋ ਹਰ ਵਰਗ, ਜਾਤ, ਧਰਮ ਅਤੇ ਲਿੰਗ ਦੇ ਲੋਕਾਂ ਨੂੰ ਪ੍ਰਭਾਵਿਤ ਕਰਦਾ ਹੈ। ਤਣਾਅ ਨਾਲ ਮਾਨਸਿਕ ਅਤੇ ਸਰੀਰਕ ਸਿਹਤ ’ਤੇ ਮਾਰੂ ਪ੍ਰਭਾਵ ਪੈਂਦੇ ਹਨ। ਆਧੁਨਿਕ ਸੰਸਾਰ ਦੀ ਵਧਦੀ ਮੰਗਾਂ ਦੇ ਨਾਲ ਤਣਾਅ ਨੂੰ ਸੰਭਾਲਣਾ ਮਾਨਸਿਕ ਭਲਾਈ ਅਤੇ ਉਤਪਾਦਕਤਾ ਦਾ ਇੱਕ ਮਹੱਤਵਪੂਰਨ ਹਿੱਸਾ ਬਣ ਗਿਆ ਹੈ।

**ਤਣਾਅ ਦੀ ਪਛਾਣ**

ਤਣਾਅ ਨੂੰ ਕਿਸੇ ਵੀ ਮੰਗ ਜਾਂ ਚੁਣੌਤੀ ਦੇ ਸਾਹਮਣੇ ਸਰੀਰ ਦੀ ਭੌਤਿਕ, ਭਾਵਨਾਤਮਕ ਅਤੇ ਮਾਨਸਿਕ ਪ੍ਰਤੀਕ੍ਰਿਆ ਵਜੋਂ ਪਰਿਭਾਸ਼ਿਤ ਕੀਤਾ ਗਿਆ ਹੈ (ਸੇਲੀ, 1956)। ਤਣਾਅ ਦਾ ਕੁਝ ਹੱਦ ਤੱਕ ਹੋਣਾ ਜੀਵਨ ਲਈ ਪ੍ਰੇਰਣਾ ਪ੍ਰਦਾਨ ਕਰਨ ਲਈ ਜ਼ਰੂਰੀ ਹੈ ਪਰ ਵਧੇਰੇ ਤਣਾਅ ਜਿਸਨੂੰ ਕ੍ਰੋਨੀਕ ਤਣਾਅ ਕਿਹਾ ਜਾਂਦਾ ਹੈ ਵਿਅਕਤੀ ਦੀ ਸਰੀਰਕ ਅਤੇ ਭਾਵਨਾਤਮਕ ਤੰਦਰੁਸਤੀ ’ਤੇ ਨਕਾਰਾਤਮਕ ਅਤੇ ਮਾਰੂ ਅਸਰ ਕਰ ਸਕਦਾ ਹੈ। ਅੱਜ ਦੇ ਤੇਜ਼ ਗਤੀ ਵਾਲੇ ਸੰਸਾਰ ਵਿੱਚ ਲੋਕ ਬਹੁਤ ਸਾਰੇ ਤਣਾਅ ਕਾਰਕਾਂ ਦਾ ਸਾਹਮਣਾ ਕਰ ਰਹੇ ਹਨ ਜੋ ਬਰਨਆਉਟ, ਚਿੰਤਾ ਅਤੇ ਹੋਰ ਸਿਹਤ ਮੁੱਦਿਆਂ ਦਾ ਕਾਰਨ ਬਣ ਸਕਦੇ ਹਨ। ਤਣਾਅ ਦੇ ਕਾਰਨਾਂ ਅਤੇ ਸਿੱਟਿਆਂ ਨੂੰ ਸਮਝਣਾ ਬਹੁਤ ਜ਼ਰੂਰੀ ਹੋ ਗਿਆ ਹੈ ਤਾਂ ਜੋ ਪ੍ਰਭਾਵਸ਼ਾਲੀ ਪ੍ਰਬੰਧਨ ਰਣਨੀਤੀਆਂ ਵਿਕਸਤ ਕੀਤੀਆਂ ਜਾ ਸਕਣ।

2. ਸਿਧਾਂਤਕ ਪਿਛੋਕੜ

2.1 ਜਨਰਲ ਐਡੈਪਟੇਸ਼ਨ ਸਿੰਡ੍ਰੋਮ (GAS)

ਹੈਂਸ ਸੇਲੀ ਦਾ ਜਨਰਲ ਐਡੈਪਟੇਸ਼ਨ ਸਿੰਡ੍ਰੋਮ ਤਿੰਨ ਪੜਾਵਾਂ ਦੀ ਰੂਪਰੇਖਾ ਦਿੰਦਾ ਹੈ:

1. ਅਲਾਰਮ ਰਿਐਕਸ਼ਨ - ਸ਼ੁਰੂਆਤੀ ਸ਼ੌਕ ਦੀ ਪ੍ਰਤੀਕ੍ਰਿਆ।
2. ਰੇਜ਼ਿਸਟੈਂਸ - ਤਣਾਅ ਕਾਰਕ ਨਾਲ ਅਨੁਕੂਲਤਾ ਅਤੇ ਨਿਪਟਣਾ।
3. ਥੱਕਾਵਟ - ਲੰਬੇ ਸਮੇਂ ਤੱਕ ਤਣਾਅ ਦੇ ਕਾਰਨ ਸਿਸਟਮ ਦੀ ਬ੍ਰੇਕਡਾਊਨ।

2.2 ਕੋਗਨੀਟਿਵ ਐਪ੍ਰੇਜ਼ਲ ਸਿਧਾਂਤ

ਲਾਜ਼ਰਸ ਅਤੇ ਫੋਲਕਮੈਨ (1984) ਦੁਆਰਾ ਪੇਸ਼ ਕੀਤਾ ਗਿਆ ਇਹ ਸਿਧਾਂਤ ਤਣਾਅ ਦੀ ਵਿਅਕਤੀਗਤ ਮੁਲਾਂਕਣ ’ਤੇ ਜ਼ੋਰ ਦਿੰਦਾ ਹੈ:

ਪ੍ਰਾਇਮਰੀ ਐਪ੍ਰੇਜ਼ਲ: ਕੀ ਇਹ ਇੱਕ ਖ਼ਤਰਾ ਹੈ?

ਸਕੈਂਡਰੀ ਐਪ੍ਰੇਜ਼ਲ: ਕੀ ਮੈਂ ਇਸ ਨਾਲ ਨਿਪਟ ਸਕਦਾ ਹਾਂ?

ਇਹ ਸਿਧਾਂਤ ਦਰਸਾਉਂਦਾ ਹੈ ਕਿ ਤਣਾਅ ਸਿਰਫ ਬਾਹਰੀ ਘਟਨਾਵਾਂ ਦੁਆਰਾ ਨਹੀਂ ਹੁੰਦਾ ਬਲਕਿ ਵਿਅਕਤੀ ਉਹਨਾਂ ਨੂੰ ਕਿਵੇਂ ਸਮਝਦੇ ਹਨ।

3. ਤਣਾਅ ਦੇ ਕਾਰਨ

3.1 ਨਿੱਜੀ ਕਾਰਨ

ਅਧਿਆਪਕੀ ਜਾਂ ਨੌਕਰੀ ਦਾ ਦਬਾਅ
ਪਰਿਵਾਰਿਕ ਝਗੜੇ
ਵਿੱਤੀ ਮੁੱਦੇ

3.2 ਵਾਤਾਵਰਨੀ ਕਾਰਨ

ਸ਼ੋਰ, ਪ੍ਰਦੂਸ਼ਣ, ਭੀੜ
ਕੰਮ ਦਾ ਵਾਤਾਵਰਨ ਅਤੇ ਡੈੱਡਲਾਈਨ

3.3 ਸਮਾਜਿਕ ਅਤੇ ਤਕਨੀਕੀ ਕਾਰਨ

ਸਮਾਜਿਕ ਮੀਡੀਆ ਦਾ ਦਬਾਅ
ਜਾਣਕਾਰੀ ਦਾ ਬਹੁਤ ਜ਼ਿਆਦਾ ਭਾਰ
ਨਿੱਜੀ ਸਮੇਂ ਦੀ ਘਾਟ

4. ਤਣਾਅ ਦੇ ਅਸਰ

4.1 ਸਰੀਰਕ ਅਸਰ

ਸਿਰਦਰਦ, ਥਕਾਵਟ, ਨੀਂਦ ਦੀ ਸਮੱਸਿਆ, ਚਿੜਚਿੜਾ ਸੁਭਾਵ
ਇਮਿਊਨ ਸਿਸਟਮ ਦਾ ਕਮਜ਼ੋਰ ਹੋਣਾ
ਦਿਲ ਨਾਲ ਸੰਬੰਧਿਤ ਸਮੱਸਿਆਵਾਂ

4.2 ਮਾਨਸਿਕ ਅਸਰ

ਚਿੰਤਾ, ਡਿਪ੍ਰੈਸ਼ਨ
ਧਿਆਨ ਅਤੇ ਯਾਦਦਾਸ਼ਤ ਵਿੱਚ ਕਮੀ
ਬਰਨਆਉਟ ਅਤੇ ਚਿੜਚਿੜਾਪਣ

4.3 ਵਿਉਹਾਰਕ ਅਸਰ

ਖਾਣ-ਪੀਣ ਅਤੇ ਨੀਂਦ ਦੀਆਂ ਖਰਾਬ ਆਦਤਾਂ
ਨਸ਼ੇ ਦੀ ਲਤ

**ਸਮਾਜਿਕ ਵਾਪਸੀ**

5. ਤਣਾਅ ਪ੍ਰਬੰਧਨ ਰਣਨੀਤੀਆਂ

5.1 ਕੋਗਨੀਟਿਵ-ਬਿਹੇਵਿਓਰਲ ਤਕਨੀਕਾਂ (CBT)

CBT ਵਿਅਕਤੀਆਂ ਨੂੰ ਨਕਾਰਾਤਮਕ ਸੋਚ ਦੇ ਢਾਂਚੇ ਨੂੰ ਬਦਲਣ ਅਤੇ ਨਿਪਟਣ ਦੀਆਂ ਕੁਸ਼ਲਤਾਵਾਂ ਵਿਕਸਤ ਕਰਨ ਵਿੱਚ ਮਦਦ ਕਰਦੀ ਹੈ। ਤਕਨੀਕਾਂ ਵਿੱਚ ਸ਼ਾਮਿਲ ਹਨ:

ਸੋਚ ਦਾ ਪੁਨਰਵਿਚਾਰ
ਆਰਾਮ ਸਿਖਲਾਈ
ਸਮੱਸਿਆ-ਹੱਲ ਕਰਨ ਦੀਆਂ ਕੁਸ਼ਲਤਾਵਾਂ

5.2 ਜੀਵਨਸ਼ੈਲੀ ਵਿੱਚ ਬਦਲਾਅ

ਕਸਰਤ: ਮੂਡ ਨੂੰ ਸੁਧਾਰਦਾ ਹੈ ਅਤੇ ਕੋਰਟਿਸੋਲ ਨੂੰ ਘਟਾਉਂਦਾ ਹੈ।
ਪੋਸ਼ਣ: ਸੰਤੁਲਿਤ ਆਹਾਰ ਮਾਨਸਿਕ ਸਿਹਤ ਦਾ ਸਮਰਥਨ ਕਰਦਾ ਹੈ।
ਗੂੜ੍ਹੀ ਨੀਂਦ : ਮਾਨਸਿਕ ਸਿਹਤ ਅਤੇ ਲਚਕੀਲੇਪਣ ਲਈ ਮਹੱਤਵਪੂਰਨ।

5.3 ਮਾਈਂਡਫੁਲਨੇਸ ਅਤੇ ਧਿਆਨ

ਮਾਈਂਡਫੁਲਨੇਸ-ਆਧਾਰਿਤ ਤਣਾਅ ਘਟਾਉਣ (MBSR) ਵਰਤੋਂਕਾਰਾਂ ਨੂੰ ਵਰਤਮਾਨ-ਪਲ ਦੀ ਜਾਗਰੂਕਤਾ ਵਧਾਉਣ ਅਤੇ ਚਿੰਤਾ ਘਟਾਉਣ ਵਿੱਚ ਮਦਦ ਕਰਦਾ ਹੈ।

5.4 ਸਮੇਂ ਦਾ ਪ੍ਰਬੰਧਨ

ਕਾਰਜਾਂ ਨੂੰ ਪ੍ਰਾਥਮਿਕਤਾ ਦੇਣਾ, ਯਥਾਰਥਵਾਦੀ ਟੀਚੇ ਬਣਾਉਣਾ ਅਤੇ ਟਾਲਮਟੋਲ ਤੋਂ ਬਚਣਾ ਤਣਾਅ ਨੂੰ ਘਟਾਉਣ ਵਿੱਚ ਮਦਦ ਕਰਦਾ ਹੈ।

5.5 ਸਮਾਜਿਕ ਸਹਾਇਤਾ

ਮਿੱਤਰਾਂ, ਪਰਿਵਾਰ ਜਾਂ ਵਿਸ਼ਾ ਮਾਹਿਰਾਂ ਤੋਂ ਭਾਵਨਾਤਮਕ ਅਤੇ ਪ੍ਰਯੋਗਿਕ ਸਹਾਇਤਾ ਤਣਾਅ ਦੇ ਪ੍ਰਭਾਵਾਂ ਨੂੰ ਘੱਟ ਕਰਨ ਵਿੱਚ ਮਦਦ ਕਰ ਸਕਦੀ ਹੈ।

6. ਸੰਸਥਾਨਕ ਅਤੇ ਸੰਸਥਾ ਦੇ ਦ੍ਰਿਸ਼ਟੀਕੋਣ

6.1 ਕੰਮਕਾਜੀ ਪ੍ਰਬੰਧਨ

ਕਰਮਚਾਰੀ ਸਿਹਤ ਕਾਰਜਕ੍ਰਮ
ਲਚਕੀਲੇ ਕੰਮ ਦੇ ਘੰਟੇ
ਤਣਾਅ ਪ੍ਰਬੰਧਨ ਵਰਕਸ਼ਾਪ

6.2 ਸਕੂਲ ਅਤੇ ਯੂਨੀਵਰਸਿਟੀ ਕਾਰਜਕ੍ਰਮ

ਮਾਨਸਿਕ ਸਿਹਤ ਸਲਾਹਕਾਰ
ਅਕਾਦਮਿਕ ਭਾਰ ਦਾ ਪ੍ਰਬੰਧਨ
ਸਾਥੀ ਮੈਨਟਰਿੰਗ ਪ੍ਰਣਾਲੀਆਂ

7. ਤਣਾਅ ਪ੍ਰਬੰਧਨ ਵਿੱਚ ਤਕਨੀਕੀ ਉਪਕਾਰ

ਹੈਂਡਸਪੇਸ,ਕਾਲਮ ਆਦਿ ਵਰਗੀਆਂ ਐਪਸ ਤਣਾਅ ਦੇ ਨਿਗਰਾਨੀ ਅਤੇ ਧਿਆਨ ਲਈ ਵਧ ਰਹੀਆਂ ਹਨ। ਜਦੋਂ ਕਿ ਇਹ ਸੁਵਿਧਾ ਦਿੰਦੇ ਹਨ, ਪਰ ਸਕਰੀਨ ’ਤੇ ਜ਼ਿਆਦਾ ਨਿਰਭਰਤਾ ਵੀ ਤਣਾਅ ਦਾ ਸਰੋਤ ਹੋ ਸਕਦੀ ਹੈ।

8. ਤਣਾਅ ਪ੍ਰਬੰਧਨ ਵਿੱਚ ਚੁਣੌਤੀਆਂ

ਮਾਨਸਿਕ ਸਿਹਤ ਸਹਾਇਤਾ ਲੈਣ ਦੇ ਲਈ ਝਿਜਕ
ਥੈਰੇਪੀ ਅਤੇ ਸਿਹਤ ਕਾਰਜਕ੍ਰਮਾਂ ਦੀ ਪਹੁੰਚ
ਸਿਹਤਮੰਦ ਆਦਤਾਂ ਨੂੰ ਅਪਣਾਉਣ ਦੀ ਘਾਟ ਜਾਂ ਉਤਸ਼ਾਹ

ਅੱਜਕੱਲ੍ਹ ਤਣਾਅ ਜੀਵਨ ਦਾ ਇੱਕ ਅਟੱਲ ਅਤੇ ਅਹਿਮ ਹਿੱਸਾ ਹੈ ਪਰ ਇਹ ਸਹੀ ਰਣਨੀਤੀਆਂ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਸੰਭਾਲਿਆ ਜਾ ਸਕਦਾ ਹੈ। ਕੋਗਨੀਟਿਵ, ਵਿਉਹਾਰਕ, ਜੀਵਨਸ਼ੈਲੀ ਅਤੇ ਵਾਤਾਵਰਨੀ ਬਦਲਾਵਾਂ ਨੂੰ ਸ਼ਾਮਿਲ ਕਰਨ ਵਾਲਾ ਇੱਕ ਸਮੁੱਚੀ ਦ੍ਰਿਸ਼ਟੀਕੋਣ ਇਸਦੇ ਪ੍ਰਭਾਵ ਨੂੰ ਘਟਾਉਣ ਲਈ ਕੁੰਜੀ ਹੈ।

**-ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ।**

# ਕੰਧ ਤੇ ਲਿੱਖਿਆ ਪੜ ਲਵੋ ਸ੍ਰੀ ਅਕਾਲ ਤਖਤ ਸਾਹਿਬ ਤੋ ਬੇਮੁੱਖ ਹੋਕੇ ਹਾਰਾ ਹੀ ਮਿਲਣਗੀਆਂ

ਵਿਧਾਨ ਸਭਾ ਚੋਣਾਂ 2017

25 ਫ਼ੀਸਦ ਵੋਟ ਪਈ

15 ਸੀਟਾਂ ਆਈਆਂ (ਬੀਜੇਪੀ) ਨਾਲ ਗਠਜੋੜ ਦੇ ਬਾਵਜੂਦ

ਜ਼ਿਮਨੀ ਚੋਣਾਂ (28 ਮਈ 2018)

ਸ਼ਾਹਕੋਟ ਸਰਦਾਰ ਅਜੀਤ ਸਿੰਘ ਕੋਹਾੜ ਜੀ ਦੀ ਮੌਤ ਤੋਂ ਬਾਅਦ ਪਹਿਲੀ ਜ਼ਿਮਨੀ ਚੋਣ ਵਿੱਚ ਸੁਖਬੀਰ ਦੀ ਅਗਵਾਈ ਹੇਠ ਵੱਡੀ ਹਾਰ

2019 ਦੀਆਂ ਲੋਕ ਸਭਾ ਚੋਣਾਂ ਵਿੱਚ ਵੱਡੀ ਹਾਰ ਦਾ ਮੂੰਹ ਵੇਖਣਾ ਪਿਆ, ਜਿਹੜੀਆਂ ਕਿ ਸੁਖਬੀਰ ਬਾਦਲ ਦੀ ਅਗਵਾਈ ਹੇਠ ਲੜੀਆਂ ਤੇ ਸਿਰਫ ਦੋ ਹੀ ਜਿੱਤੀਆਂ ਸਨ।

ਚਾਰ ਹਲਕਿਆਂ ਦੀ ਜ਼ਿਮਨੀ ਚੋਣ 2019

ਜਲਾਲਾਬਾਦ ਦੀ ਆਪਣੀ ਸੀਟ ਸੁਖਬੀਰ ਸਿੰਘ ਬਾਦਲ ਨਹੀਂ ਬਚਾਅ ਪਾਏ ਕਾਂਗਰਸ ਜਿੱਤੀ

ਦਾਖਾ ਤੋਂ ਮਨਪ੍ਰੀਤ ਸਿੰਘ ਇਯਾਲੀ ਸਰਕਾਰ ਦੀ ਧੱਕੇਸ਼ਾਹੀ ਦੇ ਬਾਵਜੂਦ ਜਿੱਤੇ। ਕੈਪਟਨ ਸੰਦੀਪ ਸੰਧੂ ਕੈਪਟਨ ਅਮਰਿੰਦਰ ਸਿੰਘ ਦੀ ਸੱਜੀ ਬਾਂਹ ਨੂੰ ਹਰਾ ਕੇ ਆਪਣੇ ਬਲਬੂਤੇ ਤੇ ਜਿੱਤੇ। ਜਦੋਂ ਕਿ ਸਰਕਾਰ ਨੇ ਸਾਰਾ ਪੁਲਿਸ ਤੰਤਰ, ਅਫ਼ਸਰ, ਵਿਧਾਇਕ ਤੇ ਮੰਤਰੀ ਲਗਾਏ।

ਫਗਵਾੜਾ ਅਤੇ ਮੁਕੇਰੀਆਂ ਵੀ ਹਾਰੇ

ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼ਰਮਨਾਕ ਹਾਰ

ਖੁਦ ਸੁਖਬੀਰ ਸਿੰਘ ਬਾਦਲ ਵੀ 30000 ਵੋਟਾਂ ਨਾਲ ਹਾਰੇ ਅਤੇ ਮਰਹੂਮ ਨੇਤਾ ਪ੍ਰਕਾਸ਼ ਸਿੰਘ ਬਾਦਲ ਨੂੰ ਵੀ ਹਾਰ ਦਾ ਸਾਹਮਣਾ ਕਰਨਾ ਪਿਆ। ਸਿਰਫ ਤਿੰਨ ਸੀਟ ਉਪਰ ਪਾਰਟੀ ਜਿੱਤ ਦਰਜ ਕਰ ਸਕੀ।

ਜਿਸ ਵਿੱਚ ਸ੍ਰ ਮਨਪ੍ਰੀਤ ਸਿੰਘ ਇਆਲੀ ਐਮਐਲਏ ਤੇ ਵਿਧਾਨਕਾਰ ਲੀਡਰ ਭਰਤੀ ਕਮੇਟੀ ਵਿੱਚ ਹਨ।

ਡਾਕਟਰ ਸੁਖਵਿੰਦਰ ਸੁੱਖੀ ਐਮਐਲਏ ਬੰਗਾ ਆਪ ਨਾਲ ਚਲਾ ਗਿਆ ਹੈ



ਬੀਬਾ ਗੁਨੀਵ ਕੌਰ ਮਜੀਠਾ ਦੂਰ ਬੈਠਕੇ ਪਾਰਟੀ ਦੀ ਤਰਸਯੋਗ ਹਾਲਤ ਦੇਖ ਰਹੀ ਹੈ।

ਝੂੰਦਾਂ ਕਮੇਟੀ ਬਣਾਈ ਗਈ।100 ਤੋਂ ਵੱਧ ਵਿਧਾਨ ਸਭਾ ਹਲਕੇ ਤੋਂ ਰਿਪੋਰਟ ਤਿਆਰ ਕੀਤੀ ਗਈ।

ਲੀਡਰਸ਼ਿਪ ਪਾਸੇ ਕਰਨ ਦੀ ਮੰਗ ਅਤੇ ਸੁਖਬੀਰ ਨੂੰ ਹਟਾਉਣ ਦੀ ਮੰਗ ਵਰਕਰਾਂ ਨੇ ਖੁੱਲੇਆਮ ਕੀਤੀ ਸੀ ਪਰ ਅਮਲ ਨਾ ਹੋਇਆ।

ਸੰਗਰੂਰ ਲੋਕ ਸਭਾ ਜ਼ਿਮਨੀ ਚੋਣ

ਵਿੱਚ ਜਮਾਨਤ ਜ਼ਬਤ

ਬੀਬੀ ਕਮਲਦੀਪ ਕੌਰ ਰਾਜੋਆਣਾ ਨੂੰ ਕੁੱਲ 44 ਹਜ਼ਾਰ 428 ਵੋਟਾਂ ਪਈਆ ਤੇ ਬੀਜੇਪੀ ਤੋਂ ਵੀ ਪਿੱਛੇ ਤੇ ਪੰਜਵੀ ਥਾਂ ਤੇ ਆਏ ਸੀ।

ਜਲੰਧਰ ਲੋਕ ਸਭਾ ਜ਼ਿਮਨੀ ਚੋਣ

ਫਿਰ ਸ਼ਰਮਨਾਕ ਹਾਰ ਹੋਈ

ਪਾਰਟੀ ਨੂੰ ਹਾਰ ਦਾ ਮੂੰਹ ਵੇਖਣਾ ਪਿਆ

ਜਲੰਧਰ ਵੈਸਟ ਵਿਚ ਆਪਣੇ ਉਮੀਦਵਾਰ ਦੀ ਬਜਾਏ ਬਸਪਾ ਉਮੀਦਵਾਰ ਦੀ ਹਮਾਇਤ ਦਾ ਐਲਾਨ ਕੀਤਾ ਗਿਆ। ਕੁੱਲ 1000 ਵੋਟਾਂ ਪਈਆਂ ਸਨ।

ਚੱਬੇਵਾਲ, ਗਿੱਦੜਬਾਹਾ, ਡੇਰਾ ਬਾਬਾ ਨਾਨਕ ਅਤੇ ਬਰਨਾਲਾ ਜ਼ਿਮਨੀ ਚੋਣ ਜਰਨੈਲ ਦੇ ਤਨਹਾਈਆਂ ਹੋਣ ਤੇ ਲੜਨ ਤੋ ਭੱਜਣ ਕਰਕੇ ਇਹਨਾਂ ਹਲਕਿਆ ਚ ਪਾਰਟੀ ਦਾ ਲਗਭਗ ਖ਼ਾਤਮਾ ਕੀਤਾ।

2024 ਲੋਕ ਸਭਾ ਚੋਣ ਵਿਚ ਪਾਰਟੀ ਸਿਮਟ ਕੇ 13 ਫ਼ੀਸਦ ਵੋਟ ਤੇ ਆਈ ਜਦੋਂ ਕਿ ਬੀਜੇਪੀ 18% ਤੋ ਉਪਰ ਚਲੀ ਗਈ

(ਇੱਕ ਸੀਟ ਬਠਿੰਡਾ ਸਾਰੀਆਂ ਪਾਰਟੀਆਂ ਨਾਲ ਸਮਝੌਤਾ ਕਰਕੇ ਜਿੱਤੀ)

10 ਸੀਟਾਂ ਉਪਰ ਜਮਾਨਤ ਜ਼ਬਤ ਹੋਈ ਇਸ ਤੋਂ ਸਰਮਨਾਕ ਗੱਲ ਕੀ ਹੋ ਸਕਦੀ ਹੈ।

ਲੁਧਿਆਣਾ ਜ਼ਿਮਨੀ ਚੋਣ ਵਿੱਚ ਵੀ ਜ਼ਮਾਨਤ ਜ਼ਬਤ ਹੋਈ ਕਿਉਂਕਿ ਜ਼ਮਾਨਤ ਬਚਾਉਣ ਲਈ 15000 ਵੋਟਾ ਚਾਹੀਦੀਆ ਸੀ ਅਜੇ ਵੀ ਵਕਤ ਹੈ ਮੇਰੀ ਨੇਕ ਸਲਾਹ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਮੱਰਪਿੱਤ ਹੋਵੇ ਤੇ ਪੇਸ਼ ਹੋ ਕੇ ਪਸ਼ਚਾਤਾਪ ਕਰੋ ਤੇ ਭੁੱਲ ਬਖ਼ਸ਼ਾਉ। ਗੁਰੂ ਬਖਸ਼ਣਹਾਰ ਹੈ।

# ਕੈਨੇਡਾ ਤੋਂ ਦੇਸ਼ ਨਿਕਾਲ਼ਾ ਹੋਵੇ ਜਾਂ ਅਮਰੀਕਾ ਤੋਂ ਬੱਚਿਆਂ ਨੂੰ ਅਪਰਾਧੀਆਂ ਵਾਂਗ ਹੱਥਕੜੀਆਂ ਅਤੇ ਬੇੜੀਆਂ ਪਾ ਕੇ ਭਾਰਤ ਭੇਜਣਾ, ਖਾਲਿਸਤਾਨੀ ਲੋਕ ਚੁੱਪ ਕਿਉਂ ਰਹੇ ? : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ**, 23 ਜੂਨ (**ਆਵਾਜ਼ਿ ਕੌਮ ਬਿਊਰੋ**)-ਭਾਜਪਾ ਦੇ ਸੂਬਾ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਭਾਰਤ ਵਿਰੁੱਧ ਵਿਦੇਸ਼ਾਂ ਵਿੱਚ ਸਰਗਰਮ ਖਾਲਿਸਤਾਨੀਆਂ ’ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਸਿਆਸੀ ਰੋਟੀਆਂ ਸੇਕਣ ਤੋਂ ਇਲਾਵਾ, ਇਨ੍ਹਾਂ ਤੱਤਾਂ ਨੂੰ ਪੰਜਾਬ ਅਤੇ ਸਿੱਖਾਂ ਨਾਲ ਕੋਈ ਸਰੋਕਾਰ ਨਹੀਂ ਹੈ ਅਤੇ ਨਾ ਹੀ ਉਨ੍ਹਾਂ ਨੂੰ ਉਨ੍ਹਾਂ ਸਿੱਖ ਬੱਚਿਆਂ ਨਾਲ ਕੋਈ ਹਮਦਰਦੀ ਹੈ ਜੋ ਉਨ੍ਹਾਂ ਕੋਲ ਬਿਹਤਰ ਭਵਿੱਖ ਦੀ ਭਾਲ ਵਿੱਚ ਗਏ ਹਨ। ਪ੍ਰੋ. ਸਰਚਾਂਦ ਸਿੰਘ ਨੇ ਸਵਾਲ ਕੀਤਾ ਕਿ ਜੇਕਰ ਵਿਦੇਸ਼ਾਂ ਵਿੱਚ ਬੈਠੇ ਇਹ ਲੋਕ 14 ਹਜ਼ਾਰ ਕਿੱਲੋਮੀਟਰ ਦੂਰ ਪੰਜਾਬ ਅਤੇ ਸਿੱਖਾਂ ਦੀ ਚਿੰਤਾ ਕਰਦੇ ਹਨ ਅਤੇ ਸਿੱਖ ਨੌਜਵਾਨਾਂ ਪ੍ਰਤੀ ਸੱਚੀ ਹਮਦਰਦੀ ਰੱਖਦੇ ਹਨ, ਤਾਂ ਫਰਵਰੀ ਦੇ ਮਹੀਨੇ ਜਦੋਂ ਅਮਰੀਕੀ ਪ੍ਰਸ਼ਾਸਨ ਸਾਡੇ ਬੱਚਿਆਂ ਨੂੰ ਕਈ ਦਿਨਾਂ ਤੱਕ ਹਿਰਾਸਤ ਵਿੱਚ ਰੱਖਣ ਤੋਂ ਬਾਅਦ, ਅਪਰਾਧੀਆਂ ਵਾਂਗ ਵਿਵਹਾਰ ਕਰਦਿਆਂ ਅਮਰੀਕੀ ਫ਼ੌਜੀ ਜਹਾਜ਼ਾਂ ਰਾਹੀਂ ਹੱਥਕੜੀਆਂ ਅਤੇ ਬੇੜੀਆਂ ਵਿੱਚ ਬੰਨ੍ਹ ਕੇ ਭਾਰਤ ਵਾਪਸ ਭੇਜ ਰਿਹਾ ਸੀ, ਤਾਂ ਇਨ੍ਹਾਂ ਖਾਲਿਸਤਾਨੀਆਂ ਨੇ ਸਾਡੇ ਇਨ੍ਹਾਂ ਬੇਸਹਾਰਾ ਬੱਚਿਆਂ ਦੇ ਹੱਕ ਵਿੱਚ ਅਮਰੀਕੀ ਪ੍ਰਸ਼ਾਸਨ ਵਿਰੁੱਧ ਆਵਾਜ਼ ਕਿਉਂ ਨਹੀਂ ਉਠਾਈ ? ਉਨ੍ਹਾਂ ਵਿਰੋਧ ਕਿਉਂ ਨਹੀਂ ਕੀਤਾ ? ਉਹ ਚੁੱਪਚਾਪ ਸਭ ਕੁਝ ਕਿਉਂ ਦੇਖਦੇ ਰਹੇ ? ਜਦੋਂ ਕਿ ਮੈਕਸੀਕੋ ਦੇ ਲੋਕਾਂ ਨੇ ਆਪਣੇ ਬੱਚਿਆਂ ਲਈ ਆਵਾਜ਼ ਉਠਾਈ ਅਤੇ ਸਰਕਾਰ ਦਾ ਵਿਰੋਧ ਕੀਤਾ। ਮਾਮਲਾ ਇੱਥੇ ਹੀ ਖ਼ਤਮ ਨਹੀਂ ਹੁੰਦਾ, ਜਦੋਂ ਕੈਨੇਡੀਅਨ ਸਰਕਾਰ ਸਾਡੇ ਹਜ਼ਾਰਾਂ ਬੱਚਿਆਂ ਅਤੇ ਵਿਦਿਆਰਥੀਆਂ ਨੂੰ ਕਿਸੇ ਕਾਰਨ ਕਰਕੇ ਦੇਸ਼ ਨਿਕਾਲ਼ਾ ਦੇ ਰਹੀ ਸੀ, ਤਾਂ ਇਨ੍ਹਾਂ ਖਾਲਿਸਤਾਨੀਆਂ ਨੇ ਉਨ੍ਹਾਂ ਦੀ ਵੀ ਕਿਸੇ ਤਰ੍ਹਾਂ ਮਦਦ ਕਰਨ ਵਿੱਚ ਕੋਈ ਦਿਲਚਸਪੀ ਕਿਉਂ ਨਹੀਂ ਦਿਖਾਈ ? ਉਨ੍ਹਾਂ ਨੇ ਇਸ ਮੁੱਦੇ ਨੂੰ ਹੱਲ ਕਰਨ ਲਈ ਕੈਨੇਡੀਅਨ ਸਰਕਾਰ ’ਤੇ ਕੋਈ ਦਬਾਅ ਕਿਉਂ ਨਹੀਂ ਪਾਇਆ ? ਕੀ ਇਨ੍ਹਾਂ ਖਾਲਿਸਤਾਨੀ ਬੁਰਕਾਧਾਰੀਆਂ ਦਾ ਉਦੇਸ਼ ਸਿਰਫ਼ ਭਾਰਤ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਰੁੱਧ ਵਿਰੋਧ ਕਰਨਾ ਹੈ ? ਪ੍ਰੋ. ਸਰਚਾਂਦ ਸਿੰਘ ਨੇ ਵਿਦੇਸ਼ਾਂ ਵਿੱਚ ਭਾਰਤੀ ਦੂਤਾਵਾਸਾਂ ਅਤੇ ਹਿੰਦੂ ਮੰਦਰਾਂ ’ਤੇ ਹਿੰਸਕ ਹਮਲਿਆਂ ਤੋਂ ਇਲਾਵਾ, ਭਾਰਤੀ ਤਿਰੰਗੇ ਦੇ ਅਪਮਾਨ ’ਤੇ ਕਿਹਾ ਕਿ ਤਿਰੰਗੇ ਦੇ ਸਿਖਰ ’ਤੇ ਕੇਸਰੀ ਰੰਗ ਦੇਸ਼ ਦੀ ਆਜ਼ਾਦੀ ਵਿੱਚ ਸਿੱਖਾਂ ਦੁਆਰਾ ਪਾਏ ਗਏ ਯੋਗਦਾਨ ਨੂੰ ਪਰਿਭਾਸ਼ਿਤ ਕਰਦਾ ਹੈ, ਪਰ ਸਭ ਕੁਝ ਜਾਣਨ ਦੇ ਬਾਵਜੂਦ, ਇਹ ਲੋਕ ਵਿਦੇਸ਼ਾਂ ਵਿੱਚ ਸਿੱਖਾਂ ਦੀ ਛਵੀ ਨੂੰ ਖਰਾਬ ਕਰਨ ’ਤੇ ਤੁਲੇ ਹੋਏ ਹਨ।

**ਵਿਚਾਰ ਆਪੋ-ਆਪਣਾ**

ਖਾਲਿਸਤਾਨੀਆਂ, ਜੋ ਰਾਜਨੀਤਿਕ ਖੇਡ ਵਿੱਚ ਪਾਕਿਸਤਾਨ ਦੇ ਮੋਹਰੇ ਵਜੋਂ ਕੰਮ ਕਰ ਰਹੇ ਹਨ, ਨੂੰ ਸਮਝਣਾ ਚਾਹੀਦਾ ਹੈ ਕਿ ਪਾਕਿਸਤਾਨ 1971 ਅਤੇ ਬੰਗਲਾਦੇਸ਼ ਦੀ ਭਿਆਨਕ ਹਾਰ ਦਾ ਬਦਲਾ ਭਾਰਤ ਤੋਂ ਲੈਣ ਲਈ ਹਰ ਸੰਭਵ ਤਰੀਕੇ ਨਾਲ ਖਾਲਿਸਤਾਨ ਦੇ ਮੁੱਦੇ ਨੂੰ ਹਵਾ ਦੇ ਰਿਹਾ ਹੈ, ਉਨ੍ਹਾਂ ਦਾ ਸਿੱਖਾਂ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਉਨ੍ਹਾਂ ਕਿਹਾ ਕਿ ਬੇਸ਼ੱਕ ਖਾਲਿਸਤਾਨੀਆਂ ਨੂੰ ਪਾਕਿਸਤਾਨ ਤੋਂ ਫੰਡ ਮਿਲ ਰਹੇ ਹਨ, ਪਰ ਫਿਰ ਵੀ ਇਹ ਲੋਕ ਪੈਸੇ ਲਈ ਵਿਦੇਸ਼ਾਂ ਵਿੱਚ ਗੁਰਦੁਆਰਿਆਂ ’ਤੇ ਕਬਜ਼ਾ ਕਰਨਾ ਚਾਹੁੰਦੇ ਹਨ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਖਾਲਿਸਤਾਨੀਆਂ ਦਾ ਅਸਲ ਮਨੋਰਥ ਅਰਾਜਕਤਾ ਪੈਦਾ ਕਰਕੇ ਸਿੱਖ ਮੁੱਦਿਆਂ ’ਤੇ ਭਾਰਤ ਸਰਕਾਰ ਨਾਲ ਸਿੱਖ ਆਗੂਆਂ ਦੀ ਗੱਲਬਾਤ ਨੂੰ ਪ੍ਰਭਾਵਿਤ ਕਰਨਾ ਹੈ। ਉਹ ਸਿੱਖਾਂ ਦੇ ਮੁੱਦਿਆਂ ਦਾ ਹੱਲ ਨਹੀਂ ਚਾਹੁੰਦੇ ਸਗੋਂ ਭਾਰਤ ਵਿਰੁੱਧ ਵਿਰੋਧ ਕਰਕੇ ਆਪਣੀਆਂ ਖਾਲਿਸਤਾਨ ਦੀਆਂ ਦੁਕਾਨਾਂ ਖੁੱਲ੍ਹੀਆਂ ਰੱਖਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਿੱਖਾਂ ਅਤੇ ਵਿਦੇਸ਼ਾਂ ਵਿੱਚ ਰਹਿਣ ਵਾਲਾ ਸਿੱਖ ਭਾਈਚਾਰੇ ਨੂੰ ਖਾਲਿਸਤਾਨ ਵਿੱਚ ਕੋਈ ਦਿਲਚਸਪੀ ਨਹੀਂ ਹੈ। ਪ੍ਰੋ. ਸਰਚਾਂਦ ਸਿੰਘ ਨੇ ਖਾਲਿਸਤਾਨ ਨੂੰ ਕਾਂਗਰਸ ਦੀ ਸਾਜ਼ਿਸ਼ ਕਰਾਰ ਦਿੱਤਾ ਅਤੇ ਕਿਹਾ ਕਿ ਖਾਲਿਸਤਾਨ ਦੀ ਗੱਲ ਕਰਨ ਵਾਲੇ ਡਾ. ਜਗਜੀਤ ਸਿੰਘ ਚੌਹਾਨ, ਡਾ. ਗੰਗਾ ਸਿੰਘ ਜਾਂ ਬਲਬੀਰ ਸਿੰਘ ਸੰਧੂ ਉਨ੍ਹਾਂ ਲਈ ਖਾਲਿਸਤਾਨੀ ਚਿਹਰੇ ਕਿਉਂ ਨਹੀਂ ਹਨ ? ਸੰਤ ਜਰਨੈਲ ਸਿੰਘ ਭਿੰਡਰਾਂਵਾਲੇ, ਜਿਨ੍ਹਾਂ ਦੇ ਨਾਮ ’ਤੇ ਇਹ ਲੋਕ ਖਾਲਿਸਤਾਨ ਦਾ ਬਿਰਤਾਂਤ ਰਚ ਰਹੇ ਹਨ, ਨੇ ਅਸਲ ਵਿੱਚ ਕਦੇ ਵੀ ਖਾਲਿਸਤਾਨ ਦੀ ਮੰਗ ਨਹੀਂ ਕੀਤੀ। ਪਰ ਉਨ੍ਹਾਂ ਨੂੰ ਗੁੰਮਰਾਹਕੁੰਨ ਢੰਗ ਨਾਲ ਖਾਲਿਸਤਾਨ ਦੇ ਨੇਤਾ ਵਜੋਂ ਪੇਸ਼ ਕਰਕੇ ਨਾ ਕੇਵਲ ਉਨ੍ਹਾਂ ਦੀ ਛਵੀ ਨੂੰ ਬਦਨਾਮ ਕਰਕੇ ਸਗੋਂ ਕਾਂਗਰਸ ਪਾਰਟੀ ਦੁਆਰਾ ਪੇਸ਼ ਕੀਤੇ ਗਏ ਖਾਲਿਸਤਾਨੀ ਬਿਰਤਾਂਤ ਨੂੰ ਸਾਬਤ ਕਰਨ ’ਤੇ ਤੁਲੇ ਹੋਏ ਹਨ, ਅਤੇ ਕਾਂਗਰਸ ਦੇ ਹੱਥਾਂ ਵਿੱਚ ਖੇਡ ਰਹੇ ਹਨ। ਉਨ੍ਹਾਂ ਕਿਹਾ ਕਿ ਸਾਬਕਾ ਅਕਾਲੀ ਮੰਤਰੀ ਜਗਜੀਤ ਸਿੰਘ ਚੌਹਾਨ, ਜਿਸਨੂੰ ਕੈਨੇਡੀਅਨ ਸਿੱਖਾਂ ਵਿੱਚ ਆਈਐਸਆਈ ਦੇ ਏਜੰਟ ਵਜੋਂ ਜਾਣਿਆ ਜਾਂਦਾ ਹੈ, ਨੇ 14 ਜੂਨ 1984 ਨੂੰ ਲੰਡਨ ਵਿੱਚ ਖਾਲਿਸਤਾਨ ਦਾ ਐਲਾਨ ਕੀਤਾ ਸੀ। ਉਸੇ ਡਾ. ਚੌਹਾਨ ਨੂੰ 1989 ਵਿੱਚ ਰਾਜੀਵ ਗਾਂਧੀ ਸਰਕਾਰ ਨੇ ਭਾਰਤ ਆਉਣ ਦੀ ਇਜਾਜ਼ਤ ਦਿੱਤੀ ਸੀ ਅਤੇ ਸ੍ਰੀ ਆਨੰਦਪੁਰ ਸਾਹਿਬ ਵਿੱਚ ਖਾਲਿਸਤਾਨ ਦਾ ਝੰਡਾ ਲਹਿਰਾਉਣ ਤੋਂ ਬਾਅਦ, ਉਨ੍ਹਾਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਸੁਰੱਖਿਅਤ ਇੰਗਲੈਂਡ ਵਾਪਸ ਜਾਣ ਦੀ ਇਜਾਜ਼ਤ ਦਿੱਤੀ ਸੀ। ਕਾਂਗਰਸ ਅਤੇ ਖਾਲਿਸਤਾਨੀਆਂ ਵਿਚਕਾਰ ਗੱਠਜੋੜ ਬਾਰੇ ਹੋਰ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਦੀ ਚਰਨਜੀਤ ਸਿੰਘ ਚੰਨੀ ਸਰਕਾਰ ਦੌਰਾਨ, ਸਿੱਖ ਫਾਰ ਜਸਟਿਸ ਦੇ ਸੰਸਥਾਪਕ ਅਤੇ ਕਨਵੀਨਰ ਅਵਤਾਰ ਸਿੰਘ ਪੰਨੂ ਦੇ ਭਰਾ ਬਲਵਿੰਦਰ ਸਿੰਘ ਪੰਨੂ ਕੋਟਲਾਬਾਮ ਨੂੰ ਪੰਜਾਬ ਊਰਜਾ ਵਿਕਾਸ ਅਥਾਰਟੀ (ਪੇਡਾ) ਦੀ ਸਹਾਇਕ ਕੰਪਨੀ ਪੰਜਾਬ ਜੈਨਕੋ ਲਿਮਟਿਡ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕੁਝ ਨੌਜਵਾਨ ਪੰਜਾਬ ਵਿੱਚ ਸਿੱਖ ਫਾਰ ਜਸਟਿਸ ਦੇ ਆਗੂ ਗੁਰਪਤਵੰਤ ਪੰਨੂ ਵਰਗੇ ਲੋਕਾਂ ਦੇ ਉਕਸਾਵੇ ’ਚ ਫਸ ਕੇ ਜੇਲ੍ਹ ਵਿੱਚ ਹਨ, ਪਰ ਪੰਨੂ ਨੇ ਅੱਜ ਤੱਕ ਉਨ੍ਹਾਂ ਵਿੱਚੋਂ ਕਿਸੇ ਦੀ ਵੀ ਸਾਰ ਨਹੀਂ ਲਈ ਹੈ, ਬੱਚਿਆਂ ਦੇ ਮਾਪੇ ਇਨ੍ਹਾਂ ਲੋਕਾਂ ਨੂੰ ਕੋਸ ਰਹੇ ਹਨ। ਪ੍ਰੋ. ਸਰਚਾਂਦ ਸਿੰਘ ਨੇ ਵੱਖਵਾਦ ਦੀ ਵਕਾਲਤ ਕਰਨ ਵਾਲੀਆਂ ਵਿਦੇਸ਼ੀ ਸਰਕਾਰਾਂ ਨੂੰ ਪਾਕਿਸਤਾਨ ਵਿੱਚ ਚੱਲ ਰਹੀਆਂ ਅੱਤਵਾਦੀ ਗਤੀਵਿਧੀਆਂ ਤੋਂ ਕੁਝ ਸਬਕ ਸਿੱਖਣ ਦੀ ਸਲਾਹ ਦਿੱਤੀ, ਜਿੱਥੇ ਸ਼ਾਸਕਾਂ ਨੇ ਭਾਰਤ ਵਿੱਚ ਅਰਾਜਕਤਾ ਫੈਲਾਉਣ ਲਈ ਅੱਤਵਾਦ ਨੂੰ ਪਾਲਿਆ, ਅਤੇ ਅੱਜ ਇਹੀ ਪਾਕਿਸਤਾਨ ਦੀ ਤਬਾਹੀ ਦਾ ਕਾਰਨ ਬਣ ਰਿਹਾ ਹੈ ਅਤੇ ਲੋਕ ਇਸਦੇ ਨਤੀਜੇ ਭੁਗਤਣ ਲਈ ਮਜਬੂਰ ਹਨ। ਉਨ੍ਹਾਂ ਨੇ ਕੈਨੇਡੀਅਨ ਖੁਫੀਆ ਏਜੰਸੀ ਦੇ ਖੁਲਾਸਿਆਂ ਅਤੇ ਕੈਨੇਡੀਅਨ ਸਰਕਾਰ ਦੁਆਰਾ ਭਾਰਤ ਨੂੰ ਦਿੱਤੇ ਗਏ ਸਮਰਥਨ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਕੈਨੇਡਾ ਦੇ ਸਿੱਖਾਂ ਨੂੰ ਭਾਰਤ ਦੀ ਆਜ਼ਾਦੀ ਲਈ ਗਦਰ ਪਾਰਟੀ ਦੇ ਮੈਂਬਰਾਂ ਵਜੋਂ ਆਪਣੇ ਬਜ਼ੁਰਗਾਂ ਦੁਆਰਾ ਪਾਏ ਗਏ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ।

## ਪੁੱਛੋ .....

ਕੋਈ ਤਾਂ ਰੀਝ ਪੁਗਾ ਲਉ , ਬੱਚਿਉ ਮਾਪਿਆਂ ਦੀ
ਮੁੜ ਨਹੀਂ ਮਿਲਣੇ ਤੁਰ ਗਏ , ਸਾਂਭੋ ਛਾਵਾਂ ਨੂੰ
ਬਹਿਕੇ ਪੁੱਛੋ , ਨਾਲ ਪਿਆਰ ਦੇ ਮਾਪਿਆਂ ਨੂੰ
ਕੀ ਕੀ ਰੀਝਾਂ ਦੱਬੀਆਂ ਭੁੱਲਕੇ ਚਾਵਾਂ ਨੂੰ

ਘੁੱਟੇ ਮਾਪਿਆਂ ਦੇ ਚਾਵਾਂ ਨੂੰ , ਖੁੱਲ੍ਹਕੇ ਬਾਹਰ ਲਿਆਉ
ਲੋੜ ਤੁਹਾਡੀ ਹੈ ਉਹਨਾਂ ਨੂੰ , ਰੰਗਲਾ ਜੱਗ ਵਿਖਾਉ
ਵਕਤ ਰਹਿੰਦਿਆਂ ਸਾਂਭੋ , ਨਾ ਛੱਡ ਜਾਣ ਸਾਹਵਾਂ ਨੂੰ
ਪੁੱਛੋ , ਕੀ ਕੀ ਰੀਝਾਂ ਦੱਬੀਆਂ ਭੁੱਲਕੇ ਚਾਵਾਂ ਨੂੰ

ਵਾਂਗ ਡੰਗੋਰੀ ਲੋੜ ਹੈ ਹੁੰਦੀ , ਬਣ ਜੋ ਤੁਸੀਂ ਸਹਾਰਾ
ਬੁੱਢੇ ਵਾਰੇ ਮਾਪਿਆਂ ਕੋਲੋਂ , ਨਾ ਕਰਿਉ ਕਦੇ ਕਿਨਾਰਾ
ਵਿੱਚ ਉਡੀਕਾਂ , ਨਾ ਰਹਿਣ ਉਡਾਉਂਦੇ ਕਾਵਾਂ ਨੂੰ
ਪੁੱਛੋ , ਕੀ ਕੀ ਰੀਝਾਂ ਦੱਬੀਆਂ ਭੁੱਲਕੇ ਚਾਵਾਂ ਨੂੰ

ਬੱਚਿਆਂ ਦੀ ਖੁਸ਼ਹਾਲੀ ਦੇ ਲਈ , ਮਾਪੇ ਹਰ ਪਲ਼ ਲੜਦੇ
ਸਾਡੇ ਤੋਂ ਵੱਧ ਕਰਨ ਤਰੱਕੀਆਂ , ਧੁੱਪਾਂ ਛਾਵਾਂ ਜ਼ਰਦੇ
ਗੇਟ ਦੇ ਉੱਤੋਂ , ਲਾਹਿਉ ਨਾ ਕਦੇ ਨਾਵਾਂ ਨੂੰ
ਪੁੱਛੋ , ਕੀ ਕੀ ਰੀਝਾਂ ਦੱਬੀਆਂ ਭੁੱਲਕੇ ਚਾਵਾਂ ਨੂੰ

ਆਪਣੇ ਘਰ ਪਰਿਵਾਰਾਂ ਦੇ ਲਈ , ਮਾਪਿਆਂ ਨੂੰ ਨਾ ਰੋਲ਼ੋ
ਤੁਹਾਡੇ ਬੱਚੇ ਵੇਖ ਕੇ ਸਿੱਖਦੇ , ਹੁਣ ਤਾਂ ਅੱਖਾਂ ਖੋਲ੍ਹੋ
ਰੌਣਕ ਕਹਿੰਦਾ , ਚਾਹਵਾਂ ਹੁੰਦੀਆਂ ਰਾਹਵਾਂ ਨੂੰ
ਪੁੱਛੋ , ਕੀ ਕੀ ਰੀਝਾਂ ਦੱਬੀਆਂ ਭੁੱਲਕੇ ਚਾਵਾਂ ਨੂੰ

**-ਇੰਦਰਜੀਤ ਕੌਰ ਵਡਾਲਾ**

ਅੱਜ 24 ਜੂਨ ਨੂੰ ਜਨਮ ਦਿਨ 'ਤੇ ਵਿਸ਼ੇਸ਼

# ਸੰਘਰਸ਼ਸ਼ੀਲ ਆਗੂ ਸਨ - ਮਾਸਟਰ ਤਾਰਾ ਸਿੰਘ



**20ਵੀਂ ਸਦੀ** ਦੇ ਉੱਘੇ ਸਿੱਖ ਆਗੂਆਂ ਵਿੱਚੋਂ ਇਕ ਸਨ, ਮਾਸਟਰ ਤਾਰਾ ਸਿੰਘ । ਜਿਨ੍ਹਾਂ ਸਮੁੱਚਾ ਜੀਵਨ ਸ਼੍ਰੋਮਣੀ ਅਕਾਲੀ ਦਲ ਅਤੇ ਦੇਸ਼ ਵਿੱਚ ਵੱਸਦੇ ਸਮੁੱਚੇ ਸਿੱਖ-ਹਿੱਤਾਂ ਦੇ ਵੱਡੇ ਹਿੱਤਾਂ ਲਈ ਸੰਘਰਸ਼ ਕੀਤਾ । ਮਾਸਟਰ ਜੀ ਦਾ ਜਨਮ ਲਹਿੰਦੇ ਪੰਜਾਬ (ਪਾਕਿਸਤਾਨ) ਦੇ ਜ਼ਿਲ੍ਹਾ ਰਾਵਲਪਿੰਡੀ ਦੇ ਹਰਿਆਲ ਪਿੰਡ ਵਿੱਚ ਪਿਤਾ ਬਖਸ਼ੀ ਮੂਲ ਚੰਦ ਮਲਹੋਤਰਾ (ਜੋ ਕਿੱਤੇ ਵਜੋਂ ਪਟਵਾਰੀ ਸਨ) ਅਤੇ ਮਾਤਾ ਮੂਲਾਂ ਦੇਵੀ ਦੇ ਗ੍ਰਹਿ ਵਿਖੇ 24 ਜੂਨ, 1885 ਨੂੰ ਹੋਇਆ ।ਮਾਸਟਰ ਜੀ ਦਾ ਪਹਿਲਾ ਨਾਂਅ ਨਾਨਕ ਚੰਦ ਸੀ, ਪਰ ਸਿੰਘ ਸਭਾ ਲਹਿਰ ਅਤੇ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਨਾ ਦੇ ਪ੍ਰਭਾਵ ਵਿੱਚ 1902 ਈ: ਵਿੱਚ ਅੰਮ੍ਰਿਤ ਛੱਕ ਕੇ ਸਿੰਘ ਸੱਜ ਗਏ ।ਹੁਣ ਆਪ ਨਾਨਕ ਚੰਦ ਤੋਂ ਤਾਰਾ ਸਿੰਘ ਬਣ ਗਏ । ਮੁੱਢਲੀ ਸਿੱਖਿਆ ਉਨ੍ਹਾਂ ਪਿੰਡ ਦੇ ਮਦਰੱਸੇ ਤੋਂ ਪ੍ਰਾਪਤ ਕੀਤੀ ।ਮਾਸਟਰ ਜੀ ਨੇ ਉੱਚ ਸਿੱਖਿਆ ਖ਼ਾਲਸਾ ਕਾਲਜ ਅੰਮ੍ਰਿਤਸਰ ਤੋਂ ਪ੍ਰਾਪਤ ਕੀਤੀ । ਇਥੋਂ ਗ੍ਰੈਜੂਏਸ਼ਨ ਕਰਨ ਤੋਂ ਪਿੱਛੋਂ ਲਾਹੌਰ ਤੋਂ ਬੀ।ਟੀ। ਪਾਸ ਕੀਤੀ । ਟੀਚਰ ਟ੍ਰੇਨਿੰਗ ਲਈ ਬੈਚੂਲਰ ਦੀ ਡਿਗਰੀ ਪ੍ਰਾਪਤ ਹੋਣ ਤੋਂ ਬਾਅਦ ਮਾਸਟਰ ਤਾਰਾ ਸਿੰਘ ਖ਼ਾਲਸਾ ਹਾਈ ਸਕੂਲ ਦੇ ਹੈੱਡਮਾਸਟਰ ਵਜੋਂ ਨਿਯੁੱਕਤ ਹੋਏ ।

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



ਗੁਰਦੁਆਰਾ ਸੁਧਾਰ ਲਹਿਰ ਅਜਿਹੀ ਲਹਿਰ ਸੀ, ਜਿਸ ਦਾ ਅਸਰ ਹਰ ਸਿੱਖ ਨੌਜਵਾਨ ਨੇ ਕਬੂਲ ਕੀਤਾ । ਮਾਸਟਰ ਜੀ ਵੀ ਇਸ ਲਹਿਰ ਵਿੱਚ ਕੁੱਦ ਪਏ । ਛੇਤੀ ਹੀ ਅੰਗ੍ਰੇਜ਼ ਹਕੂਮਤ ਨੇ ਬਾਕੀ ਅਕਾਲੀ ਆਗੂਆਂ ਵਾਂਗ ਮਾਸਟਰ ਜੀ ਨੂੰ ਵੀ ਗ੍ਰਿਫਤਾਰ ਕਰ ਲਿਆ ।ਜਦੋਂ ਬਾਕੀ ਲੀਡਰਾਂ ਨਾਲ ਮਾਸਟਰ ਜੀ ਜੇਲ੍ਹ ਤੋਂ ਬਾਹਰ ਆਏ, ਉਸ ਸਮੇਂ ਅੰਗ੍ਰੇਜ਼ ਸਰਕਾਰ ਵੱਲੋਂ ਗੁਰਦੁਆਰਾ ਐਕਟ-1925 ਈ: ਵਿੱਚ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਲਈ ਲਾਗੂ ਕੀਤਾ । ਅਕਾਲੀ ਦਲ ਨੂੰ ਇਸੇ ਐਕਟ ਨੇ ਦੋ ਹਿੱਸਿਆਂ ਵਿੱਚ ਵੰਡ ਦਿੱਤਾ । ਮਾਸਟਰ ਜੀ ਦੂਜੇ ਧੜੇ ਨਾਲ ਜੁੜ ਗਏ । ਜਿਹੜਾ ਧੜਾ ਇਸ ਐਕਟ ਨੂੰ ਮੰਨਣ ਤੋਂ ਇਨਕਾਰੀ ਸੀ । ਜਦੋਂ 1926 ਈ: ਵਿੱਚ ਦੂਜੇ ਧੜੇ ਦੇ ਆਗੂ ਜੇਲ੍ਹ ਵਿੱਚੋਂ ਬਾਹਰ ਆਏ ਤਾਂ ਆਪ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਣਾਇਆ ਗਿਆ । ਇਸ ਤੋਂ ਪਿੱਛੋਂ ਸਮੇਂ-ਸਮੇਂ ਮਾਸਟਰ ਜੀ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ ਆਪਣੇ ਫਰਜ਼ ਨਿਭਾਉਂਦੇ ਰਹੇ ।

ਦੇਸ਼ ਦੀ ਵੰਡ ਤੋਂ ਬਾਅਦ ਫਰਵਰੀ, 1949 ਈ: ਵਿੱਚ ਜਦੋਂ ਦਿੱਲੀ ਵਿੱਚ ਆਪ ਅਕਾਲੀ ਕਾਨਫਰੰਸ ਵਿੱਚ ਹਿੱਸਾ ਲੈਣ ਜਾ ਰਹੇ ਸਨ ਤਾਂ ਅਜ਼ਾਦ ਦੇਸ਼ ਵਿੱਚ ਦਿੱਲੀ ਵਿੱਚ ਦਾਖਲ ਹੋਣ ਤੋਂ ਪਹਿਲਾਂ ਨਰੇਲਾ ਸਟੇਸ਼ਨ 'ਤੇ ਗ੍ਰਿਫਤਾਰ ਕਰ ਲਿਆ ਗਿਆ । ਰਿਹਾਈ ਤੋਂ ਪਿੱਛੋਂ ਆਪ ਨੇ ਭਾਸ਼ਾ 'ਤੇ ਆਧਾਰਿਤ ਪੰਜਾਬੀ ਸੂਬੇ ਲਈ ਸੰਘਰਸ਼ ਦਾ ਐਲਾਨ ਕਰ ਦਿੱਤਾ । 1960 ਈ: ਵਿੱਚ ਹੋਈਆਂ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਵਿੱਚ ਮਾਸਟਰ ਜੀ ਦੀ ਅਗਵਾਈ ਵਿੱਚ ਅਕਾਲੀ ਦਲ ਨੇ 140 ਸੀਟਾਂ ਵਿੱਚੋਂ 136 ਸੀਟਾਂ ਅਕਾਲੀ ਦਲ ਲਈ ਜਿੱਤੀਆਂ ।ਆਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚੁਣੇ ਗਏ । ਛੇਤੀ ਹੀ ਪ੍ਰਧਾਨਗੀ ਛੱਡ ਕੇ ਪੰਜਾਬੀ ਸੂਬੇ ਦੇ ਅੰਦੋਲਨ ਨੂੰ ਸ਼ੁਰੂ ਕਰ ਦਿੱਤਾ ।

ਅੰਮ੍ਰਿਤਸਰ ਵਿੱਚ ਪੰਜਾਬੀ ਸੂਬਾ ਕਨਵੈਨਸ਼ਨ ਵਿੱਚ ਪੰਜਾਬੀ ਸੂਬਾ ਬਨਾਉਣ ਲਈ ਮਤਾ ਪਾਸ ਕਰਵਾਇਆ । ਦਿੱਲੀ ਵਿੱਚ ਪ੍ਰਭਾਵਸ਼ਾਲੀ ਜਲੂਸ ਕੱਢਣ ਦਾ ਐਲਾਨ ਕੀਤਾ । ਇਸ ਜਲੂਸ ਵਿੱਚ ਸ਼ਾਮਿਲ ਹੋਣ ਤੋਂ ਪਹਿਲਾਂ ਮਾਸਟਰ ਜੀ ਨੂੰ ਗ੍ਰਿਫਤਾਰ ਕਰ ਲਿਆ ਗਿਆ । ਪਰ ਗ੍ਰਿਫਤਾਰੀ ਪਿੱਛੋਂ ਸਿੱਖਾਂ ਨੇ ਪੰਜਾਬੀ ਸੂਬੇ ਦੀ ਮੰਗ ਲਈ ਸ਼ਾਨਦਾਰ ਜਲੂਸ ਕੱਢਿਆ । 4 ਜਨਵਰੀ, 1961 ਨੂੰ ਰਿਹਾਅ ਹੋ ਕੇ ਸੰਤ ਬਾਬਾ ਫਤਹਿ ਸਿੰਘ ਵੱਲੋਂ ਸ਼ੁਰੂ ਕੀਤਾ ਮਰਨ ਵਰਤ ਖੁੱਲ੍ਹਵਾਇਆ । ਮਾਸਟਰ ਜੀ ਵੱਲੋਂ ਸੱਚਾ ਢੰਡੋਰਾ ਅਤੇ ਪ੍ਰਦੇਸੀ ਖ਼ਾਲਸਾ ਸਪਤਾਹਿਕ ਮੈਗਜ਼ੀਨ ਵੀ ਸ਼ੁਰੂ ਕੀਤੇ ਗਏ, ਜੋ ਪਿੱਛੋਂ ਜਾ ਕੇ ਅਕਾਲੀ ਅਖ਼ਬਾਰ ਦੇ ਰੂਪ ਵਿੱਚ ਬਦਲ ਗਏ । 1961 ਈ: ਵਿੱਚ ਜਥੇਦਾਰ ਅਖ਼ਬਾਰ ਛਪਣਾ ਸ਼ੁਰੂ ਹੋਇਆ । ਉਰਦੂ ਵਿੱਚ ਪੰਥਕ ਹਿੱਤਾਂ ਲਈ ਅਤੇ ਮਹਾਸ਼ਾ ਪ੍ਰੈਸ ਦੇ ਜਵਾਬ ਲਈ ਪ੍ਰਭਾਤ ਅਖ਼ਬਾਰ ਵੀ ਕੱਢਿਆ । 1946 ਈ: ਵਿੱਚ ਆਪ ਜੀ ਵੱਲੋਂ ਸ਼ੁਰੂ ਕੀਤਾ ਗਿਆ ਸੰਤ ਸਿਪਾਹੀ ਮਾਸਿਕ ਪੱਤਰ ਹੁਣ ਤੱਕ ਛੱਪ ਰਿਹਾ ਹੈ । ਮਾਸਟਰ ਤਾਰਾ ਸਿੰਘ ਅਜਿਹੀ ਸ਼ਖ਼ਸੀਅਤ ਸਨ, ਜਿਨ੍ਹਾਂ ਦਾ ਪੂਰਾ ਜੀਵਨ ਸਿੱਖ ਹਿੱਤਾਂ ਲਈ ਸੰਘਰਸ਼ ਕਰਦਿਆਂ ਬੀਤਿਆ । ਮਾਸਟਰ ਜੀ ਆਪਣੇ ਲੱਖਾਂ ਸਨੇਹੀਆਂ ਤੇ ਪਿਆਰਿਆਂ ਨੂੰ 22 ਨਵੰਬਰ, 1967 ਈ: ਨੂੰ ਸਦੀਵੀ ਵਿਛੋੜਾ ਦੇ ਗਏ । ਅੱਜ ਕੇਵਲ ਉਨ੍ਹਾਂ ਦੀ ਯਾਦ ਹੀ ਬਾਕੀ ਹੈ। ••

ਭਾਰਤ ਵਿੱਚ ਔਰਤਾਂ ਸੁਰੱਖਿਅਤ ਨਹੀਂ

# ਇਕੱਲੀਆਂ ਯਾਤਰਾ ਨਾ ਕਰਨ : ਅਮਰੀਕੀ ਵਿਦੇਸ਼ ਵਿਭਾਗ



**ਨਵੀਂ ਦਿੱਲੀ 23 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਅਮਰੀਕੀ ਵਿਦੇਸ਼ ਵਿਭਾਗ ਨੇ ਭਾਰਤ ਦੀ ਯਾਤਰਾ ਕਰਨ ਵਾਲੇ ਆਪਣੇ ਨਾਗਰਿਕਾਂ ਲਈ ਲੈਵਲ-2 ਯਾਤਰਾ ਚੇਤਾਵਨੀ ਜਾਰੀ ਕੀਤੀ ਹੈ। ਇਸ ਵਿੱਚ, ਅਮਰੀਕੀ ਨਾਗਰਿਕਾਂ ਨੂੰ ਭਾਰਤ ਵਿੱਚ ਅਪਰਾਧ ਅਤੇ ਅੱਤਵਾਦ ਦੇ ਕਾਰਨ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਗਈ ਹੈ। 16 ਜੂਨ ਨੂੰ ਜਾਰੀ ਕੀਤੀ ਗਈ ਇਸ ਸਲਾਹ ਵਿੱਚ ਕਿਹਾ ਗਿਆ ਹੈ ਕਿ 'ਬਲਾਤਕਾਰ ਇਸ ਸਮੇਂ ਭਾਰਤ ਵਿੱਚ ਸਭ ਤੋਂ ਤੇਜ਼ੀ ਨਾਲ ਵਧ ਰਹੇ ਅਪਰਾਧਾਂ ਵਿੱਚੋਂ ਇੱਕ ਹੈ'। ਸੈਰ-ਸਪਾਟਾ ਸਥਾਨਾਂ ਅਤੇ ਹੋਰ ਥਾਵਾਂ 'ਤੇ ਜਿਨਸੀ ਹਮਲੇ ਸਮੇਤ ਹਿੰਸਕ ਅਪਰਾਧ ਹੁੰਦੇ ਹਨ। ਜਾਰੀ ਕੀਤੀ ਗਈ ਸਲਾਹ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਅੱਤਵਾਦੀ ਬਿਨਾਂ ਕਿਸੇ ਚੇਤਾਵਨੀ ਦੇ ਹਮਲਾ ਕਰ ਸਕਦੇ ਹਨ। ਉਹ ਸੈਰ-ਸਪਾਟਾ ਸਥਾਨਾਂ, ਆਵਾਜਾਈ ਕੇਂਦਰਾਂ, ਬਾਜ਼ਾਰਾਂ, ਸ਼ਾਪਿੰਗ ਮਾਲਾਂ, ਸਰਕਾਰੀ ਸੰਸਥਾਵਾਂ ਨੂੰ ਨਿਸ਼ਾਨਾ ਬਣਾਉਂਦੇ ਹਨ। ਇਸ ਜੋਖਮ ਦੇ ਕਾਰਨ, ਭਾਰਤ ਵਿੱਚ ਕੰਮ ਕਰਨ ਵਾਲੇ ਅਮਰੀਕੀ ਸਰਕਾਰੀ ਕਰਮਚਾਰੀਆਂ ਨੂੰ ਯਾਤਰਾ ਲਈ ਵਿਸ਼ੇਸ਼ ਇਜਾਜ਼ਤ ਲੈਣੀ ਪਵੇਗੀ। ਵਿਦੇਸ਼ ਵਿਭਾਗ ਨੇ ਕਿਹਾ ਕਿ ਅਮਰੀਕੀ ਸਰਕਾਰ ਕੋਲ ਪੇਂਡੂ ਖੇਤਰਾਂ ਵਿੱਚ ਅਮਰੀਕੀ ਨਾਗਰਿਕਾਂ ਨੂੰ ਐਮਰਜੈਂਸੀ ਸੇਵਾਵਾਂ ਪ੍ਰਦਾਨ ਕਰਨ ਦੀ ਸੀਮਤ ਸਮਰੱਥਾ ਹੈ। ਜੋਖਮ ਵਾਲੇ ਰਾਜ ਅੰਦਰ ਮਹਾਰਾਸ਼ਟਰ ਦੇ ਕੁਝ ਹਿੱਸੇ ਅਤੇ ਉੱਤਰੀ ਤੇਲੰਗਾਨਾ ਤੋਂ ਲੈ ਕੇ ਬੰਗਾਲ ਦੇ ਪੱਛਮ ਤੱਕ ਫੈਲੇ ਹੋਏ ਹਨ। ਸਲਾਹ ਵਿੱਚ ਖਾਸ ਤੌਰ 'ਤੇ ਕਿਹਾ ਗਿਆ ਹੈ ਕਿ ਇਕੱਲੇ ਯਾਤਰਾ ਨਾ ਕਰੋ, ਖਾਸ ਕਰਕੇ ਜੇ ਤੁਸੀਂ ਇੱਕ ਔਰਤ ਹੋ। ਇਸ ਤੋਂ ਇਲਾਵਾ, ਸਲਾਹਕਾਰੀ ਵਿੱਚ ਬਿਹਾਰ, ਝਾਰਖੰਡ, ਛੱਤੀਸਗੜ੍ਹ, ਪੱਛਮੀ ਬੰਗਾਲ, ਮੇਘਾਲਿਆ, ਓਡੀਸ਼ਾ ਦਾ ਜ਼ਿਕਰ ਕੀਤਾ ਗਿਆ ਹੈ ਅਤੇ ਕਿਹਾ ਗਿਆ ਹੈ ਕਿ ਜੇਕਰ ਕਰਮਚਾਰੀ ਇਨ੍ਹਾਂ ਰਾਜਾਂ ਦੀ ਰਾਜਧਾਨੀ ਤੋਂ ਇਲਾਵਾ ਕਿਸੇ ਹੋਰ ਸ਼ਹਿਰ ਦੀ ਯਾਤਰਾ ਕਰਨਾ ਚਾਹੁੰਦੇ ਹਨ, ਤਾਂ ਇਸ ਲਈ ਇਜਾਜ਼ਤ ਲੈਣੀ ਜ਼ਰੂਰੀ ਹੈ। ਨੇਪਾਲ-ਭਾਰਤ ਸਰਹੱਦ ਦੇ ਜ਼ਮੀਨੀ ਰਸਤੇ ਨੂੰ ਪਾਰ ਨਾ ਕਰੋ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਮੁੱਚੇ ਵਿਸ਼ਵ ਨੂੰ ਸ਼ਾਂਤੀ ਤੇ ਸਦਭਾਵਨਾ ਨਾਲ ਜੀਵਨ ਜਿਉਣ ਦਾ ਸੰਦੇਸ਼ ਦੇ ਰਹੇ ਹਨ : ਜੌਹਲ



**ਜਲੰਧਰ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਅੱਜ ਜਦੋਂ ਦੁਨੀਆਂ ਦੇ ਸਾਰੇ ਦੇਸ਼ ਤੀਜੀ ਸੰਸਾਰ ਜੰਗ ਦੀ ਕਗਾਰ 'ਤੇ ਖੜ੍ਹੇ ਦਿਖਾਈ ਦੇ ਰਹੇ ਹਨ। ਅੱਜ ਸਮੁੱਚੀ ਦੁਨੀਆਂ ਦੇ ਵੱਡੇ ਦੇਸ਼ ਇੱਕ-ਦੂਸਰੇ ਨੂੰ ਅੱਖਾਂ ਦਿਖਾ ਰਹੇ ਹਨ। ਇਸ ਸਬੰਧ ਵਿੱਚ ਅੱਜ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ, ਜਿੱਥੇ ਮਨੁੱਖ ਨੂੰ ਜੀਵਨ-ਜਾਚ ਦਾ ਸੰਦੇਸ਼ ਦੇ ਰਹੀ ਹੈ। ਵਿਸ਼ਵ ਦੀ ਸ਼ਾਂਤੀ ਲਈ ਸਦਭਾਵਨਾ ਤੇ ਪਿਆਰ ਨਾਲ ਜੀਵਨ ਬਸਰ ਕਰਦਿਆਂ ਪਾਵਨ ਬਾਣੀ ਵਿਸ਼ਵ ਦੀ ਇਕਲੌਤੀ ਆਸ ਵਜੋਂ ਵੱਡੀ ਗਲਵਕੜੀ ਤੇ ਪ੍ਰੇਮ ਦੀਆਂ ਪੱਕੀਆਂ ਤੇ ਪੀਢੀਆਂ ਗੰਢਾਂ ਪਾ ਕੇ ਸਰਬੱਤ ਦੇ ਭਲੇ ਲਈ ਮੂਹਰੀ ਰੋਲ ਨਿਭਾ ਰਹੀ ਹੈ। ਇਹ ਵਿਚਾਰ ਗੁਰਦੁਆਰਾ ਸ੍ਰੀ ਗੁਰ ਹਰਿ ਰਾਇ ਸਾਹਿਬ ਵੈਸਟ ਬਰੋਮਿਚ ਬਰਮਿੰਘਮ (ਯੂ. ਕੇ.) ਵਿਖੇ ਰਸੀ ਹੋਈ ਆਤਮਾ ਬਾਬਾ ਬਿਸ਼ਨ ਸਿੰਘ ਤਰਨਾ ਦਲ, ਬਾਬਾ ਬਕਾਲਾ ਸਾਹਿਬ ਦੀ 31ਵੀਂ ਸਾਲਾਨਾ ਯਾਦ ਵਿੱਚ ਹੋ ਰਹੇ ਗੁਰਮਤਿ ਸਮਾਗਮ ਦੌਰਾਨ ਵੱਡੀ ਗਿਣਤੀ ਸ਼ਾਮਲ ਸੰਗਤ ਨੂੰ ਸੰਬੋਧਨ ਕਰਦਿਆਂ ਪ੍ਰਸਿੱਧ ਸਿੱਖ ਚਿੰਤਕ ਤੇ ਪੰਥਕ ਬੁਲਾਰੇ ਭਗਵਾਨ ਸਿੰਘ ਜੌਹਲ ਨੇ ਪ੍ਰਗਟ ਕੀਤੇ। ਇਸ ਮੌਕੇ ਤੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਦਇਆ ਸਿੰਘ ਅਤੇ ਸਮੁੱਚੇ ਪ੍ਰਬੰਧਕਾਂ ਨੇ ਸ. ਜੌਹਲ ਨੂੰ ਉਚੇਚੇ ਤੌਰ 'ਤੇ ਸਨਮਾਨਿਤ ਵੀ ਕੀਤਾ। ਸਮਾਗਮ ਤੋਂ ਉਪਰੰਤ ਭਾਈ ਦਇਆ ਸਿੰਘ ਨੇ ਅੱਜ ਦੇ ਗੁਰਮਤਿ ਸਮਾਗਮ ਸ਼ਾਮਲ ਸਮੁੱਚੀ ਸੰਗਤ ਦਾ ਧੰਨਵਾਦ ਕਰਦਿਆਂ ਤਰਨਾ ਦਲ ਬਾਬਾ ਬਕਾਲਾ ਸਾਹਿਬ ਦੇ ਲੰਮਾ ਸਮਾਂ ਮੁਖੀ ਰਹੇ ਬਿਸ਼ਨ ਸਿੰਘ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਸੇਵਾ ਤੇ ਸਿਮਰਨ ਵਿੱਚ ਪ੍ਰਪੱਕ ਹੋਣ ਲਈ ਬੇਨਤੀ ਵੀ ਕੀਤੀ।

# ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਅਸਾਮ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਦੇ ਪ੍ਰਬੰਧਾਂ ਸਬੰਧੀ ਯੂਪੀ 'ਚ ਇਕੱਤਰਤਾਵਾਂ



**ਨਵੀਂ ਦਿੱਲੀ, 23 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਧੋਬੜੀ ਸਾਹਿਬ ਅਸਾਮ ਤੋਂ ਸਜਾਏ ਜਾ ਰਹੇ ਨਗਰ ਕੀਰਤਨ ਦੇ ਪ੍ਰਬੰਧਾਂ ਸਬੰਧੀ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਨੇ ਉੱਤਰ ਪ੍ਰਦੇਸ਼ ਵਿਖੇ ਕਾਰਸੇਵਾ ਵਾਲੇ ਮਹਾਂਪੁਰਖਾਂ ਅਤੇ ਵੱਖ-ਵੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਇਕੱਤਰਤਾਵਾਂ ਕੀਤੀਆਂ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਗਰ ਕੀਰਤਨ ਦੇ ਪ੍ਰਬੰਧਾਂ ਸਬੰਧੀ ਉੱਤਰ ਪ੍ਰਦੇਸ਼ ਗਏ ਭਾਈ ਅਜੈਬ ਸਿੰਘ ਅਭਿਆਸੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਨਵੰਬਰ 2025 'ਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਦੱਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਤਾਗੱਦੀ ਦਿਵਸ ਦੀ 350 ਸਾਲਾ ਸ਼ਤਾਬਦੀ ਕੌਮੀ ਜਾਹੋ ਜਲਾਲ ਨਾਲ ਮਨਾਈ ਜਾ ਰਹੀ ਹੈ। ਇਸ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਦੇਸ਼ ਦੇ ਵੱਖ-ਵੱਖ ਸਹਿਰਾਂ ਵਿੱਚ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਉਥੇ ਹੀ ਵਿਸ਼ੇਸ਼ ਤੌਰ 'ਤੇ ਨਗਰ ਕੀਰਤਨ ਵੀ ਸਜਾਏ ਜਾਣਗੇ। ਇਸੇ ਤਹਿਤ ਇੱਕ ਵਿਸ਼ੇਸ਼ ਨਗਰ ਕੀਰਤਨ ਗੁਰਦੁਆਰਾ ਧੋਬੜੀ ਸਾਹਿਬ (ਅਸਾਮ) ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਸਜਾਇਆ ਜਾਣਾ ਹੈ।

ਉਨ੍ਹਾਂ ਕਿਹਾ ਕਿ ਮਾਨਯੋਗ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਉੱਤਰ ਪ੍ਰਦੇਸ਼ ਵਿਖੇ ਨਗਰ ਕੀਰਤਨ ਦੇ ਸਵਾਗਤ ਅਤੇ ਪ੍ਰਬੰਧਾਂ ਨੂੰ ਲੈ ਕੇ ਬਾਬਾ ਬਚਨ ਸਿੰਘ, ਬਾਬਾ ਸੁਰਿੰਦਰ ਸਿੰਘ ਕਾਰਸੇਵਾ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਨਵੀਂ ਦਿੱਲੀ, ਬਾਬਾ ਪ੍ਰੀਤਮ ਸਿੰਘ ਗੁਰਦੁਆਰਾ ਕਾ ਤਾਲ ਆਗਰਾ, ਬਾਬਾ ਹਰਵਿੰਦਰ ਸਿੰਘ ਇੰਦੌਰ ਤੇ ਹੋਰ ਪ੍ਰਬੰਧਕਾਂ ਨਾਲ ਇਕੱਤਰਤਾਵਾਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪ੍ਰਬੰਧਕਾਂ ਨੇ ਸ਼ਤਾਬਦੀ ਮੌਕੇ ਸਜਾਏ ਜਾਣ ਵਾਲੇ ਨਗਰ ਕੀਰਤਨ ਦਾ ਯੂਪੀ ਵਿਚ ਭਰਵਾਂ ਸਵਾਗਤ ਕਰਨ ਅਤੇ ਹੋਰ ਪ੍ਰਬੰਧਾਂ ਲਈ ਸ਼੍ਰੋਮਣੀ ਕਮੇਟੀ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਹੈ। ਇਸ ਮੌਕੇ ਯੂਪੀ ਸਿੱਖ ਮਿਸ਼ਨ ਹਾਪੜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ, ਸ. ਸੰਦੀਪ ਸਿੰਘ ਤੇ ਭਾਈ ਸੁਰਿੰਦਰ ਸਿੰਘ ਪੱਟੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਵੇ ਹੁਕਮ, ਹਰੇਕ ਘਰ 'ਚ ਜਿੰਨੇ ਮੈਂਬਰ ਓਨੇ ਸ਼ਸਤਰ ਹੋਣੇ ਚਾਹੀਦੇ ਨੇ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ

# ਚਰਖੇ ਅਤੇ ਯੋਗੇ ਨਾਲ ਅਜ਼ਾਦੀ ਨਹੀਂ ਮਿਲਦੀ, ਸ਼ਸਤਰਧਾਰੀ ਹੋ ਕੇ ਜੂਝਣਾ ਪੈਂਦਾ ਹੈ



**ਅੰਮ੍ਰਿਤਸਰ, 23 ਜੂਨ ( ਆਵਾਜ਼ਿ ਕੌਮ ਬਿਊਰੋ)**-ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੁਕਮ ਜਾਰੀ ਹੋਣਾ ਚਾਹੀਦਾ ਹੈ ਕਿ ਸਿੱਖਾਂ ਦੇ ਹਰੇਕ ਘਰ ਵਿੱਚ ਜਿੰਨੇ ਮੈਂਬਰ ਓਨੇ ਸ਼ਸਤਰ ਹੋਣੇ ਚਾਹੀਦੇ ਨੇ ਤੇ ਜੇਕਰ ਇਸ ਹੁਕਮ ਨੂੰ ਮੰਨਣ ਵਿੱਚ ਕੋਈ ਢਿਲਿਆਈ ਜਾਂ ਵਿਰੋਧ ਕਰਦਾ ਹੈ ਤਾਂ ਉਸ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਤਲਬ ਕਰਕੇ ਤਨਖਾਹ ਲਗਾ ਕੇ ਗੁਰਮਤਿ ਸਮਝਾਉਣੀ ਚਾਹੀਦੀ ਹੈ। ਸ੍ਰੀ ਅੰਮ੍ਰਿਤਸਰ ਦੇ ਪਿੰਡ ਸੁਲਤਾਨਵਿੰਡ 'ਚ ਗੁਰਦੁਆਰਾ ਅਟਾਰੀ ਸਾਹਿਬ ਵਿਖੇ ਕੌਮਾਂਤਰੀ ਗੱਤਕਾ ਦਿਹਾੜਾ ਮਨਾਉਂਦਿਆਂ ਭਾਈ ਰਣਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਸਿੱਖਾਂ ਦਾ ਹਿੰਦੂਆਂ ਦੇ ਯੋਗਾ ਦਿਵਸ ਨਾਲ ਕੋਈ ਸੰਬੰਧ ਨਹੀਂ, ਸਿੱਖ ਇਸ ਦਿਨ ਕੌਮਾਂਤਰੀ ਗੱਤਕਾ ਦਿਹਾੜਾ ਮਨਾਉਂਦੇ ਹਨ। ਸਿੱਖ ਨਾ ਤਾਂ ਹਿੰਦੂ ਹਨ ਅਤੇ ਨਾ ਹੀ ਭਾਰਤੀ, ਸਿੱਖ ਇੱਕ ਵੱਖਰੀ ਕੌਮ ਤੇ ਨਿਵੇਕਲਾ ਧਰਮ ਹੈ। ਉਹਨਾਂ ਕਿਹਾ ਕਿ ਚਰਖੇ ਅਤੇ ਯੋਗਾ ਕਰਨ ਨਾਲ ਆਜ਼ਾਦੀ ਨਹੀਂ ਮਿਲਦੀ, ਸਗੋਂ ਸ਼ਸਤਰਧਾਰੀ ਹੋ ਕੇ ਜੂਝਣਾ ਪੈਂਦਾ ਹੈ। ਉਹਨਾਂ ਕਿਹਾ ਕਿ ਯੋਗਾ ਦੀ ਆੜ ਹੇਠ ਸਿੱਖਾਂ ਨੂੰ ਹਿੰਦੂਤਵ ਦੇ ਸਮੁੰਦਰ 'ਚ ਡੋਬਣ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਨੇ, ਪਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਦੇ ਯਤਨਾਂ ਸਦਕਾ ਸਿੱਖ ਕੌਮ ਯੋਗਾ ਦਿਵਸ ਨੂੰ ਨਕਾਰ ਕੇ ਗੱਤਕਾ ਦਿਹਾੜਾ ਮਨਾ ਰਹੀ ਹੈ ਕਿਉਂਕਿ ਸ਼ਸਤਰ ਸਾਡੇ ਸਿਧਾਂਤਾਂ, ਪ੍ਰੰਪਰਾਵਾਂ ਅਤੇ ਰਵਾਇਤਾਂ ਦਾ ਹਿੱਸਾ ਹਨ ਤੇ ਸ਼ਸਤਰਧਾਰੀ ਹੋਣ ਦਾ ਸਾਡੇ ਗੁਰੂ ਦਾ ਹੁਕਮ ਹੈ। ਉਹਨਾਂ ਕਿਹਾ ਕਿ ਸ਼ਸਤਰਾਂ ਨਾਲ ਹੀ ਅਸੀਂ ਹਿੰਦੂਆਂ ਦੀਆਂ ਬਹੂ ਬੇਟੀਆਂ ਗਜ਼ਨੀ ਦੇ ਬਜ਼ਾਰਾਂ ਵਿੱਚੋਂ ਬਚਾ ਕੇ ਲਿਆਉਂਦੇ ਰਹੇ ਅਤੇ ਮੁਗਲ ਤੇ ਅੰਗਰੇਜ਼ ਹਕੂਮਤ ਵਿਰੁੱਧ ਲਹੂ ਡੋਲਵੀਂ ਲੜਾਈ ਲੜੀ। ਜੇ ਜੂਨ 1984 ਵਿੱਚ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਕੋਲ ਸ਼ਸਤਰ ਨਾ ਹੁੰਦੇ ਤਾਂ ਅੰਮ੍ਰਿਤਸਰ ਵਿੱਚ ਵੀ ਨਵੰਬਰ 1984 ਵਾਂਗ ਦਿੱਲੀ ਵਾਲੀ ਨਸਲਕੁਸ਼ੀ ਹੋਣੀ ਸੀ ਪਰ ਹਥਿਆਰਾਂ ਨਾਲ ਸੂਰਮਿਆਂ ਨੇ ਚਮਕੌਰ ਦੀ ਗੜ੍ਹੀ ਵਾਂਗ ਸ਼ਾਨਾਮੱਤਾ ਇਤਿਹਾਸ ਸਿਰਜਿਆ। ਉਹਨਾਂ ਕਿਹਾ ਕਿ ਦੁਨੀਆਂ ਭਰ ਵਿੱਚ ਹਰ ਸਿੱਖ ਦੇ ਘਰ ਰਵਾਇਤੀ ਸਿੱਖ ਸ਼ਸਤਰਾਂ ਵਿੱਚੋਂ ਪੰਜ ਸ਼ਸਤਰ ਤਾਂ ਲਾਜ਼ਮੀ ਹੋਣ, ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੁਕਮ ਹੋਵੇ ਕਿ ਘਰ ਦੇ ਜਿੰਨੇ ਮੈਂਬਰ ਓਨੀਆਂ ਹੀ ਵੱਡੀਆਂ ਕਿਰਪਾਨਾਂ ਹੋਣੀਆਂ ਚਾਹੀਦੀਆਂ ਹਨ, ਹਰ ਸਿੱਖ ਸ਼ਸਤਰਧਾਰੀ ਹੋ ਕੇ ਗੁਰਦੁਆਰੇ ਆਇਆ ਕਰੇ ਤੇ ਹਰੇਕ ਸਮੇਂ ਆਪਣੇ ਕੋਲ ਘੱਟ ਤੋਂ ਘੱਟ ਇੱਕ ਸ਼ਸਤਰ ਜ਼ਰੂਰ ਰੱਖੇ।

ਪੁਲੀਸ ਜਿਆਦਤੀ ਦੇ ਸ਼ਿਕਾਰ ਦਲਿਤਾਂ ਦੀ ਵਕਾਲਤ ਲਈ ਗਿੱਲ ਮਿਲੇ ਐਸ ਸੀ ਕਮਿਸ਼ਨ ਦੇ ਮੈਂਬਰ ਨੂੰ

# ਪਿੰਡਾਂ ਦੀਆਂ ਸੱਥਾਂ 'ਚ ਸੰਗਤ ਦਰਸ਼ਨ ਕਰਨ ਦਾ ਦਿੱਤਾ ਸੱਦਾ

ਫਰਜੀ ਵਕੂਏ ਪੜਤਾਲ ਅਧੀਨ ਲਿਆਉਂਣ ਲਈ ਕਮਿਸ਼ਨ ਨੇ ਭਰੀ ਹਾਮੀਂ



**ਚੌਂਕ ਮਹਿਤਾ, 23 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੁਲੀਸ ਜਿਆਦਤੀ ਦੀਆਂ ਵੱਧ ਰਹੀਆਂ ਘਟਨਾਵਾਂ ਨੂੰ ਲੈਕੇ ਦਲਿਤ ਹਲਕਿਆਂ 'ਚ ਪੈਦਾ ਹੋਈ ਡਰਾਉਂਣੀ ਸਥਿਤੀ ਨੂੰ ਲੈਕੇ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਸ੍ਰ ਗੁਰਪ੍ਰੀਤ ਸਿੰਘ ਮੈਂਬਰ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਨਾਲ ਮੁਲਾਕਾਤ ਕੀਤੀ।

ਦੋਵਾਂ ਵਿਚਕਾਰ ਹੋਈ ਗੈਰ ਰਸਮੀਂ ਮੁਲਾਕਾਤ ਦੌਰਾਨ ਨਸ਼ਿਆਂ ਦੀ ਰੋਕਥਾਮ ਦੀ ਆੜ ਹੇਠ ਪੁਲੀਸ ਬਣੀ ਸਿਆਸੀ ਲੀਡਰਾਂ ਦਾ ਹੱਥਠੋਕਾ ਦੇ ਵਿਸ਼ੇ ਤੋਂ ਇਲਾਵਾ ਫਰਜੀ ਵਕੂਏ ਅਤੇ ਪੁਲੀਸ ਦਾ ਰਾਜਨੀਤਕ ਟੌਲੇ ਲਈ ਬੀ ਟੀਮ ਬਣ ਕੇ ਚੱਲਣ ਦੇ ਅਹਿਮ ਮੁੱਦੇ ਤੇ ਵਿਸਥਾਰਪੂਰਵਕ ਚਰਚਾ ਕੀਤੀ ।

ਸਤਨਾਮ ਸਿੰਘ ਗਿੱਲ ਨੇ ਕਮਿਸ਼ਨ ਦੇ ਧਿਆਨ 'ਚ ਲਿਆਂਦਾ ਕਿ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਵਿੱਚ ਸਰਕਾਰੀ ਖਜਾਨੇ ਨੂੰ ਚੂਨਾ ਲਗਾਉਂਣ ਵਾਲੇ ਵਿਆਜੜਈਏ ਫਰਮਾਂ ਵਲੋਂ ਦਲਿਤ ਭਾਈਚਾਰੇ ਦੇ ਕੀਤੇ ਜਾ ਰਹੇ ਆਰਥਿਕ ਸ਼ੋਸ਼ਣ ਨੂੰ ਰੋਕਣ ਲਈ ਇਨਕਮ ਟੈਕਸ ਅਤੇ ਵਿਜੀਲੈਂਸ ਵਿਭਾਗ ਨੂੰ ਜਾਂਚ ਕਰਵਾਉਂਣ ਦੀ ਮੰਗ ਕੀਤੀ ।

ਵਿਭਾਗਾਂ ਵਿੱਚ ਦਲਿਤਾਂ ਦੀਆਂ ਪੈਂਡਿੰਗ ਦਰਖ਼ਾਸਤਾਂ ਦੇ ਨਿਪਟਾਰੇ ਨੂੰ ਯਕੀਂਨੀ ਬਣਾਉਣ ਲਈ ਵਿਭਾਗਾਂ ਦੇ ਮੁੱਖੀਆਂ ਨਾਲ ਮੀਟਿੰਗਾਂ ਲੈਣ ਲਈ ਗੁਜ਼ਾਰਿਸ਼ ਵੀ ਕੀਤੀ ।ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਦਲਿਤਾਂ ਦੇ ਮਾਮਲਿਆਂ 'ਚ ਸ਼ਿਕਾਇਤਾਂ ਦੇ ਨਿਪਟਾਰੇ ਨੂੰ ਯਕੀਨੀ ਬਣਾਉਂਣ ਲਈ ਪੰਜਾਬ ਪੁਲਿਸ ਐਰੋਸਿਟੀ ਐਕਟ ਨੂੰ ਵਰਤੋਂ 'ਚ ਨਾ ਲਿਆ ਕੇ ਵਿਆਪਕ ਪੱਧਰ ਤੇ ਫਰਜ 'ਚ ਕੌਤਾਹੀ ਕਰ ਰਹੀ ਹੈ,ਪਰ ਕੋਈ ਕੰਪੀਟੈਂਟ ਅਥਾਰਟੀ ਇਸ ਮੁੱਦੇ ਦਾ ਸੂ ਮੋਟੋ ਨਹੀਂ ਲੈ ਰਹੀ ਹੈ। ਉਨਾ ਨੇ ਕਮਿਸ਼ਨ ਨੂੰ ਅਪੀਲ ਕੀਤੀ ਹੈ ਕਿ ਪੁਲਿਸ ਦੀਆਂ ਭੂਮਿਕਾ 'ਚ ਪਾਰਦਰਸ਼ਤਾ ਲਿਆਉਂਣ ਲਈ ਯਤਨ ਕੀਤੇ ਜਾਣ।ਸਤਨਾਮ ਸਿੰਘ ਗਿੱਲ ਨੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਨੂੰ ਤਜਵੀਜ਼ ਸ਼ੁਦਾ ਸ਼ਿਕਾਇਤ ਦੀ ਕਾਪੀ ਸੌਂਪਦਿਆਂ ਕਿਹਾ ਕਿ ਪਿੰਡਾਂ 'ਚ ਦਲਿਤਾਂ ਦੇ ਹਿੱਸੇ ਦੀ ਪੰਚਾਇਤਾਂ ਦੀ ਚੱਲ ਅਚੱਲ ਜਾਇਦਾਦ ਦਾ ਰਾਖਵੇਂ ਕੋਟੇ ਮੁਤਾਬਿਕ ਹਿੱਸਾ ਅਨੁਸੂਚਿਤ ਜਾਤੀ ਦੇ ਲੋਕਾਂ ਨੂੰ ਦਵਾਉਂਣ ਲਈ ਕਮਿਸ਼ਨ ਬਣਦਾ ਫਰਜ ਵੀ ਨਿਭਾਏ।

ਪਿੰਡਾਂ 'ਚ ਦਲਿਤਾਂ ਦੇ ਨਾ ਤੇ ਕੱਟੀਆਂ ਫਰਜੀ ਕਲੋਨੀਆਂ ਦਾ ਸੱਚ ਜੱਗ ਜ਼ਾਹਰ ਕਰਨ ਲਈ ਸਤਨਾਮ ਸਿੰਘ ਗਿੱਲ ਨੇ ਕਮਿਸ਼ਨ ਨੂੰ ਕਲੋਨੀਆਂ ਦੇ ਦੌਰੇ ਕਰਨ ਦੀ ਸਲਾਹ ਦਿੱਤੀ ।ਪਹੁੰਚੇ ਚੋਣਵੇਂ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਸ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਜੋ ਵੀ ਅਹਿਮ ਮਸਲੇ ਮੇਰੇ ਧਿਆਨ 'ਚ ਲਿਆਂਦੇ ਹਨ ਉਨਾ ਤੇ ਫੌਰੀ ਐਕਸ਼ਨ ਵਾਸਤੇ ਉਹ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਸ ਜਸਵੀਰ ਸਿੰਘ ਗੜ੍ਹੀ ਨੂੰ ਮਿਲਕੇ ਉਨਾ ਤੋਂ ਅਧਿਕਾਰਤ ਪਰਵਾਨਗੀ ਲੈਣ ਉਪਰੰਤ ਸਰਕਾਰੀ ਮਸ਼ੀਨਰੀ ਤੋਂ ਪਰਭਾਵਿਤ ਪ੍ਰੀਵਾਰਾਂ ਦੀ ਸਾਰ ਵੀ ਲਵਾਂਗੇ ਅਤੇ ਪੁਲੀਸ ਜਿਆਦਤੀ ਦੇ ਮਾਮਲਿਆਂ ਨੂੰ ਸਖਤੀ ਨਾਲ ਨਜਿੱਠਣ ਲਈ ਠੋਸ ਫੈਂਸਲੇ ਲਵਾਂਗੇ ।ਇਸ ਮੌਕੇ ਬਾਬਾ ਹਰਜਿੰਦਰ ਸਿੰਘ ਪੀਏ,ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਸੀਨੀਅਰ ਚੇਅਰਮੈਨ ਐਡਵੋਕੇਟ ਗੁਰਪ੍ਰੀਤ ਸਿੰਘ ਬੇਗੋਵਾਲ, ਪੀਏ ਗੁਰਪ੍ਰੀਤ ਸਿੰਘ ਖਾਲਸਾ, ਪੀਆਰਓ ਅੰਮ੍ਰਿਤਪਾਲ ਸਿੰਘ ਸ਼ਾਹਪੁਰ ਆਦਿ ਹਾਜਰ ਸਨ।

ਲੁਧਿਆਣਾ ਅਤੇ ਗੁਜਰਾਤ 'ਚ ਹੋਈਆਂ ਜਿਮਣੀ ਚੋਣਾਂ ਜਿੱਤਣ 'ਤੇ

# ਮੁੱਖ ਮੰਤਰੀ ਦਫ਼ਤਰ ਧੂਰੀ ਵਿਖੇ ਵੰਡੇ ਲੱਡੂ



**ਧੂਰੀ( ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਦੇ ਲੁਧਿਆਣਾ ਅਤੇ ਗੁਜਰਾਤ ਦੇ ਵਿਸਾਵਾਦਾਰ ਵਿੱਚ ਹੋਈ ਆਮ ਆਦਮੀ ਪਾਰਟੀ ਦੀ ਜਿੱਤ ਦੀ ਖੁਸ਼ੀ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮੁੱਖ ਦਫਤਰ ਵਿਚ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਅਤੇ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਵੱਲੋਂ ਲੱਡੂ ਵੰਡ ਕੇ ਖ਼ੁਸ਼ੀ ਦਾ ਇਜਹਾਰ ਕੀਤਾ ਗਿਆ। ਇਸ ਮੌਕੇ ਮਿਉਂਸਪਲ ਕਮੇਟੀ ਦੇ ਪ੍ਰਧਾਨ ਸੰਦੀਪ ਤਾਇਲ ਪੱਪੂ,ਗਗਨ ਜਵੰਧਾ ਬਲਾਕ ਪ੍ਰਧਾਨ, ਆਗੂ ਰਛਪਾਲ ਸਿੰਘ ਭੁੱਲਰ,ਦਰਸਨ ਸਿੰਘ ਪਾਠਕ, ਆਪ ਆਗੂ ਤਰਸੇਮ ਕਲਸੀ, ਖਾਨ ਕਹੇਰੂ, ਸਰਪੰਚ ਜਸਵੀਰ ਦਾਸ,ਨੰਬਰਦਾਰ ਰਜਿੰਦਰ ਸਿੰਘ ਪੇਧਨੀ, ਨੰਬਰਦਾਰ ਬਹਾਦਰ ਸਿੰਘ ਹਰਚੰਦਪੁਰ,ਆਪ ਆਗੂ ਜੰਗ ਧੂਰੀ, ਆਪ ਆਗੂ ਭਿੰਦਾ ਵਿਰਕ,ਨਵਜੋਤ ਕੌਰ,ਹਰਦੀਪ ਸਿੰਘ,ਸੰਭੂ,ਬੱਬੂ,ਅਰਸ ਧੂਰੀ, ਆਪ ਆਗੂ ਹਰਪ੍ਰੀਤ ਸਿੰਘ ,ਸਰਪੰਚ ਗੋਪੀ ਮੀਮਸਾ, ਸੋਢੀ ਐਮ,ਸੀ,ਜਿਉਣ ਸਿੰਘ ਐਮ,ਸੀ,ਮਾਣਾ ਗਰੇਵਾਲ,ਗਿੰਨੀ ਸਲੇਮਪੁਰ,ਮਨਪ੍ਰੀਤ ਸਿੰਘ ਸਲੇਮਪੁਰ, ਜਗਤਾਰ ਸਿੰਘ ਬਾਗੜੀ,ਸਰਪੰਚ ਲਾਲੀ ਬੰਗਾਵਾਲੀ, ਰਾਜੂ ਲੱਡਾ ਹਾਜ਼ਰ ਸਨ।

# ਗੋਬਿੰਦਗੜ੍ਹ ਵਿਖੇ 26 ਜੂਨ ਨੂੰ ਹੋਣ ਵਾਲੇ ਨਕਲੀ ਨਿਰੰਕਾਰੀ ਸਮਾਗਮ ਨੂੰ ਰੱਦ ਕਰਨ ਲਈ ਜ਼ਿਲਾ ਫਤਹਿਗੜ੍ਹ ਸਾਹਿਬ ਦੇ ਪ੍ਰਸ਼ਾਸਨ ਦਾ ਧੰਨਵਾਦ : ਕਰਨੈਲ ਸਿੰਘ ਪੰਜੋਲੀ



**ਨਵੀਂ ਦਿੱਲੀ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਸਾਹਿਬ ਅਤੇ ਪੰਥਕ ਜਥੇਬੰਦੀਆਂ ਦੇ ਰੋਹ ਕਾਰਨ ਜ਼ਿਲਾ ਫਤਹਿਗੜ੍ਹ ਸਾਹਿਬ ਦੇ ਪ੍ਰਸ਼ਾਸਨ ਵੱਲੋਂ 26 ਜੂਨ ਨੂੰ ਨਕਲੀ ਨਿਰੰਕਾਰੀਆਂ ਦੇ ਗੋਬਿੰਦਗੜ੍ਹ ਵਿੱਖੇ ਗੁਰੂ ਹਰਿਗੋਬਿੰਦ ਸਾਹਿਬ ਖ਼ਾਲਸਾ ਸਕੂਲ ਵਿੱਚ ਰੱਖਿਆ ਗਿਆ ਸੰਮੇਲਨ ਬੰਦ ਕਰਵਾ ਦਿੱਤਾ ਹੈ ।ਯਾਦ ਰਹੇ ਇਹ ਸੰਮੇਲਨ ਖ਼ਾਲਸਾ ਸਕੂਲ ਵਿੱਚ ਰੱਖਿਆ ਸੀ ਅਤੇ ਇਸ ਦੀ ਮਨਜ਼ੂਰੀ ਐ ਡੀ ਐਮ ਅਮਲੋਹ ਨੇ ਦਿੱਤੀ ਸੀ ।ਸਕੂਲ ਮਨੇਜਮੈਂਟ ਕਮੇਟੀ ਨੇ ਸੰਮੇਲਨ ਕਰਨ ਦੀ ਆਗਿਆ ਦੇ ਦਿੱਤੀ ਸੀ । ਜਦੋਂ ਇਹ ਮਸਲਾ ਮੇਰੇ ਧਿਆਨ ਵਿੱਚ ਆਇਆ ਮੈਂ ਤੁਰੰਤ ਐਸ ਡੀ ਐਮ ਅਮਲੋਹ ਨੂੰ ਫੋਨ ਕਰਕੇ ਕਿਹਾ ਕਿ ਇਹ ਸੰਮੇਲਨ ਰੱਦ ਕੀਤਾ ਜਾਵੇ । ਮੈਂ ਇਸ ਸਬੰਧੀ ਫੇਸਬੁੱਕ ਰਾਹੀਂ ਅਤੇ ਪ੍ਰੈੱਸ ਰਾਹੀਂ ਇਸ ਸੰਮੇਲਨ ਦਾ ਜ਼ੋਰਦਾਰ ਵਿਰੋਧ ਕੀਤਾ ਸੀ । ਮੈਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮਾਨਯੋਗ ਪ੍ਰਧਾਨ ਸਰਦਾਰ ਹਰਜਿੰਦਰ ਸਿੰਘ ਧਾਮੀ ਨੂੰ ਇਸ ਗੰਭੀਰ ਮਸਲੇ ਵਿੱਚ ਦਾਖਲ ਦੇਣ ਲਈ ਕਿਹਾ । ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅੱਜ ਸ਼੍ਰੋਮਣੀ ਗੁਰਦੁਆਰਾ ਪਰਬੰਧਕ ਕਮੇਟੀ ਦੇ ਸਕੱਤਰ ਅਤੇ ਮਨੇਜਰ ਸਰਦਾਰ ਰਣਜੀਤ ਸਿੰਘ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਨੂੰ ਡੀ ਸੀ ਫਤਹਿਗੜ੍ਹ ਸਾਹਿਬ ਨੂੰ ਮਿਲਣ ਲਈ ਭੇਜਿਆ । ਸਿੱਖ ਸੰਗਤ ਦੇ ਰੋਹ ਕਾਰਨ ਅੱਜ ਜ਼ਿਲਾ ਪ੍ਰਸ਼ਾਸਨ ਨੇ ਨਿਰੰਕਾਰੀਆਂ ਨੂੰ ਕਿਹਾ ਕਿ ਜ਼ਿਲਾ ਫਤਹਿਗੜ੍ਹ ਵਿੱਚ ਇਹ ਸਮਾਗਮ ਨਹੀਂ ਹੋ ਸਕਦਾ । ਨਕਲੀ ਨਿਰੰਕਾਰੀਆਂ ਨੇ ਵੀ ਅਪਣੀ ਪੱਤ ਬਚਾਉਣ ਲਈ ਇਹ ਸੰਮੇਲਨ ਮੁਲਤਵੀ ਕਰਕੇ ਅਪਣੇ ਚੇਲਿਆਂ ਨੂੰ ਪੱਤਰ ਲਿੱਖ ਦਿੱਤਾ । ਮੈਂ ਸਰਕਾਰ ਨੂੰ ਅਪੀਲ ਕਰਦਾ ਹਾਂ ਕਿ ਨਕਲੀ ਨਿਰੰਕਾਰੀ ਨਾ ਕੋਈ ਧਰਮ ਹੈ ਨਾ ਕੋਈ ਕੌਮ ਹੈ ਨਾ ਹੀ ਕੋਈ ਫਿਰਕਾ ਬਲਕਿ ਇਹ ਸਮਾਜ ਵਿੱਚ ਨਫ਼ਰਤ ਫਲਾਕੇ ਅਮਨ ਸ਼ਾਂਤੀ ਭੰਗ ਕਰਨ ਵਾਲਾ ਇੱਕ ਗਰੋਹ ਹੈ । ਇਸ ਲਈ ਇਸ ਦੇ ਸੰਮੇਲਨਾਂ ਉੱਤੇ ਪਬੰਧੀ ਲਾਈ ਜਾਵੇ । ਕਰਨੈਲ ਸਿੰਘ ਪੰਜੋਲੀ ।

# ਆਮ ਆਦਮੀ ਪਾਰਟੀ ਦੀ ਜਿੱਤ ਵਿਕਾਸ ਦੀ ਜਿੱਤ ਕੈਬਨਿਟ ਮੰਤਰੀ ਸ੍ਰ ਈ.ਟੀ.ਓ ਤੇ ਮੁੱਖ ਮੰਤਰੀ ਪੰਜਾਬ ਸਮੇਤ ਪੰਜਾਬ ਵਾਸੀਆਂ ਨੂੰ ਵਧਾਈ ਸਰਬਜੀਤ ਕੌਰ



ਜੰਡਿਆਲਾ ਗੁਰੂ 23 ਜੂਨ ( ਕੁਲਵੰਤ ਸਿੰਘ ਵਿਰਦੀ ) ਲੁਧਿਆਣਾ ਪੱਛਮੀ ਤੋਂ ਹੋਈ ਜਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਵੱਲੋਂ ਵੱਡੀ ਲੀਡ ਨਾਲ ਜਿੱਤ ਦਰਜ ਕਰਨ ਤੇ ਆਮ ਆਦਮੀ ਪਾਰਟੀ ਦੇ ਵਰਕਰਾਂ ਆਗੂਆਂ ਵੱਲੋਂ ਕੀਤੀ ਗਈ ਸਖਤ ਮਿਹਨਤ ਦਾ ਨਤੀਜੇ ਨਾਲ ਜਿਤ ਨੇ ਜੋਸ ਪੈਦਾ ਕੀਤਾ ਹੈ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਮਹਿਲਾ ਆਗੂ ਸਰਬਜੀਤ ਕੌਰ ਜੰਡਿਆਲਾ ਗੁਰੂ ਨੇ ਮਹਿਲਾ ਵਰਕਰਾਂ ਨਾਲ ਮੁਹੱਲੇ ਦੀਆਂ ਮੁਸ਼ਕਲਾਂ ਪ੍ਰਤੀ ਵਿਚਾਰ-ਵਟਾਂਦਰਾ ਕਰਦਿਆਂ ਹੋਇਆ ਅੱਗੇ ਕਿਹਾ ਕਿ ਲੁਧਿਆਣਾ ਦੀ ਜਿਮਨੀ ਚੋਣ ਇਹ ਦਰਸਾਉਂਦੀ ਹੈ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਖੁਸ ਹਨ ਅਤੇ 2027 ਵਿੱਚ ਵੀ ਭਾਰੀ ਬਹੁਮਤ ਨਾਲ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਗੇ ਅਤੇ ਸ੍ਰ ਭਗਵੰਤ ਸਿੰਘ ਮਾਨ ਵੱਲੋਂ ਅਤੇ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ ਵੱਲੋਂ ਪੰਜਾਬ ਵਾਸੀਆਂ ਨਾਲ ਕੀਤੇ ਵਾਅਦੇ ਨਿਭਾਏ ਜਾ ਰਹੇ ਹਨ ਅਤੇ ਹਰੇਕ ਵਰਗ ਦੇ ਆਮ ਅਤੇ ਖਾਸ ਨੂੰ 600 ਜੂਟ ਬਿਨਾਂ ਸਰਤ ਮੁਆਫ ਕੀਤੇ ਗਏ ਹਨ ਅਤੇ ਪਿੰਡਾਂ ਨੂੰ ਜਾਣ ਵਾਲੀਆਂ ਸੜਕਾਂ ਨੂੰ ਵੀ ਚੌੜਾ ਕੀਤਾ ਗਿਆ ਹੈ ਅਸਲ ਵਿੱਚ ਨੀਤੀ ਦੇ ਨਾਲ ਨਾਲ ਸਰਕਾਰ ਦੀ ਨੀਅਤ ਵੀ ਸਾਫ ਹੈ ਅੱਗੇ ਸਰਬਜੀਤ ਕੌਰ ਨੇ ਕਿਹਾ ਕਿ ਅਸੀਂ ਆਮ ਆਦਮੀ ਪਾਰਟੀ ਦੇ ਹਰੇਕ ਆਗੂ ਵਰਕਰ ਨੂੰ ਅਤੇ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ,ਐਮ ਐਲ ਏ ਸ਼ੰਜੀਵ ਅਰੋੜਾ ਜੀ ਅਤੇ ਸਮੂਹ ਕੈਬਨਿਟ ਨੂੰ ਵਧਾਈ ਦਿੰਦੇ ਹਾਂ। ਇਸ ਮੌਕੇ ਤੇ ਮਹਿਲਾ ਆਗੂ ਸਰਬਜੀਤ ਕੌਰ ਦਾ ਲੱਡੂਆਂ ਨਾਲ ਮਹੁੱਲਾ ਵਾਸੀਆਂ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਤੇ ਸੁਨੀਤਾ ਮਹਾਜਨ, ਸਵੇਤਾ ਵਿਨਾਇਕ, ਦਲਬੀਰ ਕੌਰ, ਨਰਿੰਦਰ ਕੌਰ, ਕੁਲਦੀਪ ਕੌਰ, ਕੰਵਲਜੀਤ ਕੌਰ, ਦਵਿੰਦਰ ਕੌਰ, ਸਿੰਦੋ, ਸੁਖਵਿੰਦਰ ਕੌਰ, ਸਇੰਦਰ ਕੌਰ, ਗੁਰਪ੍ਰੀਤ ਕੌਰ, ਕੁਲਵੰਤ ਕੌਰ, ਹਰਪ੍ਰੀਤ ਕੌਰ, ਅੰਜੂ ਮਹਾਜਨ, ਸਾਰੇ ਮਹੱਲਾ ਪੁਰਾਣਾ ਦਰਵਾਜ਼ਾ ਨਿਵਾਸੀਆਂ ਆਮ ਆਦਮੀ ਪਾਰਟੀ ਦੀ ਇਤਿਹਾਸਕ ਜਿਮਣੀ ਚੋਣ ਜਿੱਤਣ ਦੀ ਖੁਸ਼ੀ ਮਨਾਈ।



ਐਸਐਚ ਓ ਹਰਪਾਲ ਸਿੰਘ ਚੌਕ ਮਹਿਤਾ ਨੂੰ ਸਨਮਾਨਿਤ ਕਰਦੇ ਹੋਏ ਜਥੇਦਾਰ ਬਾਬਾ ਜਗਰਾਜ ਸਿੰਘ ਜੀ ਜਥੇਦਾਰ ਬਾਬਾ ਮਹਿਤਾਬ ਸਿੰਘ ਜੀ ਜੋਬਨਜੀਤ ਸਿੰਘ ਗੁਰਪ੍ਰੀਤ ਸਿੰਘ ਸਾਹਿਬ ਸਿੰਘ ਮੰਗਲ ਸਿੰਘ ਕੁਲਵੰਤ ਸਿੰਘ ਗੋਲਡੀ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

### ਕਾਂਗਰਸ ਕੇਂਦਰ ਸਰਕਾਰ ਦੇ ਪ੍ਰੋਜੈਕਟ ਨੂੰ ਆਪਣਾ ਕਹਿ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ—ਰਾਣਾ ਸੋਢੀ

# ਮੋਦੀ ਸਰਕਾਰ ਕਾਰਨ ਹੁਸੈਨੀਵਾਲਾ ਵਿੱਚ ਸੱਭਿਆਚਾਰ ਅਤੇ ਵਿਰਾਸਤੀ ਖੇਤਰ ਬਣਾਇਆ ਜਾਵੇਗਾ




**ਫ਼ਿਰੋਜ਼ਪੁਰ, 23 ਜੂਨ (ਮਨੋਹਰ ਲਾਲ) :—** ਭਾਜਪਾ ਦੇ ਸੀਨੀਅਰ ਆਗੂ ਰਾਣਾ ਗੁਰਮੀਤ ਸਿੰਘ ਸੋਢੀ ਨੇ ਸਥਾਨਕ ਕਾਂਗਰਸੀ ਆਗੂਆਂ ਤੇ ਤਿੱਖਾ ਹਮਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇੱਥੋਂ ਦੇ ਆਗੂਆਂ ਨੇ ਅੱਜ ਤੱਕ ਫਿਰੋਜ਼ਪੁਰ ਦੀ ਭਲਾਈ ਲਈ ਕੋਈ ਕੰਮ ਨਹੀਂ ਕੀਤਾ ਹੈ ਅਤੇ ਉਨ੍ਹਾਂ ਨੇ ਕੇਂਦਰ ਸਰਕਾਰ ਦੇ ਪ੍ਰੋਜੈਕਟ ਨੂੰ ਆਪਣਾ ਕਹਿ ਕੇ ਝੂਠ ਬੋਲ ਕੇ ਲੋਕਾਂ ਨੂੰ ਗੁੰਮਰਾਹ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਹੈ। ਸੰਸਦ ਮੈਂਬਰ ਸ਼ੇਰ ਸਿੰਘ ਘੁਬਾਇਆ ਤੇ ਟਿਪਣੀ ਕਰਦਿਆਂ ਸੋਢੀ ਨੇ ਕਿਹਾ ਕਿ ਘੁਬਾਇਆ ਪਹਿਲਾਂ ਵੀ ਦੋ ਵਾਰ ਸੰਸਦ ਮੈਂਬਰ ਰਹਿ ਚੁੱਕੇ ਹਨ ਅਤੇ ਉਨ੍ਹਾਂ ਨੂੰ ਦੱਸਣਾ ਚਾਹੀਦਾ ਹੈ ਕਿ ਉਨ੍ਹਾਂ ਨੇ ਜ਼ਿਲ੍ਹੇ ਲਈ ਕਿੰਨੇ ਵੱਡੇ ਪ੍ਰੋਜੈਕਟ ਲਏ ਹਨ। ਉਨ੍ਹਾਂ ਕਿਹਾ ਕਿ ਘੁਬਾਇਆ ਨੇ ਲੋਕਾਂ ਦੀਆਂ ਉਮੀਦਾਂ ਤੇ ਖਰਾ ਉਤਰਨ ਦੀ ਬਜਾਏ ਸਿਰਫ਼ ਝੂਠੇ ਦਾਅਵੇ ਕੀਤੇ ਹਨ ਅਤੇ ਕੁਝ ਆਗੂਆਂ ਦੇ ਹੱਥੋਂ ਬਣ ਕੇ ਕੇਂਦਰੀ ਪ੍ਰੋਜੈਕਟ ਨੂੰ ਆਪਣਾ ਕਹਿ ਕੇ ਝੂਠਾ ਮਾਣ ਕਮਾ ਰਹੇ ਹਨ। ਰਾਣਾ ਸੋਢੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਸ਼ਹੀਦ—ਏ—ਆਜ਼ਮ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਦੇ ਸਮਾਧੀ ਸਥਲ ਦੀ ਸੱਭਿਆਚਾਰ ਅਤੇ ਵਿਰਾਸਤ ਨੂੰ ਵਧਾਉਣ ਦੇ ਉਦੇਸ਼ ਨਾਲ 24.99 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਹੈ, ਜਿਸ ਤਹਿਤ ਸੜਕ ਦੇ ਨਾਲ—ਨਾਲ ਪੂਰੇ ਸਮਾਧੀ ਸਥਲ ਦਾ ਸੁੰਦਰੀਕਰਨ ਕੀਤਾ ਜਾਵੇਗਾ। ਭਾਜਪਾ ਦੇ ਰਾਸ਼ਟਰੀ ਕਾਰਜਕਾਰਨੀ ਦੇ ਵਿਸ਼ੇਸ਼ ਸੱਦਾ ਪੱਤਰ ਮੈਂਬਰ ਰਾਣਾ ਗੁਰਮੀਤ ਸਿੰਘ ਸੋਢੀ ਨੇ ਕਿਹਾ ਕਿ ਚਾਰ ਮਹੀਨੇ ਪਹਿਲਾਂ ਉਨ੍ਹਾਂ ਨੇ ਕੇਂਦਰੀ ਸੱਭਿਆਚਾਰ ਅਤੇ ਸੈਰ—ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨਾਲ ਮੁਲਾਕਾਤ ਕੀਤੀ ਸੀ ਅਤੇ ਹੁਸੈਨੀਵਾਲਾ ਦੇ ਵਿਕਾਸ ਦਾ ਮੁੱਦਾ ਉਠਾਇਆ ਸੀ। ਉਨ੍ਹਾਂ ਦੀ ਮੰਗ ਤੇ ਵਿਚਾਰ ਕਰਦੇ ਹੋਏ, ਕੇਂਦਰੀ ਮੰਤਰੀ ਨੇ ਫੰਡ ਜਾਰੀ ਕੀਤੇ ਹਨ ਤਾਂ ਜੋ ਇੱਥੇ ਸੈਰ—ਸਪਾਟੇ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਫੰਡ ਜਾਰੀ ਕਰਕੇ ਇਸ ਸਥਾਨ ਦਾ ਵਿਕਾਸ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੈ। ਰਾਣਾ ਸੋਢੀ ਨੇ ਕਿਹਾ ਕਿ ਜਲਦੀ ਹੀ ਕੇਂਦਰੀ ਮੰਤਰੀ ਗਜੇਂਦਰ ਸ਼ੇਖਾਵਤ ਖੁਦ ਇਸ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਣ ਲਈ ਆ ਸਕਦੇ ਹਨ। ਉਨ੍ਹਾਂ ਕਿਹਾ ਕਿ ਸਾਲ 2021 ਵਿੱਚ ਕੇਂਦਰ ਸਰਕਾਰ ਨੇ ਹੁਸੈਨੀਵਾਲਾ ਵਿਖੇ ਸਵਦੇਸ਼ ਦਰਸ਼ਨ ਯੋਜਨਾ ਤਹਿਤ ਲਾਈਟ ਐਂਡ ਸਾਊਂਡ ਸਿਸਟਮ ਅਤੇ ਸਿਮੂਲੇਟਰ ਟ੍ਰੇਨ ਦਾ ਪ੍ਰੋਜੈਕਟ ਲਗਭਗ 7 ਕਰੋੜ ਰੁਪਏ ਦੀ ਰਾਸ਼ੀ ਨਾਲ ਸਥਾਪਤ ਕੀਤਾ ਸੀ, ਜੋ ਕਿ ਹੜ੍ਹਾਂ ਕਾਰਨ ਨੁਕਸਾਨਿਆ ਗਿਆ ਸੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਇਸ ਪ੍ਰੋਜੈਕਟ ਨੂੰ ਮੁੜ ਸ਼ੁਰੂ ਕਰਨ ਲਈ ਵੀ ਵਿਸ਼ੇਸ਼ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਸ਼ਹੀਦਾਂ ਦੇ ਸ਼ਹਿਰ ਦੀ ਪਛਾਣ ਨੂੰ ਅੰਤਰਰਾਸ਼ਟਰੀ ਨਕਸ਼ੇ ਤੇ ਚਮਕਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਰਾਣਾ ਸੋਢੀ ਨੇ ਕਿਹਾ ਕਿ ਹੁਸੈਨੀਵਾਲਾ ਵਿੱਚ ਸੱਭਿਆਚਾਰਕ ਅਤੇ ਵਿਰਾਸਤੀ ਖਿੱਚ ਪ੍ਰੋਜੈਕਟ ਤਹਿਤ 843.09 ਕਰੋੜ ਰੁਪਏ ਨਾਲ ਇੱਥੇ ਸਿਵਲ ਵਰਕ, ਗੇਟ, ਫੁੱਟਪਾਥ ਅਤੇ ਹੋਰ ਕੰਮ ਕੀਤੇ ਜਾਣਗੇ। ਇਸ ਦੇ ਨਾਲ ਹੀ ਫੁਹਾਰਾ ਸੈਟਅੱਪ ਤੇ 55 ਲੱਖ ਰੁਪਏ, ਪਾਰਕ ਅਤੇ ਯਾਦਗਾਰੀ ਖੇਤਰ ਦੇ ਸੁੰਦਰੀਕਰਨ ਲਈ 380.60 ਲੱਖ ਰੁਪਏ, ਬਿਜਲੀ ਦੇ ਕੰਮ ਲਈ 3344.27 ਲੱਖ ਰੁਪਏ, ਸੀ.ਸੀ.ਟੀ.ਵੀ ਕੈਮਰਿਆਂ ਤੇ 63.51 ਲੱਖ ਰੁਪਏ, ਗਲੀ ਵਿਕਾਸ ਅਤੇ ਡਿਜੀਟਲ ਪ੍ਰੋਜੈਕਸ਼ਨ ਤੇ 625.80 ਲੱਖ ਰੁਪਏ, ਬੱਚਿਆਂ ਅਤੇ ਬਜ਼ੁਰਗਾਂ ਲਈ ਖੇਡ ਦੇ ਮੈਦਾਨ ਲਈ 64.50 ਲੱਖ ਰੁਪਏ, ਸੋਲਰ ਪਲਾਂਟ ਅਤੇ ਆਰਓ ਪਲਾਂਟ ਤੇ 31.90 ਲੱਖ ਰੁਪਏ, ਵੈਬਸਾਈਟ ਅਤੇ ਮੋਬਾਈਲ ਐਪ ਵਿਕਾਸ ਤੇ 51.32 ਲੱਖ ਰੁਪਏ, ਹੁਨਰ ਅਤੇ ਸਮਰੱਥਾ ਨਿਰਮਾਣ ਸਿਖਲਾਈ ਤੇ 25 ਲੱਖ ਰੁਪਏ ਸਿਖਲਾਈ ਅਤੇ ਸੈਨੀਟਾਈਜ਼ੇਸ਼ਨ ਤੇ 25 ਲੱਖ ਰੁਪਏ ਖਰਚ ਕੀਤੇ ਜਾਣਗੇ। ਰਾਣਾ ਸੋਢੀ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਫਿਰੋਜ਼ਪੁਰ ਨੂੰ ਸੈਰ—ਸਪਾਟੇ ਦਾ ਕੇਂਦਰ ਬਣਾਉਣ ਲਈ ਕਈ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਥੇ ਸੈਰ—ਸਪਾਟੇ ਨੂੰ ਹੁਲਾਰਾ ਮਿਲੇਗਾ, ਜਿਸ ਨਾਲ ਇੱਥੇ ਕਾਰੋਬਾਰੀ ਮੌਕੇ ਵਿਕਸਤ ਹੋਣਗੇ ਅਤੇ ਹਰ ਵਰਗ ਦੇ ਲੋਕਾਂ ਨੂੰ ਰੁਜ਼ਗਾਰ ਮਿਲੇਗਾ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨਾਲ ਲੱਗਦੇ ਹੋਣ ਦੇ ਬਾਵਜੂਦ, ਜ਼ਿਲ੍ਹੇ ਵਿੱਚ ਸੈਰ—ਸਪਾਟੇ ਦੀ ਬਹੁਤ ਸੰਭਾਵਨਾ ਹੈ ਅਤੇ ਕੇਂਦਰ ਸਰਕਾਰ ਜਲਦੀ ਹੀ ਇਹ ਯੋਜਨਾ ਸ਼ੁਰੂ ਕਰਨ ਜਾ ਰਹੀ ਹੈ। ਰਾਣਾ ਸੋਢੀ ਨੇ ਇਸ ਪ੍ਰੋਜੈਕਟ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਸੱਭਿਆਚਾਰ ਅਤੇ ਸੈਰ—ਸਪਾਟਾ ਮੰਤਰੀ ਗਜੇਂਦਰ ਸ਼ੇਖਾਵਤ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਸਮੇਂ—ਸਮੇਂ ਤੇ ਫਿਰੋਜ਼ਪੁਰ ਦੀਆਂ ਸਮੱਸਿਆਵਾਂ ਨੂੰ ਕੇਂਦਰ ਸਰਕਾਰ ਕੋਲ ਉਠਾਉਂਦੇ ਹਨ ਅਤੇ ਸਰਕਾਰ ਉਨ੍ਹਾਂ ਦਾ ਹੱਲ ਵੀ ਕਰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਜ਼ਿਆਦਾਤਰ ਵਿਕਾਸ ਕਾਰਜ ਕੇਂਦਰ ਸਰਕਾਰ ਦੀਆਂ ਗ੍ਰਾਂਟਾਂ ਨਾਲ ਕੀਤੇ ਜਾ ਰਹੇ ਹਨ।

**24.99 ਕਰੋੜ ਨਾਲ ਵਿਕਾਸ ਕਾਰਜ ਕੀਤੇ ਜਾਣਗੇ, ਭਾਰਤ ਅਤੇ ਵਿਦੇਸ਼ਾਂ ਤੋਂ ਹੁਸੈਨੀਵਾਲਾ ਵਿੱਚ ਸੈਰ—ਸਪਾਟੇ ਨੂੰ ਉਤਸ਼ਾਹਿਤ ਕੀਤਾ ਜਾਵੇਗਾ—ਫ਼ਿਰੋਜ਼ਪੁਰ**

### ਵਿਧਾਇਕ ਨਰਿੰਦਰ ਕੌਰ ਭਰਾਜ ਨੇ ਚੰਨੋ ਵਿਖੇ ਨਵੀਂ 108 ਐਂਬੂਲੈਂਸ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ

# ਭਵਾਨੀਗੜ੍ਹ ਤੋਂ ਪਟਿਆਲਾ ਤਕ ਦੇ ਖੇਤਰ ਲਈ ਹੋਵੇਗੀ ਸਹਾਈ

**ਭਵਾਨੀਗੜ੍ਹ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ, ਪੰਜਾਬ, ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਸੇਵਾ ਹਿਤ ਪੂਰੀ ਸ਼ਿੱਦਤ ਨਾਲ ਕੰਮ ਕਰ ਰਹੀ ਹੈ, ਜਿਸ ਦੀ ਲੜੀ ਵਜੋਂ ਵਿਧਾਨ ਸਭਾ ਹਲਕਾ ਸੰਗਰੂਰ ਵਿੱਚ ਵੀ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵੱਡੇ ਪੱਧਰ ਉੱਤੇ ਕਦਮ ਚੁੱਕੇ ਜਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਸੰਗਰੂਰ ਦੇ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਨੇ ਚੰਨੋ ਵਿਖੇ ਨਵੀਂ 108 ਐਂਬੂਲੈਂਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨ ਮੌਕੇ ਕੀਤਾ। ਉਹਨਾਂ ਦੱਸਿਆ ਕਿ ਇਹ ਐਂਬੂਲੈਂਸ ਭਵਾਨੀਗੜ੍ਹ ਤੋਂ ਲੈ ਕੇ ਪਟਿਆਲਾ ਤਕ ਦੇ ਖੇਤਰ ਲਈ ਸਹਾਈ ਹੋਵੇਗੀ। ਭਵਾਨੀਗੜ੍ਹ-ਚੰਨੋ ਖੇਤਰ ਦੇ ਲੋਕਾਂ ਵੱਲੋਂ ਲੰਬੇ ਸਮੇਂ ਤੋਂ ਇਸ ਐਂਬੂਲੈਂਸ ਦੀ ਮੰਗ ਕੀਤੀ ਜਾ ਰਹੀ ਸੀ ਤਾਂ ਜੋ ਕਿ ਕਿਸੇ ਵੀ ਮੁਸ਼ਕਲ ਦੀ ਘੜੀ ਵਿੱਚ ਲੋਕਾਂ ਨੂੰ ਜਲਦ ਤੋਂ ਜਲਦ ਮੈਡੀਕਲ ਸਹਾਇਤਾ ਮਿਲ ਸਕੇ। ਇਹ ਐਂਬੂਲੈਂਸ ਮਿਨੀਮਮ ਲਾਈਫ ਸਪੋਰਟ ਸਿਸਟਮ ਨਾਲ ਲੈਸ ਹੈ। ਹਲਕਾ ਵਿਧਾਇਕ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੀਤੇ ਵਾਅਦੇ ਨਿਭਾਏ ਹਨ ਤੇ ਸਿਹਤ ਖੇਤਰ ਵਿੱਚ ਕ੍ਰਾਂਤੀਕਾਰੀ ਤਬਦੀਲੀਆਂ ਕੀਤੀਆਂ ਹਨ। ਸਿਹਤ ਖੇਤਰ ਸਬੰਧੀ ਕੀਤੇ ਵਾਅਦਿਆਂ ਮੁਤਾਬਕ 800 ਦੇ ਕਰੀਬ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ, ਜਿੱਥੇ ਲੋਕਾਂ ਨੂੰ ਮੁਫਤ ਇਲਾਜ ਦੀ ਸਹੂਲਤ ਮਿਲ ਰਹੀ। ਇਸ ਦੇ ਨਾਲ-ਨਾਲ ਸੜਕ ਹਾਦਸਿਆਂ ਤੋਂ ਬਚਾਅ ਅਤੇ ਹਾਦਸਿਆਂ ਦੇ ਸ਼ਿਕਾਰ ਲੋਕਾਂ ਨੂੰ ਫੌਰੀ ਮਦਦ ਦੇਣ ਹਿਤ ਸੜਕ ਸੁਰੱਖਿਆ ਫੋਰਸ ਤਾਇਨਾਤ ਕੀਤੀ ਗਈ ਹੈ, ਜਿਸ ਸਦਕਾ ਇਕ ਤਾਂ ਸੜਕ ਹਾਦਸਿਆਂ ਵਿੱਚ ਕਮੀ ਆਈ ਹੈ, ਦੂਜਾ ਸੜਕ ਹਾਦਸਿਆਂ ਦੇ ਜ਼ਖ਼ਮੀਆਂ ਨੂੰ ਮੈਡੀਕਲ ਸਹਾਇਤਾ ਜਲਦੀ ਮਿਲਣ ਨਾਲ ਹਾਦਸਿਆਂ ਵਿੱਚ ਹੁੰਦੀਆਂ ਮੌਤਾਂ ਦੀ ਦਰ ਵਿੱਚ ਵੱਡੀ ਗਿਰਾਵਟ ਦਰਜ ਕੀਤੀ ਗਈ ਹੈ। ਸ਼੍ਰੀਮਤੀ ਭਰਾਜ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਸੰਗਰੂਰ ਦੇ ਲੋਕਾਂ ਵੱਲੋਂ ਜਿਹੜੀਆਂ ਵੀ ਮੁਸ਼ਕਲਾਂ ਜਾਂ ਮੰਗਾਂ ਉਹਨਾਂ ਦੇ ਧਿਆਨ ਵਿੱਚ ਲਿਆਂਦੀਆਂ ਜਾਂਦੀਆਂ ਹਨ, ਉਹਨਾਂ ਦੇ ਹੱਲ ਲਈ ਉਹ ਪੂਰੀ ਵਾਹ ਲਾਉਂਦੇ ਹਨ ਤੇ ਹਲਕੇ ਦੇ ਲੋਕਾਂ ਦੀਆਂ ਵੱਡੀ ਗਿਣਤੀ ਮੁਸ਼ਕਲਾਂ ਹੱਲ ਕੀਤੀਆਂ ਗਈਆਂ ਹਨ ਤੇ ਵੱਡੀ ਗਿਣਤੀ ਵਿਕਾਸ ਪ੍ਰੋਜੈਕਟ ਵੀ ਹਲਕੇ ਵਿੱਚ ਲਿਆਂਦੇ ਗਏ ਹਨ। ਹਲਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ। ਇਸ ਮੌਕੇ ਚੰਨੋ ਦੇ ਸਰਪੰਚ ਗੁਰਪ੍ਰੀਤ ਸਿੰਘ, 108 ਐਂਬੂਲੈਂਸ ਪ੍ਰੋਜੈਕਟ ਦੇ ਜ਼ਿਲ੍ਹਾ ਇੰਚਾਰਜ ਅਮਨਦੀਪ ਸਿੰਘ, ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਲੋਕ ਹਾਜ਼ਰ ਸਨ।




# ਚੋਣਾਂ ਦੌਰਾਨ ਮੈਂਬਰਾਂ ਦੀ ਖਰੀਦੋ ਫਰੋਖ਼ਤ ਕਬੂਲਣ ਲਈ ਸਰਨਾ ਉਪਰ ਹੋਵੇ ਕਾਰਵਾਈ: ਬੀਬੀ ਰਣਜੀਤ ਕੌਰ, ਸੁਖਵਿੰਦਰ ਸਿੰਘ ਬੱਬਰ

**ਨਵੀਂ ਦਿੱਲੀ, 23 ਜੂਨ (ਮਨਪ੍ਰੀਤ ਸਿੰਘ ਖਾਲਸਾ):** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿੰਗ ਬੋਰਡ ਦੇ ਮੈਂਬਰ ਬੀਬੀ ਰਣਜੀਤ ਕੌਰ, ਮੀਡੀਆ ਸੈਲ ਦੇ ਚੇਅਰਮੈਨ ਸੁਖਵਿੰਦਰ ਸਿੰਘ ਬੱਬਰ ਅਤੇ ਹੋਰ ਮੈਂਬਰਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਪੱਤਰ ਲਿਖ ਕੇ ਸ਼ਿਕਾਇਤ ਕੀਤੀ ਹੈ ਕਿ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਅਕਾਲੀ ਦਲ ਬਾਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ 22 ਜੂਨ ਨੂੰ ਗੁਰਦੁਆਰਾ ਬੰਗਲਾ ਸਾਹਿਬ ਵਿਚ ਮੀਡੀਆ ਸਾਹਮਣੇ ਖੁਦ ਪ੍ਰਵਾਨ ਕੀਤਾ ਹੈ ਕਿ 2022 ਵਿਚ ਕਮੇਟੀ ਚੋਣਾਂ ਵੇਲੇ ਉਹਨਾਂ ਨੇ ਮੈਂਬਰਾਂ ਨੂੰ 25 ਤੋਂ 30 ਲੱਖ ਰੁਪਏ ਦੇਣ ਦਾ ਵਾਅਦਾ ਕੀਤਾ ਸੀ ਜਿਸਦੇ ਇਵਜ਼ ਵਿਚ ਉਹਨਾਂ ਵੋਟਾਂ ਸਾਨੂੰ ਪਾਉਣੀਆਂ ਸਨ। ਉਹਨਾਂ ਕਿਹਾ ਕਿ ਇਹ ਇਕਬਾਲੀਆ ਬਿਆਨ ਬਹੁਤ ਹੀ ਗੰਭੀਰ ਹੈ ਅਤੇ ਵੋਟਾਂ ਦੀ ਖਰੀਦੋ ਫਰੋਖ਼ਤ ਕਰਨਾ ਇਖਲਾਕੀ ਅਤੇ ਕਾਨੂੰਨੀ ਦੋਵਾਂ ਤਰੀਕੇ ਨਾਲ ਜ਼ੁਰਮ ਹੈ। ਉਹਨਾਂ ਕਿਹਾ ਕਿ ਇਸ ਜ਼ੁਰਮ ਨੂੰ ਜਨਤਕ ਤੌਰ 'ਤੇ ਕਬੂਲਣ ਲਈ ਪਰਮਜੀਤ ਸਿੰਘ ਸਰਨਾ ਨੂੰ ਤੁਰੰਤ ਪੰਥ ਵਿਚੋਂ ਛੇਕਿਆ ਜਾਣਾ ਚਾਹੀਦਾ ਹੈ ਅਤੇ ਇਕ ਵਿਸਤ੍ਰਿਤ ਜਾਂਚ ਕਮੇਟੀ ਬਣਾ ਕੇ ਉਹਨਾਂ ਦੇ ਖਿਲਾਫ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਉਹਨਾਂ ਇਹ ਵੀ ਕਿਹਾ ਕਿ ਸਰਨਾ ਨੇ ਗੁਰਦੁਆਰਾ ਬੰਗਲਾ ਸਾਹਿਬ ਵਿਚ ਅਰਦਾਸ ਕਰਨ ਵੇਲੇ ਮਰਿਆਦਾ ਦੀ ਵੀ ਘੋਰ ਉਲੰਘਣਾ ਕੀਤੀ ਹੈ, ਉਸਦਾ ਵੀ ਨੋਟਿਸ ਲਿਆ ਜਾਣਾ ਚਾਹੀਦਾ ਹੈ ਤੇ ਇਸ ਮਾਮਲੇ ਵਿਚ ਵੀ ਉਹਨਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।



# ਲੁਧਿਆਣਾ ਤੋਂ ਸੰਜੀਵ ਅਰੋੜਾ ਦੀ ਸ਼ਾਨਦਾਰ ਜਿੱਤ ਤੇ ਰਣਬੀਰ ਸਿੰਘ ਭੁੱਲਰ ਦਾ ਕਰਵਾਇਆ ਮੂੰਹ ਮਿੱਠਾ



**ਫ਼ਿਰੋਜ਼ਪੁਰ, 23 ਜੂਨ (ਮਨੋਹਰ ਲਾਲ) :—** ਸੰਜੀਵ ਅਰੋੜਾ ਦੀ ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ ਤੇ ਰਣਬੀਰ ਸਿੰਘ ਭੁੱਲਰ ਐਮ.ਐਲ.ਏ ਫਿਰੋਜ਼ਪੁਰ ਸ਼ਹਿਰੀ ਦਾ ਬਲਰਾਜ ਸਿੰਘ ਕਟੋਰਾ ਚੈਅਰਮੈਨ ਮਾਰਕੀਟ ਕਮੇਟੀ ਫਿਰੋਜ਼ਪੁਰ ਤੇ ਮਨਜੀਤ ਸਿੰਘ ਔਲਖ, ਗੁਰਜੀਤ ਸਿੰਘ ਚੀਮਾਂ, ਬਲਦੇਵ ਸਿੰਘ ਮੱਲ੍ਹੀ ਬਲਾਕ ਪ੍ਰਧਾਨ, ਦਿਲਬਾਗ ਸਿੰਘ ਸਰਪੰਚ ਬਲਾਕ ਪ੍ਰਧਾਨ ਤੇ ਵਲੰਟੀਅਰਾਂ ਨੇ ਮੂੰਹ ਮਿੱਠਾ ਕਰਵਾਇਆ ਅਤੇ ਵਧਾਈਆਂ ਦਿੱਤੀਆਂ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਵੱਡੀ ਲੀਡ ਨਾਲ ਮਿਲੀ ਇਹ ਜਿੱਤ ਦਰਸਾਉਂਦੀ ਹੈ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕੰਮਾਂ ਤੋਂ ਬੇਹੱਦ ਖੁਸ਼ ਹਨ। ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਦਿਨ ਰਾਤ ਬਿਨਾਂ ਭੇਦਭਾਵ ਤੇ ਇਮਾਨਦਾਰੀ ਨਾਲ ਕੰਮ ਕਰ ਰਹੇ ਹਨ ਅੱਗੇ ਬੋਲਦਿਆਂ ਰਣਬੀਰ ਸਿੰਘ ਭੁੱਲਰ ਨੇ ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ ਤੇ ਲੁਧਿਆਣਾ ਵਾਸੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨਾਲ ਕੀਤੇ ਹਰ ਇੱਕ ਵਾਅਦੇ ਨੂੰ ਪਹਿਲ ਦੇ ਆਧਾਰ ਤੇ ਪੂਰਾ ਕਰਨ ਲਈ ਸਰਕਾਰ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਜਿੱਤ ਲਈ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਤੇ ਵਲੰਟੀਅਰ ਵਧਾਈ ਦੇ ਪਾਤਰ ਹਨ। ਇਸ ਮੌਕੇ ਮਨਪ੍ਰੀਤ ਸਿੰਘ ਸੰਨੀ, ਅੰਗਰੇਜ਼ ਸਿੰਘ ਫੌਜੀ ਵਾਇਸ ਚੇਅਰਮੈਨ ਪੰਜਾਬ, ਸ਼ਮਸ਼ੇਰ ਸਿੰਘ ਕਲਸੀ ਮੀਤ ਪ੍ਰਧਾਨ, ਸੁਖਮਿੰਦਰ ਸਿੰਘ ਲਾਡੂ ਮੀਤ ਪ੍ਰਧਾਨ, ਅਮਰੀਕ ਸਿੰਘ ਬਲਾਕ ਪ੍ਰਧਾਨ, ਅਮਨਦੀਪ ਸਿੰਘ ਜੱਬਲ ਲਹਿਰੀ, ਦਿਲਬਾਗ ਸਿੰਘ ਬਲਾਕ ਪ੍ਰਧਾਨ, ਸੁਖਵਿੰਦਰ ਸਿੰਘ ਸਿੱਧੂ ਵਸਤੀ ਰਾਮ ਲਾਲ, ਪਿੱਪਲ ਸਿੰਘ ਸਰਪੰਚ, ਹਰਪ੍ਰੀਤ ਸਿੰਘ ਵਸਤੀ ਵਕੀਲਾਂ ਵਾਲੀ, ਨਿਰਮਲ ਸਿੰਘ ਧਾਲੀਵਾਲ, ਡਾਕਟਰ ਗੁਰਪ੍ਰੀਤ ਸਿੰਘ ਸਰਪੰਚ ਫੱਤਾ ਬੋਹੜਾਂ, ਜੁਗਰਾਜ ਸਿੰਘ ਸਰਪੰਚ ਨਿਯਾਮ ਵਾਲਾ, ਲਖਵਿੰਦਰ ਸਿੰਘ ਸਰਪੰਚ, ਦਲਬੀਰ ਸਿੰਘ ਸਰਪੰਚ, ਨਿਸ਼ਾਨ ਸਿੰਘ ਸਰਪੰਚ ਕੁਤਬਦੀਨ ਵਾਲਾ ਆਦਿ ਆਗੂ ਹਾਜਰ ਸਨ।

# ਸਰਨਾ ਅਤੇ ਜੀਕੇ ਨੇ ਦਿੱਲੀ ਕਮੇਟੀ ਵਿਚ ਵਧਦੀ ਸਰਕਾਰੀ ਦਖਲਅੰਦਾਜ਼ੀ ਵਿਰੁੱਧ ਦਿੱਤਾ ਅਸਤੀਫ਼ਾ ਮੋਦੀ ਨੂੰ ਰੋਸ ਪ੍ਰਗਟ ਕਰਦਿਆਂ ਲਿਖਿਆ ਪੱਤਰ

ਨਵੀਂ ਦਿੱਲੀ 23 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਅਤੇ ਸਾਬਕਾ ਦਿੱਲੀ ਕਮੇਟੀ ਪ੍ਰਧਾਨ ਨੇ ਆਪਣੇ ਸਾਥੀ ਸਾਬਕਾ ਦਿੱਲੀ ਕਮੇਟੀ ਪ੍ਰਧਾਨ ਮਨਜੀਤ ਸਿੰਘ ਜੀਕੇ ਨਾਲ ਮਿਲਕੇ ਦੇਸ਼ ਦੇ ਪ੍ਰਧਾਮੰਤਰੀ ਨਰਿੰਦਰ ਮੋਦੀ ਨੂੰ ਦਿੱਲੀ ਕਮੇਟੀ ਅੰਦਰ ਵੱਧ ਰਹੀ ਸਰਕਾਰੀ ਦਖਲਅੰਦਾਜ਼ੀ ਵਿਰੁੱਧ ਰੋਸ ਪੱਤਰ ਲਿਖਦਿਆਂ ਦਿੱਲੀ ਕਮੇਟੀ ਮੈਂਬਰੀ ਤੋਂ ਅਸਤੀਫ਼ਾ ਦੇ ਦਿੱਤਾ। ਉਨ੍ਹਾਂ ਮੋਦੀ ਨੂੰ ਲਿਖੇ ਪੱਤਰ ਵਿਚ ਲਿਖਿਆ ਕਿ ਅਸੀਂ ਤੁਹਾਨੂੰ ਇੱਕ ਅਜਿਹੇ ਫੈਸਲੇ ਬਾਰੇ ਸੂਚਿਤ ਕਰਨ ਲਈ ਲਿਖ ਰਹੇ ਹਾਂ ਜੋ ਰਾਸ਼ਟਰੀ ਰਾਜਧਾਨੀ ਵਿੱਚ ਸਿੱਖ ਭਾਈਚਾਰੇ ਦੁਆਰਾ ਮਹਿਸੂਸ ਕੀਤੇ ਗਏ ਡੂੰਘੇ ਵਿਸ਼ਵਾਸਘਾਤ ਨੂੰ ਦਰਸਾਉਂਦਾ ਹੈ। ਜਿਸ ਕਰਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਪੂਰੀ ਵਿਰੋਧੀ ਧਿਰ ਨੇ ਸਰਬਸੰਮਤੀ ਨਾਲ ਅਸਤੀਫਾ ਦੇਣ ਦਾ ਫੈਸਲਾ ਕੀਤਾ ਹੈ। ਇਹ ਸਮੂਹਿਕ ਅਸਤੀਫਾ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਅਤੇ ਉਨ੍ਹਾਂ ਦੇ ਮੰਤਰੀਆਂ, ਸਰਦਾਰ ਮਨਜਿੰਦਰ ਸਿੰਘ ਸਿਰਸਾ ਅਤੇ ਸ਼੍ਰੀ ਪਰਵੇਸ਼ ਵਰਮਾ ਦੀ ਨਿਗਰਾਨੀ ਹੇਠ ਅਤੇ ਸਰਗਰਮ ਸ਼ਮੂਲੀਅਤ ਨਾਲ ਸਿੱਖ ਧਾਰਮਿਕ ਸੰਸਥਾਵਾਂ ਦੇ ਪੂਰੇ ਪੱਧਰ 'ਤੇ ਰਾਜਨੀਤਿਕ ਹਾਈਜੈਕਿੰਗ ਦਾ ਸਾਡਾ ਜਵਾਬ ਹੈ। ਉਨ੍ਹਾਂ ਦੀ ਅਗਵਾਈ ਵਿੱਚ ਜੋ ਹੋ ਰਿਹਾ ਹੈ ਉਹ ਦਖਲਅੰਦਾਜ਼ੀ ਨਹੀਂ ਹੈ, ਇਹ ਹਮਲਾ ਹੈ। ਇਹ ਨਾ ਸਿਰਫ ਦਿੱਲੀ ਦੇ ਸਿੱਖਾਂ ਦੀ ਭਾਵਨਾ ਦੀ ਉਲੰਘਣਾ ਕਰਦਾ ਹੈ ਬਲਕਿ ਉਨ੍ਹਾਂ ਦੇ ਪੱਤਰ ਦੀ ਵੀ ਉਲੰਘਣਾ ਕਰਦਾ ਹੈ। ਤੁਹਾਡੀ ਸਰਕਾਰ ਪਹੁੰਚ, ਵਿਰਾਸਤ, ਸ਼ਮੂਲੀਅਤ ਦੀ ਗੱਲ ਕਰ ਸਕਦੀ ਹੈ ਜੋ ਦਿੱਲੀ ਦੇ ਸਿੱਖ ਜ਼ਬਰਦਸਤੀ, ਥੋਪਣਾ ਅਤੇ ਅਪਮਾਨ ਸਮਝਦੇ ਹਨ। ਪਰ ਇਤਿਹਾਸ ਇਸ ਪਲ ਨਿਰਣਾ ਕਰੇਗਾ। ਅਸੀਂ ਇਸ ਵਿੱਚ ਸ਼ਾਮਲ ਨਹੀਂ ਹੋਵਾਂਗੇ।



ਸੰਭਾਵੀ ਹੜ੍ਹ ਰੋਕੂ ਪ੍ਰਬੰਧ

# ਕੋਈ ਵੀ ਅਧਿਕਾਰੀ ਡਿਪਟੀ ਕਮਿਸ਼ਨਰ ਦੀ ਲਿਖ਼ਤੀ ਆਗਿਆ ਤੋਂ ਬਿਨਾ ਸਟੇਸ਼ਨ ਨਹੀਂ ਛੱਡੇਗਾ




☛ ਸੰਭਾਵੀ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ 50 ਹਜ਼ਾਰ ਰੇਤੇ ਦੀਆਂ ਬੋਰੀਆਂ ਭਰ ਕੇ ਰੱਖਣ ਦੇ ਆਦੇਸ਼ ☛ਮੀਟਿੰਗ ਤੋਂ ਗੈਰ ਹਾਜ਼ਰ ਰਹਿਣ ਵਾਲੇ ਅਧਿਕਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ☛ ਲੋੜ੍ਹ ਪੈਣ ਉੱਤੇ ਡਿਸਟ੍ਰਿਕ ਡਿਜ਼ਾਸਟਰ ਮੈਨੇਜਮੈਂਟ ਪਲਾਨ ਅਨੁਸਾਰ ਕੰਮ ਕਰਨ ਦੀ ਹਦਾਇਤ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**- ਅਗਾਮੀ ਮੌਨਸੂਨ ਸੀਜ਼ਨ ਦੌਰਾਨ ਹੜ੍ਹ ਵਰਗੀ ਸਥਿਤੀ ਦਾ ਸਾਹਮਣਾ ਕਰਨ ਲਈ ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਨੇ ਸਮੂਹ ਜ਼ਿਲ੍ਹਾ ਪੱਧਰੀ ਅਤੇ ਹੇਠਲੇ ਪੱਧਰ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਉਹਨਾਂ (ਡਿਪਟੀ ਕਮਿਸ਼ਨਰ) ਦੀ ਲਿਖ਼ਤੀ ਆਗਿਆ ਤੋਂ ਬਿਨਾ ਸਟੇਸ਼ਨ ਨਾ ਛੱਡਣ। ਇਹਨਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧੀ ਡਿਪਟੀ ਕਮਿਸ਼ਨਰ ਨੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਸਮਾਂ ਰਹਿੰਦੇ ਕੰਮ ਮੁਕੰਮਲ ਕਰਨ ਦੀ ਹਦਾਇਤ ਕੀਤੀ। ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਸ਼੍ਰੀ ਅਮਿਤ ਬੈਂਬੀ, ਵਧੀਕ ਡਿਪਟੀ ਕਮਿਸ਼ਨਰ (ਵ) ਸ੍ਰ ਸੁਖਚੈਨ ਸਿੰਘ ਪਪੜਾ, ਸਾਰੇ ਐੱਸ ਡੀ ਐੱਮ ਅਤੇ ਵੱਖ ਵੱਖ ਵਿਭਾਗਾਂ ਦੇ ਜ਼ਿਲ੍ਹਾ ਮੁਖੀ ਸ਼ਾਮਿਲ ਸਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੌਸਮ ਵਿਭਾਗ ਅਨੁਸਾਰ ਪੰਜਾਬ ਵਿੱਚ 1 ਜੁਲਾਈ ਨੂੰ ਮੌਨਸੂਨ ਆਉਣ ਦੀ ਸੰਭਾਵਨਾ ਹੈ। ਇਸ ਵਾਰ ਪਿਛਲੇ ਸਾਲਾਂ ਨਾਲੋਂ ਵੱਧ ਮੀਂਹ ਪੈਣ ਦਾ ਵੀ ਖ਼ਦਸ਼ਾ ਹੈ। ਅਜਿਹੀ ਸਥਿਤੀ ਵਿੱਚ ਜੇਕਰ ਹੜ੍ਹ ਆਉਂਦਾ ਹੈ ਤਾਂ ਫੌਰੀ ਤੌਰ ਉੱਤੇ ਰਾਹਤ ਕਾਰਜ ਕਰਨੇ ਪੈਣਗੇ। ਉਹਨਾਂ ਦੇ ਧਿਆਨ ਵਿੱਚ ਆਇਆ ਕਿ ਕੁਝ ਅਧਿਕਾਰੀ ਬਿਨਾ ਦੱਸੇ ਸਟੇਸ਼ਨ ਛੱਡ ਜਾਂਦੇ ਹਨ ਜਿਸ ਕਾਰਨ ਰਾਹਤ ਕਾਰਜ ਪ੍ਰਭਾਵਿਤ ਹੋ ਸਕਦੇ ਹਨ। ਇਸ ਤੋਂ ਬਚਣ ਲਈ ਉਹਨਾਂ ਅਧਿਕਾਰੀਆਂ ਨੂੰ ਬਿਨਾ ਆਗਿਆ ਸਟੇਸ਼ਨ ਤੋਂ ਬਾਹਰ ਨਾ ਜਾਣ ਲਈ ਕਿਹਾ। ਉਹਨਾਂ ਮੀਟਿੰਗ ਵਿੱਚ ਹਾਜ਼ਰ ਨਾ ਹੋਣ ਵਾਲੇ ਅਧਿਕਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨ ਬਾਰੇ ਵੀ ਕਿਹਾ।

**☛ ਘੱਗਰ, ਛੱਪੜ, ਸੀਵਰੇਜ, ਸਾਈਫਨ ਅਤੇ ਗਲੀਆਂ ਨਾਲੀਆਂ ਦੀ ਮੌਨਸੂਨ ਸੀਜ਼ਨ ਤੋਂ ਪਹਿਲਾਂ ਪਹਿਲਾਂ ਕਾਰਵਾਈ ਜਾਵੇ ਸਫ਼ਾਈ - ਸੰਦੀਪ ਰਿਸ਼ੀ**

ਸ਼੍ਰੀ ਸੰਦੀਪ ਰਿਸ਼ੀ ਨੇ ਕਿਹਾ ਕਿ ਕਿਸੇ ਵੀ ਗੰਭੀਰ ਸਥਿਤੀ ਦਾ ਮੁਕਾਬਲਾ ਕਰਨ ਲਈ ਇਕ ਯੋਜਨਾਬੰਦੀ ਹੋਣੀ ਬਹੁਤ ਜ਼ਰੂਰੀ ਹੁੰਦੀ ਹੈ। ਇਸ ਲਈ ਉਹਨਾਂ ਵਧੀਕ ਡਿਪਟੀ ਕਮਿਸ਼ਨਰ (ਜ) ਨੂੰ ਡਿਸਟ੍ਰਿਕ ਡਿਜ਼ਾਸਟਰ ਮੈਨੇਜਮੈਂਟ ਪਲਾਨ ਅਨੁਸਾਰ ਕੰਮ ਕਰਨ ਦੀ ਹਦਾਇਤ ਕੀਤੀ। ਉਹਨਾਂ ਕਿਹਾ ਕਿ ਹੜ੍ਹ ਵਰਗੀ ਸਥਿਤੀ ਤੋਂ ਬਚਣ ਲਈ ਸਭ ਤੋਂ ਜ਼ਰੂਰੀ ਹੈ ਕਿ ਜ਼ਿਲ੍ਹਾ ਸੰਗਰੂਰ ਦੀ ਹਦੂਦ ਅੰਦਰੋਂ ਲੰਘਦੇ ਘੱਗਰ ਦਰਿਆ ਦੀ ਸਫਾਈ ਦਾ ਕੰਮ 30 ਜੂਨ ਤੋਂ ਪਹਿਲਾਂ ਪਹਿਲਾਂ ਮੁਕੰਮਲ ਕੀਤਾ ਜਾਵੇ। ਸਾਈਫਨ ਦੀ ਸਫਾਈ ਵੀ ਜ਼ਰੂਰੀ ਹੈ। ਇਸੇ ਤਰ੍ਹਾਂ ਪ੍ਰਭਾਵਿਤ ਹੋਣ ਵਾਲੇ ਪਿੰਡਾਂ ਦੇ ਛੱਪੜਾਂ ਦੀ ਸਫਾਈ ਵੀ ਤੁਰੰਤ ਮੁਕੰਮਲ ਕੀਤੀ ਜਾਵੇ। ਲੋਕਾਂ ਦੇ ਘਰਾਂ ਵਿੱਚ ਪਾਣੀ ਨਾ ਵੜੇ ਇਸ ਲਈ ਗਲੀਆਂ ਨਾਲੀਆਂ ਦੀ ਸਫਾਈ ਵੀ ਜ਼ਰੂਰੀ ਹੈ। ਡਿਪਟੀ ਕਮਿਸ਼ਨਰ ਨੇ ਸਮੂਹ ਐੱਸ ਡੀ ਐੱਮਜ਼ ਨੂੰ ਹਦਾਇਤ ਕੀਤੀ ਕਿ ਉਹ ਅਗਲੇ ਦਿਨਾਂ ਦੌਰਾਨ ਨਿੱਜੀ ਤੌਰ ਉੱਤੇ ਸੰਭਾਵੀ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ।

ਪਿੰਡਾਂ ਦੀ ਤਰਜ਼ ਉੱਤੇ ਸ਼ਹਿਰਾਂ ਨੂੰ ਵੀ ਬਰਸਾਤੀ ਪਾਣੀ ਤੋਂ ਬਚਾਉਣ ਦੀ ਲੋੜ ਹੈ। ਇਸ ਲਈ ਸ਼ਹਿਰਾਂ ਦੇ ਸੀਵਰੇਜ ਅਤੇ ਗਲੀਆਂ ਨਾਲੀਆਂ ਦੀ ਸਫਾਈ ਵੀ ਤੁਰੰਤ ਸ਼ੁਰੂ ਕਰਵਾਈ ਜਾਵੇ। ਇਸ ਕੰਮ ਲਈ ਪੰਜਾਬ ਸਰਕਾਰ ਵੱਲੋਂ ਪ੍ਰਾਪਤ ਸੁਪਰ ਸਕਸ਼ਿਨੰਗ ਅਤੇ ਜੈਟਿੰਗ ਮਸ਼ੀਨਾਂ ਦੀ ਪੂਰੀ ਵਰਤੋਂ ਕਰਨ ਬਾਰੇ ਕਿਹਾ ਗਿਆ। ਇਹ ਮਸ਼ੀਨਾਂ ਨੂੰ ਚਲਾਉਣ ਦੀ ਜਿੰਮੇਵਾਰੀ ਸੀਵਰੇਜ ਬੋਰਡ ਦੀ ਹੈ।

ਉਹਨਾਂ ਸਪੱਸ਼ਟ ਕਿਹਾ ਕਿ ਜੇਕਰ ਸ਼ਹਿਰਾਂ ਵਿੱਚ ਪਾਣੀ ਰੁਕਿਆ ਤਾਂ ਲਈ ਕਾਰਜਕਾਰੀ ਅਫ਼ਸਰ ਨਿੱਜੀ ਤੌਰ ਉੱਤੇ ਜਿੰਮੇਵਾਰ ਹੋਣਗੇ। ਉਹਨਾਂ ਵਧੀਕ ਡਿਪਟੀ ਕਮਿਸ਼ਨਰ (ਵ) ਨੂੰ ਕਿਹਾ ਕਿ ਜੇਕਰ ਉਹਨਾਂ ਦੇ ਪੱਧਰ ਉੱਤੇ ਮਗਨਰੇਗਾ ਕੰਮਾਂ ਦੀਆਂ ਮਨਜ਼ੂਰੀਆਂ ਬਕਾਇਆ ਹਨ, ਤਾਂ ਤੁਰੰਤ ਜਾਰੀ ਕੀਤੀਆਂ ਜਾਣ। ਸਫਾਈ ਸਬੰਧੀ ਕਰਵਾਏ ਗਏ ਡਰੋਨ ਸਰਵੇ ਮੁਤਾਬਿਕ ਕੰਮ ਸ਼ੁਰੂ ਕੀਤੇ ਜਾਣ। ਬਰਸਾਤੀ ਮੌਸਮ ਤੋਂ ਪਹਿਲਾਂ ਪਹਿਲਾਂ ਸੰਭਾਵੀ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ 50 ਹਜ਼ਾਰ ਰੇਤੇ ਦੀਆਂ ਬੋਰੀਆਂ ਭਰ ਕੇ ਰੱਖਣ ਦੇ ਆਦੇਸ਼ ਦਿੱਤੇ ਗਏ ਤਾਂ ਜੋ ਕਿਸੇ ਵੀ ਹੰਗਾਮੀ ਸਥਿਤੀ ਪੈਦਾ ਹੋਣ ਉੱਤੇ ਇਹਨਾਂ ਵੀ ਵਰਤੋਂ ਕੀਤੀ ਜਾ ਸਕੇ। ਉਹਨਾਂ ਕਿਹਾ ਕਿ ਤਹਿਸੀਲ ਅਤੇ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਸਥਾਪਤ ਕੀਤੇ ਜਾ ਚੁੱਕੇ ਹਨ। ਰਾਹਤ ਕੈਂਪਾਂ ਦੀ ਸੂਚੀ, ਕਮਿਊਨੀਕੇਸ਼ਨ ਪਲਾਨ, ਹੌਟ ਸਪੌਟ ਸਥਾਨਾਂ ਦੀ ਸੂਚੀ ਵੀ ਤਿਆਰ ਕਰ ਲਈ ਗਈ ਹੈ। ਇਸੇ ਤਰ੍ਹਾਂ ਮੁੱਖ ਖੇਤੀਬਾੜੀ ਅਫ਼ਸਰ ਅਤੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਨੂੰ ਪਸ਼ੂਆਂ ਲਈ ਹਰਾ ਅਤੇ ਸੁੱਕਾ ਚਾਰਾ ਪ੍ਰਬੰਧ ਕਰਨ ਬਾਰੇ ਕਿਹਾ ਗਿਆ। ਉਹਨਾਂ ਸਮੂਹ ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਕਿ ਪ੍ਰਬੰਧ ਸਮੇਂ ਸਿਰ ਮੁਕੰਮਲ ਨਾ ਹੋਣ ਦੀ ਸੂਰਤ ਵਿੱਚ ਇੱਕ ਦੂਜੇ ਖ਼ਿਲਾਫ਼ ਦੋਸ਼ ਮੜ੍ਹਨ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਮੀਟਿੰਗ ਵਿੱਚ ਹਾਜ਼ਰ ਡਰੇਨੇਜ ਵਿਭਾਗ ਦੇ ਐਕਸੀਅਨ ਸ਼੍ਰੀ ਗੁਨਦੀਪ ਬਾਂਸਲ ਨੇ ਦੱਸਿਆ ਕਿ ਘੱਗਰ ਦਰਿਆ ਵਿੱਚ 25000 ਕਿਊਸਿਕ ਪਾਣੀ ਚੱਲਣ ਦੀ ਸਮਰੱਥਾ ਹੈ। ਪਿਛਲੇ ਸਾਲ 745-46 ਫੁੱਟ ਤੱਕ ਪਾਣੀ ਚੱਲਿਆ ਸੀ। ਇਸ ਵਾਰ ਵੀ ਉਮੀਦ ਹੈ ਕਿ ਪਾਣੀ ਇਸ ਪੱਧਰ ਤੋਂ ਘੱਟ ਹੀ ਚੱਲੇਗਾ। ਉਹਨਾਂ ਕਿਹਾ ਕਿ ਪਿਛਲੇ ਸਾਲ ਮਕਰੋੜ ਸਾਹਿਬ ਤੋਂ ਕੜ੍ਹੈਲ ਤੱਕ ਬੰਨ੍ਹ ਨੂੰ 15 ਫੁੱਟ ਚੌੜਾ ਕੀਤਾ ਗਿਆ ਸੀ। ਇਸ ਵਾਰ ਵੀ ਰਹਿੰਦੇ ਬੰਨ੍ਹਾਂ ਦੀ ਮਜ਼ਬੂਤੀ ਲਗਾਤਾਰ ਜਾਰੀ ਹੈ। ਡਿਪਟੀ ਕਮਿਸ਼ਨਰ ਨੇ ਭਰੋਸਾ ਜਤਾਇਆ ਪਿਛਲੇ ਸਾਲ ਮਕਰੋੜ ਸਾਹਿਬ ਤੋਂ ਕੜ੍ਹੈਲ ਤੱਕ ਬੰਨ੍ਹ ਨੂੰ 15 ਫੁੱਟ ਚੌੜਾ ਕਰਨ ਨਾਲ ਸਥਿਤੀ ਨੂੰ ਕਾਬੂ ਹੇਠ ਕਰਕੇ ਰੱਖਣ ਵਿੱਚ ਬਹੁਤ ਮਦਦ ਮਿਲੇਗੀ।

# ਹਠੂਰ ਦੀ ਦਾਣਾ ਮੰਡੀ ਵਿੱਚ ਮੱਕੀ ਅਤੇ ਮੂੰਗੀ ਦੀ ਆਮਦ ਜ਼ੋਰਾਂ 'ਤੇ



**ਹਠੂਰ/ਜਗਰਾਉਂ, (ਵਰਿਆਮ ਹਠੂਰ)**-ਇਤਿਹਾਸਕ ਕਸਬਾ ਹਠੂਰ ਦੀ ਦਾਣਾ ਮੰਡੀ ਵਿੱਚ ਮੌਸਮ ਅਨੁਸਾਰ ਮੂੰਗੀ ਅਤੇ ਮੱਕੀ ਦੀ ਆਮਦ ਜ਼ੋਰਾਂ ਤੇ ਹੈ। ਮੰਡੀ ਜਿੱਥੇ ਮੱਕੀ ਨਾਲ ਭਰੀ ਪਈ ਹੈ। ਉੱਥੇ ਮੂੰਗੀ ਦੀ ਵੀ ਲਗਾਤਾਰ ਆਮਦ ਹੈ। ਤੇ ਲੇਬਰ ਵੱਲੋਂ ਮੱਕੀ ਅਤੇ ਮੂੰਗੀ ਦੀਆਂ ਪੱਖੇ ਲਗਾ ਕੇ ਜਿੱਥੇ ਸਾਫ਼ ਸਫ਼ਾਈਆਂ ਦਾ ਕੰਮ ਚੱਲ ਰਿਹਾ ਹੈ ਉੱਥੇ ਕੰਡਾ ਕਰਕੇ ਬੋਰੀਆਂ ਭਰਨ ਉਪਰੰਤ ਟਰੱਕਾਂ ਰਾਹੀਂ ਲੋਡਿੰਗ ਦਾ ਕੰਮ ਵੀ ਜਾਰੀ ਹੈ। ਜਿਕਰਯੋਗ ਹੈ ਕਿ ਜਿੱਥੇ ਪਹਿਲਾਂ ਕਿਸਾਨਾਂ ਨੂੰ ਮੱਕੀ ਅਤੇ ਮੂੰਗੀ ਵੇਚਣ ਲਈ ਹੋਰ ਦੂਰ ਦੁਰਾਡੇ ਸ਼ਹਿਰਾਂ ਵਿੱਚ ਜਾਣਾ ਪੈਂਦਾ ਸੀ। ਪਰ ਹੁਣ ਮੂੰਗੀ ਅਤੇ ਮੱਕੀ ਦੀ ਫਸਲ ਦੀ ਹਠੂਰ ਮੰਡੀ ਵਿੱਚ ਹੀ ਖਰੀਦ ਹੋਣ ਕਾਰਨ ਕਿਸਾਨ ਹਠੂਰ ਦੀ ਮੰਡੀ ਵਿੱਚ ਹੀ ਆਪਣੀ ਫ਼ਸਲ ਵੇਚ ਰਹੇ ਹਨ। ਮੂੰਗੀ ਅਤੇ ਮੱਕੀ ਦੀ ਹਠੂਰ ਮੰਡੀ ਵਿੱਚ ਖ਼ਰੀਦ ਹੋਣ ਨਾਲ ਜਿੱਥੇ ਮਜ਼ਦੂਰਾਂ ਅਤੇ ਚੌਧਰੀਆਂ ਨੂੰ ਕੰਮ ਮਿਲਿਆ ਹੈ। ਉੱਥੇ ਹਠੂਰ ਮੰਡੀ ਵਿੱਚ ਕਣਕ, ਅਤੇ ਝੋਨੇ ਦੀ ਫ਼ਸਲ ਵਾਂਗ ਮੂੰਗੀ ਅਤੇ ਮੱਕੀ ਦੀ ਫਸਲ ਆਉਣ ਨਾਲ ਰੌਣਕ ਬਣੀ ਹੋਈ ਹੈ। ਤੇ ਕਿਸਾਨਾਂ ਨੂੰ ਜਿੱਥੇ ਫ਼ਸਲ ਵੇਚਣ ਲਈ ਹਠੂਰ ਮੰਡੀ ਲਾਹੇਵੰਦ ਸਾਬਤ ਹੋ ਰਹੀ ਹੈ ਉੱਥੇ ਮਜ਼ਦੂਰਾਂ ਅਤੇ ਚੌਧਰੀਆਂ ਨੂੰ ਕੰਮ ਮਿਲਣ ਕਾਰਨ ਉਨ੍ਹਾਂ ਦੇ ਚਿਹਰੇ ਤੇ ਰੌਣਕ ਬਣੀ ਹੋਈ ਹੈ। ਗੱਲਬਾਤ ਕਰਦਿਆਂ ਆੜਤੀਆ ਅਤੇ ਪੰਚ ਜਗਦੇਵ ਸਿੰਘ ਬੱਬੂ ਗਰੇਵਾਲ ਅਤੇ ਮਨੀ ਬੇਦੀ ਨੇ ਕਿਹਾ ਕਿ ਇਸ ਵਾਰ ਮੂੰਗੀ ਅਤੇ ਮੱਕੀ ਦੀ ਆਮਦ ਹਠੂਰ ਮੰਡੀ ਵਿੱਚ ਬੜੀ ਜ਼ੋਰਾਂ ਤੇ ਹੈ। ਤੇ ਕਿਸਾਨ ਆਪਣੀ ਫ਼ਸਲ ਮੰਡੀ ਵਿੱਚ ਲਿਆ ਰਹੇ ਹਨ। ਜਿੱਥੇ ਪਹਿਲਾਂ ਕਿਸਾਨਾਂ ਨੂੰ ਮੂੰਗੀ ਅਤੇ ਮੱਕੀ ਦੀ ਫਸਲ ਵੇਚਣ ਲਈ ਹੋਰ ਥਾਵਾਂ ਤੇ ਜਾਣਾ ਪੈਂਦਾ ਸੀ ਤੇ ਹੁਣ ਹਠੂਰ ਮੰਡੀ ਵਿੱਚ ਬੜੀ ਹੀ ਰੌਣਕਾਂ ਲੱਗੀਆਂ ਹੋਈਆਂ ਹਨ ਤੇ ਇਸ ਨਾਲ ਮਜ਼ਦੂਰਾਂ ਨੂੰ ਵੀ ਕੰਮ ਮਿਲਿਆ ਹੈ।

# ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਹੇਰਾਂ ਵਿਖੇ ਦੋ ਏਕੜ ਝੋਨੇ ਦੀ ਸਿੱਧੀ ਬਿਜਾਈ ਮਸ਼ੀਨ ਨਾਲ ਕੀਤੀ ਗਈ









ਮਾਨਯੋਗ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੋਏ ਆਦੇਸ਼ ਅਨੁਸਾਰ ਸ. ਜਗਜੀਤ ਸਿੰਘ ਤਲਵੰਡੀ ਮੈਂਬਰ ਸ਼੍ਰੋਮਣੀ ਕਮੇਟੀ ਦੀ ਦੇਖ ਰੇਖ ਹੇਠ ਖੇਤੀਬਾੜੀ ਯੂਨੀਵਰਸਿਟੀ ਦੇ ਸਹਿਯੋਗ ਸਦਕਾ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਹੇਰਾਂ ਵਿਖੇ ਦੋ ਏਕੜ ਝੋਨੇ ਦੀ ਸਿੱਧੀ ਬਿਜਾਈ ਮਸ਼ੀਨ ਨਾਲ ਕੀਤੀ ਗਈ ਯੂਨੀਵਰਸਿਟੀ ਵੱਲੋਂ ਆਈ ਟੀਮ ਦੇ ਮੈਂਬਰਾਂ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਇਸ ਨਾਲ ਪਾਣੀ ਦੀ ਬਹੁਤ ਬੱਚਤ ਹੁੰਦੀ ਹੈ ਅਤੇ ਜਿਹੜਾ ਝਾੜ ਹੈ ਉਹ ਵੀ ਝੋਨੇ ਦੀ ਬਾਕੀ ਫਸਲ ਦੇ ਬਰਾਬਰ ਹੀ ਰਹਿੰਦਾ ਹੈ ਇਹ ਕੋਈ ਘਾਟੇ ਵਾਲਾ ਸੌਦਾ ਨਹੀਂ ਹੈ ਇਹ ਪਹਿਲੀ ਵਾਰ ਟਰਾਇਲ ਗੁਰਦੁਆਰਾ ਸਾਹਿਬ ਦੀ ਜਮੀਨ ਵਿੱਚ ਲਗਾਇਆ ਗਿਆ ਇਸ ਸਮੇਂ ਗੁਰਦੁਆਰਾ ਸਾਹਿਬ ਦਾ ਸਮੂਹ ਸਟਾਫ ਹਾਜ਼ਰ ਸੀ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

## ਐਸਐਸਪੀ ਮੈਡਮ ਅਮਨੀਤ ਕੌਂਡਲ ਨੇ

# ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਇੱਕ ਜਨਤਕ ਮੀਟਿੰਗ ਕੀਤੀ





**ਤਲਵੰਡੀ ਸਾਬੋ, 23 ਜੂਨ (ਗੁਰਜੰਟ ਸਿੰਘ ਨਥੇਹਾ)**- ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਚਲਾਈ ਜਾ ਰਹੀ "ਨਸ਼ਿਆਂ ਵਿਰੁੱਧ ਜੰਗ" ਮੁਹਿੰਮ ਤਹਿਤ ਅੱਜ ਰਾਮਾਂ ਮੰਡੀ ਦੇ ਆਰਤੀ ਪੈਲੇਸ ਵਿਖੇ ਐਸ.ਐਸ.ਪੀ ਮੈਡਮ ਅਮਨੀਤ ਕੌਂਡਲ ਦੀ ਅਗਵਾਈ ਹੇਠ ਇੱਕ ਜਨਤਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਜਿੱਥੇ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ, ਉੱਥੇ ਡੀ.ਐਸ.ਪੀ ਤਲਵੰਡੀ ਸਾਬੋ ਰਾਜੇਸ਼ ਕੁਮਾਰ ਸਨੇਹੀ ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਐਸ.ਐਸ.ਪੀ ਮੈਡਮ ਅਮਨੀਤ ਕੌਂਡਲ ਨੇ ਕਿਹਾ ਕਿ ਸੂਬੇ ਵਿੱਚ ਨਸ਼ੀਲੇ ਪਦਾਰਥਾਂ ਦੇ ਗੈਰ-ਕਾਨੂੰਨੀ ਕਾਰੋਬਾਰ ਨੂੰ ਜੜ੍ਹੋਂ ਪੁੱਟਣ ਲਈ ਯਤਨ ਤੇਜ਼ ਕਰ ਦਿੱਤੇ ਗਏ ਹਨ ਅਤੇ ਬਠਿੰਡਾ ਵਿੱਚ 8 ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਢਾਹ ਦਿੱਤੀਆਂ ਗਈਆਂ ਹਨ। ਨਸ਼ਿਆਂ ਵਿਰੁੱਧ ਕੀਤੀ ਗਈ ਇਸ ਵੱਡੀ ਕਾਰਵਾਈ ਬਾਰੇ ਜਾਣਕਾਰੀ ਦਿੰਦੇ ਹੋਏ ਐਸ.ਐਸ.ਪੀ ਮੈਡਮ ਅਮਾਨੀਤ ਕੌਂਡਲ ਨੇ ਕਿਹਾ ਕਿ ਹੁਣ ਤੱਕ ਨਸ਼ਾ ਤਸਕਰਾਂ ਵਿਰੁੱਧ ਕੀਤੀ ਗਈ ਕਾਰਵਾਈ ਵਿੱਚ ਪੁਲਿਸ ਨੇ 10 ਕਿਲੋ ਤੋਂ ਵੱਧ ਹੈਰੋਇਨ, 9 ਕੁਇੰਟਲ 70 ਕਿਲੋ ਭੁੱਕੀ, 13 ਲੱਖ ਰੁਪਏ ਦੀ ਡਰੱਗ ਮਨੀ ਅਤੇ 1.5 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰੀ ਦੇ ਕੇਂਦਰ ਬਣੇ ਪਿੰਡ ਬੀੜ ਤਾਲਾਬ ਵਿੱਚ, ਇੱਕ ਔਰਤ ਜੋ ਨਸ਼ੇ ਦੇ ਕਾਰੋਬਾਰ ਵਿੱਚ ਸ਼ਾਮਲ ਸੀ, ਵੱਲੋਂ ਸਰਕਾਰੀ ਜ਼ਮੀਨ 'ਤੇ ਗੈਰ-ਕਾਨੂੰਨੀ ਉਸਾਰੀ ਕੀਤੀ ਜਾ ਰਹੀ ਸੀ, ਜਿਸ ਨੂੰ ਪੁਲਿਸ ਨੇ ਸਖ਼ਤ ਕਾਰਵਾਈ ਕਰਦਿਆਂ ਢਾਹ ਦਿੱਤਾ। ਉਨ੍ਹਾਂ ਲੋਕਾਂ ਨੂੰ ਦੱਸਿਆ ਕਿ ਨਸ਼ਾ ਤਸਕਰੀ ਦੀ ਆੜ ਵਿੱਚ ਅਜਿਹੀਆਂ ਜਾਇਦਾਦਾਂ ਬਣਾਉਣ ਵਾਲੇ ਵਿਅਕਤੀਆਂ ਬਾਰੇ ਸਰਕਾਰ ਵੱਲੋਂ ਜਾਰੀ ਕੀਤੇ ਗਏ ਵਟਸਐਪ ਨੰਬਰ 'ਤੇ ਜਾਣਕਾਰੀ ਦੇਣ ਵਾਲੇ ਵਿਅਕਤੀਆਂ ਦੀ ਪਛਾਣ ਗੁਪਤ ਰੱਖੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਨੰਬਰ 'ਤੇ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦੇਣ ਵਾਲੇ ਵਿਅਕਤੀਆਂ ਦੀ ਜਾਣਕਾਰੀ ਵੀ ਪੂਰੀ ਤਰ੍ਹਾਂ ਗੁਪਤ ਰੱਖੀ ਗਈ ਹੈ ਅਤੇ ਕਿਸੇ ਵੀ ਨਸ਼ਾ ਤਸਕਰੀ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਦੌਰਾਨ ਲੋਕਾਂ ਨੇ ਰਾਮਾਂ ਥਾਣੇ ਵਿੱਚ ਪੁਲਿਸ ਮੁਲਾਜ਼ਮਾਂ ਦੀ ਘਾਟ ਨੂੰ ਪੂਰਾ ਕਰਨ ਦੀ ਮੰਗ ਕੀਤੀ। ਇਸ ਦੌਰਾਨ ਮਾਰਕੀਟ ਕਮੇਟੀ ਚੇਅਰਪਰਸਨ ਗੁਰਪ੍ਰੀਤ ਕੌਰ, ਬਲਾਕ ਪ੍ਰਧਾਨ ਲਵੇਲ ਸਿੰਘ ਸਿੱਧੂ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਕ੍ਰਿਸ਼ਨ ਕੁਮਾਰ ਕਾਲਾ, ਕੌਂਸਲਰ ਪ੍ਰਵੀਨ ਕੁਮਾਰ ਪੱਕਾ, ਕੌਂਸਲਰ ਮਨੋਜ ਕੁਮਾਰ ਸੀਂਗੋ, ਕੌਂਸਲਰ ਸੰਜੀਵ ਕੁਮਾਰ ਪੱਪੂ, ਕੌਂਸਲਰ ਬੰਤ ਸਿੰਘ ਚੱਠਾ, ਗੁਰਚੇਤ ਸਿੰਘ ਸਿੱਧੂ, ਨਰੇਸ਼ ਕੁਮਾਰ ਠੁਣੀਆ, ਜੈਪਾਲ ਬਖਤੂ, ਵਿਜੇ ਕੁਮਾਰ ਲਹਿਰੀ ਪ੍ਰਧਾਨ ਗਊਸ਼ਾਲਾ ਰਾਮਾਂ, ਅਰਦੋਵੋਕਟ ਸ਼ੈਂਕੀ ਬਖਤੂ, ਅਮਰਜੀਤ ਮਿੱਤਲ, ਅੰਕੁਸ਼ ਗਰਗ, ਗੁਰਪਿੰਦਰ ਸਹਾਰਨ ਅਤੇ ਵੱਡੀ ਗਿਣਤੀ ਵਿੱਚ ਪਿੰਡ ਦੀ ਪੰਚਾਇਤ ਅਤੇ ਲੋਕ ਹਾਜ਼ਰ ਸਨ।

## ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਅਸਾਮ ਤੋਂ

# ਸਜਾਏ ਜਾਣ ਵਾਲੇ ਨਗਰ ਕੀਰਤਨ ਦੇ ਪ੍ਰਬੰਧਾਂ ਸਬੰਧੀ ਯੂਪੀ 'ਚ ਇਕੱਤਰਤਾਵਾਂ



**ਅੰਮ੍ਰਿਤਸਰ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਧੋਬੜੀ ਸਾਹਿਬ ਅਸਾਮ ਤੋਂ ਸਜਾਏ ਜਾ ਰਹੇ ਨਗਰ ਕੀਰਤਨ ਦੇ ਪ੍ਰਬੰਧਾਂ ਸਬੰਧੀ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਨੇ ਉੱਤਰ ਪ੍ਰਦੇਸ਼ ਵਿਖੇ ਕਾਰਸੇਵਾ ਵਾਲੇ ਮਹਾਂਪੁਰਖਾਂ ਅਤੇ ਵੱਖ-ਵੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਇਕੱਤਰਤਾਵਾਂ ਕੀਤੀਆਂ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਗਰ ਕੀਰਤਨ ਦੇ ਪ੍ਰਬੰਧਾਂ ਸਬੰਧੀ ਉੱਤਰ ਪ੍ਰਦੇਸ਼ ਗਏ ਭਾਈ ਅਜੈਬ ਸਿੰਘ ਅਭਿਆਸੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਨਵੰਬਰ 2025 'ਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਦੱਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਤਾਗੱਦੀ ਦਿਵਸ ਦੀ 350 ਸਾਲਾ ਸ਼ਤਾਬਦੀ ਕੌਮੀ ਜਾਹੋ ਜਲਾਲ ਨਾਲ ਮਨਾਈ ਜਾ ਰਹੀ ਹੈ। ਇਸ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਦੇਸ਼ ਦੇ ਵੱਖ-ਵੱਖ ਸਹਿਰਾਂ ਵਿੱਚ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਉਥੇ ਹੀ ਵਿਸ਼ੇਸ਼ ਤੌਰ 'ਤੇ ਨਗਰ ਕੀਰਤਨ ਵੀ ਸਜਾਏ ਜਾਣਗੇ। ਇਸੇ ਤਹਿਤ ਇੱਕ ਵਿਸ਼ੇਸ਼ ਨਗਰ ਕੀਰਤਨ ਗੁਰਦੁਆਰਾ ਧੋਬੜੀ ਸਾਹਿਬ (ਅਸਾਮ) ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਸਜਾਇਆ ਜਾਣਾ ਹੈ। ਉਨ੍ਹਾਂ ਕਿਹਾ ਕਿ ਮਾਨਯੋਗ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਉੱਤਰ ਪ੍ਰਦੇਸ਼ ਵਿਖੇ ਨਗਰ ਕੀਰਤਨ ਦੇ ਸਵਾਗਤ ਅਤੇ ਪ੍ਰਬੰਧਾਂ ਨੂੰ ਲੈ ਕੇ ਬਾਬਾ ਬਚਨ ਸਿੰਘ, ਬਾਬਾ ਸੁਰਿੰਦਰ ਸਿੰਘ ਕਾਰਸੇਵਾ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਨਵੀਂ ਦਿੱਲੀ, ਬਾਬਾ ਪ੍ਰੀਤਮ ਸਿੰਘ ਗੁਰਦੁਆਰਾ ਕਾ ਤਾਲ ਆਗਰਾ, ਬਾਬਾ ਹਰਵਿੰਦਰ ਸਿੰਘ ਇੰਦੌਰ ਤੇ ਹੋਰ ਪ੍ਰਬੰਧਕਾਂ ਨਾਲ ਇਕੱਤਰਤਾਵਾਂ



ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪ੍ਰਬੰਧਕਾਂ ਨੇ ਸ਼ਤਾਬਦੀ ਮੌਕੇ ਸਜਾਏ ਜਾਣ ਵਾਲੇ ਨਗਰ ਕੀਰਤਨ ਦਾ ਯੂਪੀ ਵਿਚ ਭਰਵਾਂ ਸਵਾਗਤ ਕਰਨ ਅਤੇ ਹੋਰ ਪ੍ਰਬੰਧਾਂ ਲਈ ਸ਼੍ਰੋਮਣੀ ਕਮੇਟੀ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਹੈ। ਇਸ ਮੌਕੇ ਯੂਪੀ ਸਿੱਖ ਮਿਸ਼ਨ ਹਾਪੜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ, ਸ. ਸੰਦੀਪ ਸਿੰਘ ਤੇ ਭਾਈ ਸੁਰਿੰਦਰ ਸਿੰਘ ਪੱਟੀ ਆਦਿ ਹਾਜ਼ਰ ਸਨ।

## ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਸਬੰਧੀ ਲੋਕਾਂ ਨੂੰ ਜਾਗਰੂਕ ਕਰਨਾ ਸਮੇਂ ਅਤੇ ਲੋਕਾਂ ਦੀ ਮੁੱਖ ਮੰਗ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 23 ( ਕੁਲਵੰਤ ਸਿੰਘ ਵਿਰਦੀ )**-ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਜਰਨੈਲ ਸਿੰਘ ਜੀ ਨੰਗਲ ਬੇਟ ਨੇੜੇ ਅੱਲੋਵਾਲ ਫਿਲੌਰ ਵਿਖੇ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਅਤੇ ਸਮੂਹ ਸ਼ਹੀਦੀ ਨੂੰ ਸਮਰਪਿਤ ਕਰਵਾਏ ਗਏ ਇੱਕ ਵੱਡੇ ਗੁਰਮਤਿ ਸਮਾਗਮ ਅਤੇ ਕਵੀ ਦਰਬਾਰ ਵਿਚ ਬੋਲਦਿਆਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਜਿਥੇ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਬਾਰੇ ਦੱਸਿਆ ਉਨ੍ਹਾਂ ਨੇ ਗੁਰੂ ਨਾਨਕ ਸਾਹਿਬ ਜੀ ਦੀ ਪਵਿੱਤਰ ਬਾਣੀ ਨੂੰ ਇਕੱਤਰ ਕਰਕੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਚਨਾ ਕੀਤੀ ਅਤੇ ਇਸ ਦੇ ਮੁਖ ਗ੍ਰੰਥੀ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਨੂੰ ਬਣਾਇਆ ਗਿਆ ਇਥੇ ਹੀ ਬਸ ਨਹੀਂ ਜਥੋ ਤੋਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਹੋਇਆ ਉਸ ਵਕਤ ਤੋਂ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਨੇ ਆਪਣੇ ਪਲੰਘੇ ਤੇ ਆਸਨ ਨਹੀਂ ਲਾਈ ਸਗੋਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਹਿੱਤ ਪਲੰਘੇ ਤੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਬਿਰਾਜਮਾਨ ਕਰਕੇ ਆਪਣੇ ਆਸਨ ਥੱਲੇ ਹੀ ਲਾਉਂਦੇ ਰਹੇ, ਐਸੇ ਗੁਰੂ ਜੀ ਦੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਦਿਹਾੜੇ ਮਨਾਉਣੇ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਅਤੇ ਸੰਤ ਬਾਬਾ ਜਰਨੈਲ ਸਿੰਘ ਜੀ ਅਤੇ ਡਾਕਟਰ ਅਮਰਜੋਤ ਸਿੰਘ ਸੰਧੂ ਦਾ ਵੱਡਾ ਉਪਰਾਲਾ ਹੈ ਅਤੇ ਹੁਣ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਆ ਰਹੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾ ਕੇ ਸੰਗਤਾਂ ਨੂੰ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਸਬੰਧੀ ਜਾਗਰੂਕ ਕਰਨਾ ਸਮੇਂ ਅਤੇ ਲੋਕਾਂ ਦੀ ਮੰਗ ਹੈ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੀ ਸ਼ਹੀਦੀ ਨੂੰ ਸਮਰਪਿਤ ਕਰਵਾਏ ਗਏ ਗੁਰਮਤਿ ਸਮਾਗਮ ਅਤੇ ਕਵੀ ਦਰਬਾਰ ਦੀਆਂ ਹਾਜ਼ਰੀਆਂ ਭਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਭਾਈ ਖਾਲਸਾ ਨੇ ਦੱਸਿਆ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਨੂੰ ਸਮਰਪਿਤ ਸਮੂਹ ਧਾਰਮਿਕ ਅਸਥਾਨਾ ਤੇ ਧਾਰਮਿਕ ਸਮਾਗਮ ਕਰਵਾਕੇ ਕੇ ਆ ਰਹੀ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਲੋਕਾਂ ਨੂੰ ਜਾਗਰੂਕ ਕਰਨ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਹੈ ਜੋ ਸਮੇਂ ਅਤੇ ਲੋਕਾਂ ਦੀ ਮੰਗ ਵਾਲਾ ਸ਼ਲਾਘਾਯੋਗ ਕਾਰਜ਼ ਹੈ, ਉਹਨਾਂ ਕਿਹਾ ਅੱਜ ਦੇ ਸਮਾਗਮ ਵਿੱਚ ਵੱਖ ਵੱਖ ਧਾਰਮਿਕ ਸਿਆਸੀ ਸਮਾਜਿਕ ਅਤੇ ਹੋਰ ਲੋਕਾਂ ਵੱਲੋਂ ਸ਼ਾਮਲ ਹੋਣਾ ਸ਼ਲਾਘਾਯੋਗ ਉਪਰਾਲਾ ਹੈ, ਇਸ ਮੌਕੇ ਤੇ ਸਮਾਗਮ ਦੇ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਸਮਸੇਰ ਸਿੰਘ ਜੋਗੇੜੇ ਵਾਲੇ ਤੇ ਹੋਰਾਂ ਵੱਲੋਂ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੀਆਂ ਪੰਥਕ ਸੇਵਾਵਾਂ ਨੂੰ ਮੁੱਖ ਰੱਖਦਿਆਂ ਸਨਮਾਨ ਵੀ ਕੀਤਾ ਗਿਆ ਇਸ ਮੌਕੇ ਤੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਦੇ ਨਾਲ ਵੱਡੀ ਗਿਣਤੀ ਵਿੱਚ ਫੈਡਰੇਸ਼ਨ ਖਾਲਸਾ ਦੇ ਕਾਰਕੁੰਨ ਹਾਜਰ ਸਨ ।

## ਜਗਰਾਉਂ ਵਿਖੇ ਸ਼੍ਰੋਮਣੀ ਗੁਰਮਤਿ ਗ੍ਰੰਥੀ ਸਭਾ ਵੱਲੋਂ ਸਲਾਨਾ ਗੁਰਮਤਿ ਸਮਾਗਮ 4/5 ਅਤੇ 6 ਜੁਲਾਈ ਨੂੰ : ਪ੍ਰਧਾਨ ਗ੍ਰੰਥੀ ਸਭਾ



**ਜਗਰਾਉਂ , (ਵਰਿਆਮ ਹਠੂਰ)**-ਸ਼੍ਰੋਮਣੀ ਗੁਰਮਤਿ ਗ੍ਰੰਥੀ ਸਭਾ (ਪੰਜਾਬ) ਵੱਲੋਂ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਅਤੇ ਮੀਰੀ ਪੀਰੀ ਦਿਵਸ ਨੂੰ ਸਮਰਪਿਤ ਮਹਾਨ ਸਲਾਨਾ ਗੁਰਮਤਿ ਸਮਾਗਮ 4 / 5 ਅਤੇ 6 ਜੁਲਾਈ ਨੂੰ ਗੁਰਦੁਆਰਾ ਭਜਨਗੜ੍ਹ ਸਾਹਿਬ ਮੋਤੀ ਬਾਗ (ਜਗਰਾਉਂ) ਵਿਖੇ ਬੜੀ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਕਰਵਾਏ ਜਾ ਰਹੇ ਹਨ। ਤੇ ਜਿਸ ਦੀਆਂ ਤਿਆਰੀਆਂ ਅਰੰਭ ਕਰ ਦਿੱਤੀਆਂ ਹਨ। ਜਾਣਕਾਰੀ ਦਿੰਦਿਆਂ ਗੁਰਮਤਿ ਗ੍ਰੰਥੀ ਸਭਾ (ਪੰਜਾਬ) ਦੇ ਪ੍ਰਧਾਨ ਭਾਈ ਸੁਖਦੇਵ ਸਿੰਘ ਨਸਰਾਲੀ ਨੇ ਕਿਹਾ ਕਿ 4 ਜੁਲਾਈ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕਰਵਾਏ ਜਾਣਗੇ ਤੇ ਸਮਾਗਮ ਦੀ ਅਰੰਭਤਾ ਹੋਵੇਗੀ। ਤੇ ਸ਼ਾਮ 7 ਵਜੇ ਤੋਂ ਲੈਕੇ 8-30 ਤੱਕ ਕੀਰਤਨ ਦਰਬਾਰ ਸਜਾਇਆ ਜਾਵੇਗਾ, 5 ਜੁਲਾਈ ਸ਼ਾਮ ਨੂੰ ਵੀ 7 ਵਜੇ ਤੋਂ ਲੈਕੇ 9 ਵਜੇ ਤੱਕ ਕੀਰਤਨ ਕੀਰਤਨ ਦਰਬਾਰ ਸਜੇਗਾ, 6 ਜੁਲਾਈ ਨੂੰ ਸਵੇਰੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਉਪਰੰਤ ਖੁੱਲ੍ਹਾ ਕੀਰਤਨ, ਅਤੇ ਢਾਡੀ, ਦਰਬਾਰ ਸਜੇਗਾ ਜਿਸ ਵਿੱਚ ਕੀਰਤਨੀ ਜੱਥੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਢਾਡੀ ਜੱਥੇ ਢਾਢੀ ਕਲਾ ਰਾਹੀਂ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਸਲਾਨਾ ਸਮਾਗਮ ਵਿੱਚ ਗੁਰਸੰਗਤਾਂ ਹਾਜ਼ਰੀਆਂ ਭਰ ਕੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕਰਨਗੀਆਂ, ਅੰਤ ਵਿੱਚ ਉਨ੍ਹਾਂ ਕਿਹਾ ਕਿ 6 ਜੁਲਾਈ ਨੂੰ ਮੁਫ਼ਤ ਹੋਮਿਉਪੈਥਿਕ ਕੈਂਪ ਵੀ ਲਗਾਇਆ ਜਾਵੇਗਾ ਜਿਸ ਵਿੱਚ ਲੋੜਵੰਦਾਂ ਨੂੰ ਦਵਾਈਆਂ ਫ੍ਰੀ ਦਿਤੀਆਂ ਜਾਣਗੀਆਂ ਸਮੂਹ ਸੰਗਤਾਂ ਵੱਡੀ ਗਿਣਤੀ ਵਿੱਚ ਗੁਰਮਤਿ ਸਮਾਗਮ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ, ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ

# ਐਮਰਜੰਸੀ ਦੀ 50ਵੀਂ ਵਰ੍ਹੇਗੰਢ ਮੌਕੇ ਹੋਣ ਵਾਲੇ ਸਮਾਗਮਾਂ ਦੀਆਂ ਤਿਆਰੀਆਂ ਸ਼ੁਰੂ






**ਕੁਰੂਕਸ਼ੇਤਰ, 23 ਜੂਨ (ਆਵਾਜ਼ਿ ਕੌਮ ਬਿਊਰੋ)**- ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਅੱਜ ਸੀ. ਟੀ. ਮਜਿਸਟ੍ਰੇਟ ਰਮਨ ਗੁਪਤਾ ਨਾਲ ਕੁਰੂਕਸ਼ੇਤਰ ਯੂਨੀਵਰਸਿਟੀ ਆਡੀਟੋਰੀਅਮ ਵਿੱਚ 26 ਜੂਨ ਨੂੰ ਹੋਣ ਵਾਲੇ ਸਮਾਗਮ (ਐਮਰਜੰਸੀ ਦੀ 50ਵੀਂ ਵਰ੍ਹੇਗੰਢ) ਸੰਬੰਧੀ ਆਉਣ ਵਾਲੇ VIP'S ਦੇ ਪ੍ਰਬੰਧਾਂ ਸੰਬੰਧੀ ਮੀਟਿੰਗ ਕੀਤੀ। ਕੁਰੂਕਸ਼ੇਤਰ ਯੂਨੀਵਰਸਿਟੀ ਆਡੀਟੋਰੀਅਮ ਵਿੱਚ ਹੋਣ ਵਾਲੇ ਪ੍ਰੋਗਰਾਮ ਸੰਬੰਧੀ ਰਜੀਸਟ੍ਰਾਰ KUK ਡਾ. Lt. ਵਰਿੰਦਰਪਾਲ ਨਾਲ ਮੁਲਾਕਾਤ ਕੀਤੀ। ਅਤੇ ਸਮਾਗਮ ਸਥਾਨ ਆਡੀਟੋਰੀਅਮ ਦਾ ਜਾਇਜਾ ਲਿਆ। ਇਸ ਸਮੇਂ ਪ੍ਰਧਾਨ ਸਾਹਿਬ ਦੇ ਨਾਲ ਸ. ਬਲਵਿੰਦਰ ਸਿੰਘ ਭਿੰਡਰ ਸੰਯੁਕਤ ਸਕੱਤਰ, ਮੈਂਬਰ ਸ. ਗੁਰਨਾਮ ਸਿੰਘ ਲਾਡੀ ਚੇਅਰਮੈਨ ਸਿੱਖਿਆ ਵਿਭਾਗ, ਮੈਂਬਰ ਸ. ਮੇਜਰ ਸਿੰਘ ਚੇਅਰਮੈਨ ਡੇਅਰੀ ਫਾਰਮਿੰਗ, ਵਧੀਕ ਸਕੱਤਰ ਸ. ਸਤਪਾਲ ਸਿੰਘ ਪੀ. ਏ. ਪ੍ਰਧਾਨ ਸਾਹਿਬ, ਸ. ਅਮਰਿੰਦਰ ਸਿੰਘ ਮੀਤ ਸਕੱਤਰ, ਸ. ਜੱਜ ਸਿੰਘ ਚੀਫ ਗੁਰਦੁਆਰਾ ਇੰਸਪੈਕਟਰ, ਸ. ਕਵਲਜੀਤ ਸਿੰਘ ਅਜਰਾਣਾ, ਸ. ਸ਼ਮਸ਼ੇਰ ਸਿੰਘ ਪੀ. ਏ. ਪ੍ਰਧਾਨ ਸਾਹਿਬ, ਸ. ਮਨਜੀਤ ਸਿੰਘ ਡਾਚਰ, ਸ. ਮੁਖਤਿਆਰ ਸਿੰਘ ਸਰਪੰਚ ਬਹੁ ਸਮਾਣਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਛੇਵੇਂ ਪਾਤਸ਼ਾਹ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਮਹਾਨ ਨਗਰ ਕੀਰਤਨ ਸਜਾਇਆ, ਸੰਤ ਬਾਬਾ ਸੁੱਖਾ ਸਿੰਘ ਦਾ ਵਿਸ਼ੇਸ਼ ਸਨਮਾਨ

**ਭਾਈ ਅੰਮ੍ਰਿਤਪਾਲ ਸਿੰਘ ਜੀ ਨੇ ਆਖਿਆ, " ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਇਸ ਨਗਰ ਕੀਰਤਨ ਵਿੱਚ ਸ਼ਮੂਲੀਅਤ ਕੀਤੀ ਗਈ ਹੈ ਅਤੇ ਸੰਪਰਦਾਇ ਵੱਲੋਂ ਸੰਗਤਾਂ ਦੀ ਸੇਵਾ ਵਿੱਚ ਬੱਸਾਂ ਵੀ ਭੇਜੀਆਂ ਗਈਆਂ ....**



**ਤਰਨ ਤਾਰਨ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਛੇਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੂਸਰਾ ਮਹਾਨ ਨਗਰ ਕੀਰਤਨ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਤੋਂ ਆਰੰਭ ਹੋਇਆ, ਜੋ ਕਿ ਵਾਇਆ ਸ੍ਰੀ ਗੋਇੰਦਵਾਲ ਸਾਹਿਬ, ਕਪੂਰਥਲਾ, ਜਲੰਧਰ, ਫਗਵਾੜਾ, ਨਵਾਂ ਸ਼ਹਿਰ, ਮਾਛੀਵਾੜਾ ਸਾਹਿਬ, ਗੁਰਦੁਆਰਾ ਪਰਿਵਾਰ ਵਿਛੋੜਾ ਸਾਹਿਬ, ਕੀਰਤਪੁਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਤੋਂ ਹੁੰਦਾ ਹੋਇਆ ਗੜਸ਼ੰਕਰ ਦੇ ਰਸਤੇ ਗੁਰਦੁਆਰਾ ਚਰਨ ਕਮਲ ਸਾਹਿਬ ਬੰਗਾ, ਬਾਬਾ ਬਕਾਲਾ, ਖਡੂਰ ਸਾਹਿਬ ਦੇ ਰਸਤੇ 26 ਜੂਨ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਵਿਖੇ ਸਮਾਪਤ ਹੋਵੇਗਾ। ਨਗਰ ਕੀਰਤਨ ਦੀ ਆਰੰਭਤਾ ਵੇਲੇ ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ ਸਰਹਾਲੀ ਸਾਹਿਬ ਦੇ ਮੌਜੂਦਾ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਵਿਸ਼ੇਸ਼ ਤੌਰ ਤੇ ਬੱਸਾਂ ਅਤੇ ਸੰਗਤਾਂ ਸਮੇਤ ਸ਼ਾਮਲ ਹੋਏ। ਸੰਪਰਦਾਇ ਵਲੋਂ ਸਾਲ 2023 ਵਿਚ ਹੜ੍ਹਾਂ ਦੌਰਾਨ ਨਿਭਾਈਆਂ ਗਈਆਂ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਪ੍ਰਬੰਧਕਾਂ ਵਲੋਂ ਬਾਬਾ ਜੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਦੇ ਇਕੱਠ ਵਿਚ ਭਾਈ ਧਰਮਿੰਦਰ ਸਿੰਘ (ਮੈਨੇਜਰ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ), ਭਾਈ ਰਾਜਿੰਦਰ ਸਿੰਘ, ਗੁਰੂ ਗੋਬਿੰਦ ਸਿੰਘ ਗਤਕਾ ਸਪੋਰਟਸ ਕਲੱਬ ਦੇ ਮੁੱਖ ਪ੍ਰਬੰਧਕ ਭਾਈ ਅੰਮ੍ਰਿਤਪਾਲ ਸਿੰਘ, ਸਵਿੰਦਰ ਸਿੰਘ, ਪਰਮਜੀਤ ਸਿੰਘ, ਪ੍ਰਭਜੀਤ ਸਿੰਘ, ਸਾਜਨਪ੍ਰੀਤ ਸਿੰਘ, ਸਿਮਰਪ੍ਰੀਤ ਸਿੰਘ ਅਤੇ ਹੋਰ ਕਈ ਪਤਵੰਤੇ ਹਾਜ਼ਰ ਸਨ।

ਇਸ ਮੌਕੇ ਬੋਲਦਿਆਂ ਭਾਈ ਅੰਮ੍ਰਿਤਪਾਲ ਸਿੰਘ ਜੀ ਨੇ ਆਖਿਆ, " ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਇਸ ਨਗਰ ਕੀਰਤਨ ਵਿੱਚ ਸ਼ਮੂਲੀਅਤ ਕੀਤੀ ਗਈ ਹੈ ਅਤੇ ਸੰਪਰਦਾਇ ਵੱਲੋਂ ਸੰਗਤਾਂ ਦੀ ਸੇਵਾ ਵਿੱਚ ਬੱਸਾਂ ਵੀ ਭੇਜੀਆਂ ਗਈਆਂ ਹਨ। ਸੰਤ ਬਾਬਾ ਸੁੱਖਾ ਸਿੰਘ ਜੀ ਸਾਲ 2023 ਦੇ ਹੜ੍ਹਾਂ ਦੌਰਾਨ ਬਹੁਤ ਵੱਡੀਆਂ ਸੇਵਾਵਾਂ ਕਰ ਚੁੱਕੇ ਹਨ, ਜਿਨਾਂ ਦੀ ਸੋਭਾ ਸਾਰੇ ਸੰਸਾਰ ਵਿੱਚ ਫੈਲੀ ਹੋਈ ਹੈ। ਉਨਾਂ ਨੇ ਆਖਿਆ ਕਿ ਅਸੀਂ ਖੁਦ ਹੜਾਂ ਦੌਰਾਨ ਚੱਲਦੀਆਂ ਬੰਨਾਂ ਦੀਆਂ ਸੇਵਾਵਾਂ ਵਿੱਚ ਹਾਜ਼ਰ ਹੁੰਦੇ ਰਹੇ ਹਾਂ, ਅਸੀਂ ਬਾਬਾ ਜੀ ਨੂੰ ਹੱਥੀ ਅਣਥੱਕ ਸੇਵਾ ਕਰਦਿਆਂ ਵੇਖਿਆ ਹੈ। ਆਪ ਜੀ ਦੀ ਪਰਉਪਕਾਰੀ ਸ਼ਖਸ਼ੀਅਤ ਸੇਵਾ ਦੇ ਖੇਤਰ ਵਿਚ ਸਮੁੱਚੇ ਸਮਾਜ ਲਈ ਮਹਾਨ ਪ੍ਰੇਰਨਾਸ੍ਰੋਤ ਹੈ। ਅਸੀਂ ਸਮੂਹ ਸੰਗਤ ਵਲੋਂ ਬਾਬਾ ਜੀ ਦਾ ਹਾਰਦਿਕ ਸਵਾਗਤ ਕਰਦੇ ਹਾਂ ਅਤੇ ਇੱਕ ਸਨਮਾਨ ਚਿੰਨ ਭੇਟ ਕਰਦੇ ਹਾਂ। "

ਆਵਾਜ਼ਿ ਕੌਮ AWAZE QAUM International Newspaper & WEB TV

# ਲੁਧਿਆਣਾ ਜਿਮਨੀ ਚੋਣ ਜਿੱਤਣ ਤੇ ਆਪ ਵਰਕਰਾਂ ਭੰਗੜੇ ਪਾਏ ਤੇ ਲੱਡੂ ਵੰਡ ਕੇ ਖ਼ੁਸ਼ੀ ਮਨਾਈ



**ਚੌਂਕ ਮਹਿਤਾ, 23 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਲੁਧਿਆਣਾ ਜਿਮਨੀ ਚੋਣ ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੀ ਜਿੱਤ ਦੇ ਐਲਾਨ ਤੋਂ ਤੁਰੰਤ ਬਾਅਦ ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਡਾ ਗੁਰਵਿੰਦਰ ਸਿੰਘ ਰੰਧਾਵਾ ਦੇ ਦਫਤਰ ਵਿਚ ਜਸ਼ਨ ਮਨਾਏ ਗਏ। ਇਸ ਦੌਰਾਨ ਬਲਾਕ ਪ੍ਰਧਾਨ ਜਰਮਨ ਉਦੋਨੰਗਲ, ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਘੁਹਾਟਵਿੰਡ, ਬਲਾਕ ਪ੍ਰਧਾਨ ਅਜੈ ਗਾਂਧੀ, ਠੇਕੇਦਾਰ ਲਖਵਿੰਦਰ ਸਿੰਘ ਸਰਪੰਚ ਉਸਮਾਂ, ਬਲਜੀਤ ਸਿੰਘ ਚਾਹਲ ਜੁਆਇਟ ਸੈਕਟਰੀ ਪੰਜਾਬ, ਸਰਪੰਚ ਗੁਰਵੇਲ ਸਿੰਘ ਜਲਾਲ, ਸਰਪੰਚ ਮਨਜੀਤ ਸਿੰਘ ਫੌਜੀ, ਸਰਪੰਚ ਬਲਵਿੰਦਰ ਸਿੰਘ ਰਜਧਾਨ, ਪ੍ਰਧਾਨ ਗੁਰਮੁੱਖ ਸਿੰਘ ਡੇਅਰੀਵਾਲ, ਸਰਪੰਚ ਰਣਜੀਤ ਸਿੰਘ ਮਹਿਤਾ, ਸਰਪੰਚ ਪਰਮਜੀਤ ਕੌਰ ਖੱਬੇ ਰਾਜਪੂਤਾਂ, ਮੇਜਰ ਸਿੰਘ ਫੌਜੀ, ਸਰਪੰਚ ਅਮਰਿੰਦਰ ਸਿੰਘ ਘੁਹਾਟ ਵਿੰਡ, ਸਰਪੰਚ ਸੁਖਜਿੰਦਰ ਸਿੰਘ ਭੱਟੀਕੇ, ਅਮਰਜੀਤ ਸਿੰਘ ਭੋਲਾ, ਸਰਪੰਚ ਪ੍ਰਗਟ ਸਿੰਘ ਬੁੱਟਰ, ਨਿਸ਼ਾਨ ਸਿੰਘ ਗੋਲਡੀ ਦਬੁਰਜੀ, ਸਰਪੰਚ ਸੁਰਜੀਤ ਸਿੰਘ ਸੋਨੂੰ ਭੋਏਵਾਲ, ਪਰਮਜੀਤ ਸਿੰਘ ਪੰਮਾ ਪੰਚ, ਰਸ਼ਪਾਲ ਸਿੰਘ ਨੂਰੀ ਪੰਚ, ਦਲਜੀਤ ਸਿੰਘ ਘਾਨੀ ਪੰਚ, ਅਜੀਤ ਸਿੰਘ ਬੱਬੀ ਪੰਚ, ਸਰਪੰਚ ਬਲਜੀਤ ਸਿੰਘ ਸੈਦੁਕੇ, ਮਨਿੰਦਰਪਾਲ ਸਿੰਘ ਮਹਿਸਮਪੁਰ ਕਲਾਂ, ਬਲਰਾਜ ਸਿੰਘ ਨੰਬਰਦਾਰ, ਦਵਿੰਦਰ ਸਿੰਘ ਨੰਗ.ਲੀ, ਜਗਤਾਰ ਸਿੰਘ ਧਰਮੂਚੱਕ, ਰਾਜਵਿੰਦਰ ਸਿੰਘ ਲਾਡੀ, ਸਰਪੰਚ ਰਕੇਸ਼ ਕੁਮਾਰ ਗੱਗੜਭਾਣਾ, ਗੁਰਸੇਵਕ ਸਿੰਘ ਮਾਰਕੀਟ ਕਮੇਟੀ, ਕਿਰਪਾਲ ਸਿੰਘ ਸੈਦਪੁਰ, ਸਰਪੰਚ ਨਿਸ਼ਾਨ ਸਿੰਘ ਧਰਦਿਉ ਸਮੇਤ ਬਹੁਤ ਸਾਰੇ ਆਪ ਵਰਕਰ ਮੌਜੂਦ ਸਨ। ਜਿਨ੍ਹਾਂ ਨੇ ਢੋਲ ਦੇ ਡਗੇ ਤੇ ਭੰਗੜੇ ਪਾਏ ਗਏ ਅਤੇ ਲੱਡੂ ਵੰਡ ਕੇ ਜਿੱਤ ਦੀ ਖ਼ੁਸ਼ੀ ਮਨਾਈ। ਇਸ ਸਮੇਂ ਚੇਅਰਮੈਨ ਡਾ ਗੁਰਵਿੰਦਰ ਸਿੰਘ ਰੰਧਾਵਾ ਅਤੇ ਹੋਰਨਾਂ ਆਗੂਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਸਮੇਤ ਸਮੁੱਚੀ ਪਾਰਟੀ ਹਾਈਕਮਾਂਡ ਨੂੰ ਮੁਬਾਰਕਬਾਦ ਦਿੱਤੀ ਅਤੇ ਆਖਿਆ ਕਿ ਲੁਧਿਆਣਾ ਪੱਛਮੀ ਤੋਂ ਆਮ ਆਦਮੀ ਪਾਰਟੀ ਨੂੰ ਮਿਲੀ ਵੱਡੀ ਲੀਡ ਨੇ ਇਹ ਸਿੱਧ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਨਾਲ ਖੁਸ਼ ਹਨ, ਜਿਮਨੀ ਚੋਣ ਦੀ ਇਸ ਸ਼ਾਨਦਾਰ ਜਿੱਤ ਨੇ ਸਾਲ 2027 ਦੌਰਾਨ ਪੰਜਾਬ ਵਿੱਚ ਮੁੜ ਆਪ ਸਰਕਾਰ ਬਣਨ ਦਾ ਮੁੱਢ ਬੰਨਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਇਲਾਹੀ ਸ਼ਾਹ ਉਦੋਨੰਗਲ ਮੇਲੇ ਦੀਆਂ ਤਿਆਰੀਆਂ ਮੁਕੰਮਲ

## ਪ੍ਰਸਿੱਧ ਗਾਇਕ 'ਹਰਜੀਤ ਹਰਮਨ' ਦਾ ਲੱਗੇਗਾ ਖੁੱਲਾ ਅਖਾੜਾ




ਚੌਂਕ ਮਹਿਤਾ, 23 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)-ਪੀਰ ਬਾਬਾ ਇਲਾਹੀ ਸ਼ਾਹ ਦੀ ਦਰਗਾਹ ਉਦੋਨੰਗਲ (ਮਹਿਤਾ ਚੌਂਕ) ਵਿਖੇ ਮਨਾਏ ਜਾਂਦੇ ਸਾਲਾਨਾ ਮੇਲੇ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਜਿਸ ਬਾਰੇ ਜਾਣਕਾਰੀ ਦਿੰਦਿਆਂ ਮੇਲੇ ਦੇ ਮੁੱਖ ਪ੍ਰਬੰਧਕ ਅਮਰਜੀਤ ਸਿੰਘ ਭੋਲਾ (ਪੰਚ), ਨੰਬਰਦਾਰ ਮੁਖਵਿੰਦਰ ਸਿੰਘ ਉਦੋਨੰਗਲ ਅਤੇ ਜਸਬੀਰ ਸਿੰਘ ਨਾਹਰ ਨੇ ਦੱਸਿਆ ਕਿ ਇਹ ਮੇਲਾ ਪੂਰੇ ਮਾਝੇ ਇਲਾਕੇ ਵਿਚ ਆਪਣੀ ਵਿਲੱਖਣ ਪਛਾਣ ਬਣਾ ਚੁੱਕਾ ਹੈ, ਇਸ ਵਾਰ ਇਥੇ ਪਿਛਲੇ ਸਾਲਾਂ ਤੋਂ ਵੀ ਜਿਆਦਾ ਇਕੱਠ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਜਿਸ ਨੂੰ ਮੁੱਖ ਰੱਖਦਿਆਂ ਮੇਲੇ ਦੇ ਪ੍ਰਬੰਧ ਪਹਿਲਾਂ ਨਾਲੋ ਖੁੱਲੇ ਕੀਤੇ ਜਾਣਗੇ।

ਉਨਾਂ ਦੱਸਿਆ ਕਿ ਇਹ 2 ਰੋਜਾ ਮੇਲਾ 4 ਤੇ 5 ਜੁਲਾਈ ਨੂੰ ਮਨਾਇਆ ਜਾਵੇਗਾ। ਜਿਸ ਦੌਰਾਨ ਮੇਲੇ ਦੇ ਪਹਿਲੇ ਦਿਨ ਬਾਬਾ ਪਾਲਾ ਜੀ ਕਬੱਡੀ ਕਲੱਬ ਲੋਹਗੜ੍ਹ, ਬਾਬਾ ਦੀਪ ਸਿੰਘ ਜੀ ਕਬੱਡੀ ਕਲੱਬ ਸ਼ਿਕਾਰ ਮਾਸੀਆਂ, ਸੰਤ ਬਾਬਾ ਹਜ਼ਾਰਾ ਸਿੰਘ ਜੀ ਕਬੱਡੀ ਕਲੱਬ ਨੜਾਂਵਾਲੀ ਤੇ ਅਜੂਬਾ ਸਿਟੀ ਕਬੱਡੀ ਕਲੱਬ ਕੈਲੇਫੋਰਨੀਆਂ ਦਰਮਿਆਨ ਕਬੱਡੀ ਦੇ ਫਸਵੇਂ ਮੈਚ ਖੇਡੇ ਜਾਣਗੇ। ਇਸ ਤੋਂ ਇਲਾਵਾ ਬਜੁਰਗਾਂ ਦੀ ਕਬੱਡੀ ਦਾ ਸ਼ੋਅ ਮੈਚ ਹੋਵੇਗਾ। ਉਨਾਂ ਕਿਹਾ ਕਿ ਇਸ ਸਮੇਂ ਕਿਸੇ ਵੀ ਰਿਵਾਇਤੀ ਖੇਡ ਨੂੰ ਸਮਾਂ ਨਹੀਂ ਮਿਲੇਗਾ। ਮੇਲੇ ਦੇ ਦੂਸਰੇ ਦਿਨ ਪੰਜਾਬੀਆਂ ਦੇ ਦਿਲਾਂ ਦੀ ਧੜਕਣ ਪ੍ਰਸਿੱਧ ਗਾਇਕ 'ਹਰਜੀਤ ਹਰਮਨ' ਦਾ ਖੁੱਲਾ ਅਖਾੜਾ ਲੱਗੇਗਾ। ਇਸੇ ਤਰਾਂ ਗੁਰਮੀਤ ਪੰਜਾਬੀ ਤੇ ਬੀਬਾ ਹੁਸਨਮੀਤ ਦੀ ਗਾਇਕ ਜੋੜੀ ਅਤੇ ਬਾਜ਼ ਸਿੰਘ ਬਾਜ ਤੇ ਬੀਬਾ ਸੁਖਵੰਤ ਸੁਖੀ ਦੀ ਗਾਇਕ ਜੋੜੀ ਆਪਣੇ ਮਸ਼ਹੂਰ ਲੋਕ ਗੀਤਾਂ ਨਾਲ ਮਾਹੌਲ ਨੂੰ ਸੱਭਿਆਚਾਰਕ ਰੰਗ ਵਿਚ ਰੰਗੇਗੀ।

ਉਕਤ ਪ੍ਰਬੰਧਕਾਂ ਨੇ ਦੱਸਿਆ ਕਿ ਬਾਬਾ ਜੀਵਨ ਸਿੰਘ ਯੂਥ ਕਲੱਬ ਉਦੋਂ ਨੰਗਲ ਖੁਰਦ ਅਤੇ ਘੜੁੱਕਾ ਯੂਨੀਅਨ ਵੱਲੋ ਮੇਲੇ ਦੇ ਦੋਵੇਂ ਦਿਨ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਜਾਵੇਗੀ ਅਤੇ ਲੰਗਰ ਅਤੁੱਟ ਵਰਤੇਗਾ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਗੁਰਦਿਆਲ ਸਿੰਘ ਤੋਂ ਇਲਾਵਾ ਮੇਲਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਜੇਪਾਲ ਸਿੰਘ, ਰਾਜਾ ਸੇਖੋਂ ਤੇ ਜਗਰੂਪ ਸਿੰਘ ਨਾਗ ਦੋਵੇਂ ਮੁੱਖ ਬੁਲਾਰੇ, ਅਵਤਾਰ ਸਿੰਘ ਇਲੈਕਟ੍ਰੀਸ਼ਨ, ਕੁਲਵੰਤ ਸਿੰਘ ਮਹਿਤਾ, ਮੇਜਰ ਸਿੰਘ, ਸਰਬਜੀਤ ਸਿੰਘ, ਮੁਖਤਾਰ ਸਿੰਘ ਸਾਬੀ, ਕਰਨਬੀਰ ਸਿੰਘ, ਕੁਲਵਿੰਦਰ ਸਿੰਘ ਕਿੰਦਾ, ਸੋਹਣ ਸਿੰਘ, ਸਰਪੰਚ ਕੰਵਲਜੀਤ ਸਿੰਘ, ਦਵਿੰਦਰ ਸਿੰਘ ਗੋਲੂ, ਸ਼ੁਭਦੀਪ ਸਿੰਘ, ਨਿੱਕਾ ਨੰਗਲੀ, ਸਾਜਨ ਦੀਪ ਸਿੰਘ, ਅਕਾਸ਼ ਗਿੱਲ, ਦਿਲਪ੍ਰੀਤ ਸਿੰਘ, ਅਰਮਾਨਦੀਪ ਸਿੰਘ, ਗੁਰਪ੍ਰੀਤ ਸਿੰਘ, ਜੁਗਰਾਜ ਸਿੰਘ ਤੇ ਜਰਮਨਜੀਤ ਸਿੰਘ ਆਦਿ ਕਮੇਟੀ ਮੈਂਬਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243